ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਐਤਵਾਰ, 24 ਨਵੰਬਰ 2024 (ਨਾਨਕਸ਼ਾਹੀ ਸੰਮਤ : ੫੫੬, ੯ ਮੱਘਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਪਾਕਿਸਤਾਨ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ 555ਵੇਂ ਪ੍ਰਕਾਸ਼ ਪੁਰਬ ਮੌਕੇ ਜਾਰੀ ਕੀਤਾ ਵਿਸ਼ੇਸ਼ ਯਾਦਗਾਰੀ ਸਿੱਕਾ

**ਲਾਹੌਰ, 23 ਨਵੰਬਰ (ਆਵਾਜ਼ਿ ਕੌਮ ਬਿਊਰੋ)-** ਪਾਕਿਸਤਾਨ ਨੇ ਸਿੱਖ ਧਰਮ ਦੇ ਬਾਨੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ 555ਵੇਂ ਪ੍ਰਕਾਸ਼ ਪੁਰਬ ਮੌਕੇ ਇਕ ਯਾਦਗਾਰੀ ਸਿੱਕਾ ਜਾਰੀ ਕੀਤਾ ਹੈ। ਇਸ ਵਿਸ਼ੇਸ਼ ਮੌਕੇ 'ਤੇ ਆਯੋਜਿਤ ਪ੍ਰੋਗਰਾਮ 'ਚ ਹਿੱਸਾ ਲੈਣ ਆਏ 2500 ਤੋਂ ਵੱਧ ਭਾਰਤੀ ਸਿੱਖ ਸ਼ਰਧਾਲੂ ਸ਼ਨੀਵਾਰ ਨੂੰ ਆਪਣੇ ਘਰਾਂ ਨੂੰ ਰਵਾਨਾ ਹੋ ਗਏ। ਸ੍ਰੀ ਗੁਰੂ ਨਾਨਕ ਦੇਵ ਜੀ ਦੇ 555ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਮਾਗਮ 14 ਨਵੰਬਰ ਨੂੰ ਗੁਰਦੁਆਰਾ ਜਨਮ ਅਸਥਾਨ ਨਨਕਾਣਾ ਸਾਹਿਬ ਵਿਖੇ ਸ਼ੁਰੂ ਹੋਇਆ ਸੀ, ਜਿੱਥੇ ਸਿੱਖ ਧਰਮ ਦੇ ਬਾਨੀ ਦਾ ਜਨਮ ਹੋਇਆ ਸੀ। ਇੱਥੋਂ ਕਰੀਬ 100 ਕਿਲੋਮੀਟਰ ਦੂਰ ਸਥਿਤ ਗੁਰਦੁਆਰਾ ਸਾਹਿਬ ਵਿਖੇ ਕਰਵਾਏ ਗਏ ਧਾਰਮਿਕ ਸਮਾਗਮ ਵਿੱਚ ਭਾਰਤ ਸਮੇਤ ਦੁਨੀਆ ਭਰ ਦੇ ਸਿੱਖ ਸ਼ਰਧਾਲੂਆਂ ਨੇ ਸ਼ਿਰਕਤ ਕੀਤੀ। ਪਾਕਿਸਤਾਨੀ ਰੁਪਏ ਦੇ 55 ਮੁੱਲ ਵਰਗ ਦੇ ਵਿਸ਼ੇਸ਼ ਯਾਦਗਾਰੀ ਸਿੱਕੇ ਦੇ ਇਕ ਪਾਸੇ ਗੁਰਦੁਆਰਾ ਜਨਮ ਅਸਥਾਨ ਨਨਕਾਣਾ ਸਾਹਿਬ ਦਾ ਚਿੱਤਰ ਹੈ ਅਤੇ ਇਸ ਦੇ ਉੱਪਰ ਅਤੇ ਹੇਠਾਂ ਕ੍ਰਮਵਾਰ '555ਵਾਂ ਪ੍ਰਕਾਸ਼ ਪੁਰਬ' ਅਤੇ 'ਸ੍ਰੀ ਗੁਰੂ ਨਾਨਕ ਦੇਵ ਜੀ 1469-2024' ਲਿਖਿਆ ਹੋਇਆ ਹੈ। ਸਿੱਕੇ ਦੇ ਉਲਟ ਪਾਸੇ, ਉੱਤਰ-ਪੱਛਮ ਦਿਸ਼ਾ ਵਿੱਚ ਇੱਕ ਚੜ੍ਹਦਾ ਹੋਇਆ ਅੱਧਾ ਚੰਦਰਮਾ ਅਤੇ ਪੰਜ-ਕੋਣ ਵਾਲਾ ਤਾਰਾ ਬਣਿਆ ਹੋਇਆ ਹੈ। ਉਪਰਲੇ ਹਿੱਸੇ 'ਤੇ ਘੇਰੇ 'ਤੇ ਉਰਦੂ ਵਿਚ 'ਇਸਲਾਮੀ ਜਮਹੂਰੀਆ ਪਾਕਿਸਤਾਨ' (ਇਸਲਾਮਿਕ ਰੀਪਬਲਿਕ ਆਫ਼ ਪਾਕਿਸਤਾਨ) ਲਿਖਿਆ ਹੋਇਆ ਹੈ ਅਤੇ ਚੰਦਰਮਾ ਦੇ ਹੇਠਾਂ ਕਣਕ ਦੇ 2 ਪੌਦੇ ਹਨ।

### ਬਰਨਾਲਾ 'ਚ ਬਗਾਵਤ ਕਾਰਨ ਜਿੱਤਣ ਤੋਂ ਖੁੰਝੀ 'ਆਪ', ਪਰਿਵਾਰਵਾਦ ਨੇ ਕਾਂਗਰਸ ਡੋਬੀ !

# ਆਪ ਨੇ 3, ਕਾਂਗਰਸ ਨੇ ਜਿੱਤੀ 1 ਸੀਟ

**ਚੰਡੀਗੜ੍ਹ, 23 ਨਵੰਬਰ (ਆਵਾਜ਼ਿ ਕੌਮ ਬਿਊਰੋ)-** ਪੰਜਾਬ ਦੀਆਂ 4 ਵਿਧਾਨ ਸਭਾ ਸੀਟਾਂ 'ਤੇ ਹੋਈਆਂ ਜ਼ਿਮਨੀ ਚੋਣਾਂ 'ਚ ਆਮ ਆਦਮੀ ਪਾਰਟੀ ਨੇ 3 ਸੀਟਾਂ 'ਤੇ ਜਿੱਤ ਹਾਸਲ ਕੀਤੀ ਹੈ। ਇਨ੍ਹਾਂ ਵਿੱਚ ਹੁਸ਼ਿਆਰਪੁਰ ਜ਼ਿਲ੍ਹੇ ਦੇ ਚੱਬੇਵਾਲ ਤੋਂ ਡਾ: ਇਸ਼ਾਂਕ ਕੁਮਾਰ, ਗੁਰਦਾਸਪੁਰ ਜ਼ਿਲ੍ਹੇ ਦੇ ਡੇਰਾ ਬਾਬਾ ਨਾਨਕ ਤੋਂ ਗੁਰਦੀਪ ਸਿੰਘ ਰੰਧਾਵਾ ਤੇ ਸ੍ਰੀ ਮੁਕਤਸਰ ਸਾਹਿਬ ਦੀ ਗਿੱਦੜਬਾਹਾ ਸੀਟ ਤੋਂ ਹਰਦੀਪ ਸਿੰਘ ਡਿੰਪੀ ਢਿੱਲੋਂ ਜੇਤੂ ਰਹੇ। ਬਰਨਾਲਾ ਤੋਂ ਇੱਕ ਸੀਟ ਕਾਂਗਰਸ ਦੇ ਕੁਲਦੀਪ ਸਿੰਘ ਕਾਲਾ ਢਿੱਲੋਂ ਨੇ ਜਿੱਤੀ। ਇਹ ਸੀਟ ਸੰਗਰੂਰ ਤੋਂ ਆਪ ਦੇ ਸੰਸਦ ਮੈਂਬਰ ਬਣੇ ਗੁਰਮੀਤ ਸਿੰਘ ਮੀਤ ਹੇਅਰ ਦਾ ਗੜ੍ਹ ਸੀ। ਉਹ ਇੱਥੋਂ ਲਗਾਤਾਰ ਦੋ ਵਾਰ ਚੋਣ ਜਿੱਤੇ ਸਨ ਪਰ ਇਸ ਵਾਰ ਆਪਣੇ ਕਰੀਬੀ ਦੋਸਤ ਨੂੰ ਟਿਕਟ ਦਿਵਾਉਣ ਨੂੰ ਲੈ ਕੇ




ਪਾਰਟੀ ਵਿੱਚ ਫੁੱਟ ਪੈ ਗਈ। ਕਾਂਗਰਸ ਦੇ ਦੋ ਸੰਸਦ ਮੈਂਬਰਾਂ ਦੀਆਂ ਪਤਨੀਆਂ ਨੂੰ ਚੋਣਾਂ ਵਿੱਚ ਹਾਰ ਦਾ ਸਾਹਮਣਾ ਕਰਨਾ ਪਿਆ। ਗੁਰਦਾਸਪੁਰ ਤੋਂ ਸੰਸਦ ਮੈਂਬਰ ਜਤਿੰਦਰ ਕੌਰ ਨੂੰ ਡੇਰਾ ਬਾਬਾ ਨਾਨਕ ਤੋਂ ਗੁਰਦੀਪ ਸਿੰਘ ਰੰਧਾਵਾ ਨੇ ਹਰਾਇਆ ਸੀ। ਜਦਕਿ ਗਿੱਦੜਬਾਹਾ ਤੋਂ ਲੁਧਿਆਣਾ ਤੋਂ ਸੰਸਦ ਮੈਂਬਰ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਪਤਨੀ ਅੰਮ੍ਰਿਤਾ ਵੜਿੰਗ ਨੂੰ ਹਰਦੀਪ ਸਿੰਘ ਡਿੰਪੀ ਢਿੱਲੋਂ ਨੇ ਹਰਾਇਆ। ਚੱਬੇਵਾਲ ਵਿੱਚ ਆਪ ਦੇ ਇਸ਼ਾਂਕ ਕੁਮਾਰ ਨੇ ਕਾਂਗਰਸ ਦੇ ਰਣਜੀਤ ਕੁਮਾਰ ਨੂੰ 28,690 ਵੋਟਾਂ ਨਾਲ ਹਰਾਇਆ। ਚਾਰ ਸੀਟਾਂ ਵਿੱਚੋਂ ਇਹ ਸਭ ਤੋਂ ਵੱਡੀ ਜਿੱਤ ਹੈ। ਇਸ਼ਾਂਕ ਹੁਸ਼ਿਆਰਪੁਰ ਲੋਕ ਸਭਾ ਸੀਟ ਤੋਂ ਸੰਸਦ ਮੈਂਬਰ ਡਾ: ਰਾਜਕੁਮਾਰ ਚੱਬੇਵਾਲ ਦਾ ਪੁੱਤਰ ਹੈ। ਇੱਥੇ ਇੱਕ ਪਾਸੜ ਲੀਡ ਨੂੰ ਦੇਖਦਿਆਂ ਕਾਂਗਰਸੀ ਉਮੀਦਵਾਰ ਰਣਜੀਤ ਕੁਮਾਰ ਸ਼ੁਰੂ ਵਿੱਚ ਹੀ ਗਿਣਤੀ ਕੇਂਦਰ ਛੱਡ ਕੇ ਚਲੇ ਗਏ ਸਨ। ਜੇ ਬਰਨਾਲਾ ਸੀਟ ਦੀ ਗੱਲ ਕੀਤੀ ਜਾਵੇ ਤਾਂ ਟਿਕਟਾਂ ਦੀ ਵੰਡ ਤੋਂ ਬਾਅਦ ਗੁਰਦੀਪ ਬਾਠ ਦੀ ਬਗਾਵਤ ਕਾਰਨ ਬਰਨਾਲਾ ਸੀਟ 'ਤੇ 'ਆਪ' ਨੂੰ ਨੁਕਸਾਨ ਹੋਇਆ ਹੈ। ਟਿਕਟ ਨਾ ਮਿਲਣ 'ਤੇ ਬਾਠ ਨੇ ਆਜ਼ਾਦ ਉਮੀਦਵਾਰ ਵਜੋਂ ਚੋਣ ਲੜੀ ਸੀ। ਚੋਣ ਵਿੱਚ ਉਨ੍ਹਾਂ ਨੂੰ 16,899 ਵੋਟਾਂ ਮਿਲੀਆਂ, ਜਦੋਂ ਕਿ ਆਪ ਉਮੀਦਵਾਰ ਦੀ ਹਾਰ ਦਾ ਅੰਤਰ ਲਗਭਗ 2 ਹਜ਼ਾਰ ਵੋਟਾਂ ਦਾ ਰਿਹਾ। ਇੱਥੋਂ ਕਾਂਗਰਸ ਦੇ ਕੁਲਦੀਪ ਸਿੰਘ ਕਾਲਾ ਢਿੱਲੋਂ ਜੇਤੂ ਰਹੇ, ਜਿਨ੍ਹਾਂ ਨੂੰ 28,254 ਵੋਟਾਂ ਮਿਲੀਆਂ। ਦੂਜੇ ਨੰਬਰ 'ਤੇ ਰਹੇ 'ਆਪ' ਦੇ ਹਰਿੰਦਰ ਸਿੰਘ ਧਾਲੀਵਾਲ ਨੂੰ 26,097 ਵੋਟਾਂ ਮਿਲੀਆਂ, ਜਦਕਿ ਭਾਜਪਾ ਦੇ ਕੇਵਲ ਸਿੰਘ ਢਿੱਲੋਂ ਨੂੰ 17,958 ਵੋਟਾਂ ਮਿਲੀਆਂ।

## ਕਾਂਗਰਸ ਦੇ ਮੁੜ ਜੜ੍ਹੀਂ ਬੈਠਾ ਪਰਿਵਾਰਵਾਦ ! ਆਪਣੇ ਘਰਦਿਆਂ ਨੂੰ ਨਹੀਂ ਜਿਤਾ ਸਕੇ ਸੰਸਦ ਮੈਂਬਰ

**ਚੰਡੀਗੜ੍ਹ, 23 ਨਵੰਬਰ (ਆਵਾਜ਼ਿ ਕੌਮ ਬਿਊਰੋ)-** ਪੰਜਾਬ ਦੀਆਂ 4 ਵਿਧਾਨ ਸਭਾ ਸੀਟਾਂ 'ਤੇ ਹੋਈਆਂ ਜ਼ਿਮਨੀ ਚੋਣਾਂ 'ਚ ਆਮ ਆਦਮੀ ਪਾਰਟੀ ਨੇ 3 ਸੀਟਾਂ 'ਤੇ ਜਿੱਤ ਹਾਸਲ ਕੀਤੀ ਹੈ। ਇਨ੍ਹਾਂ ਵਿੱਚ ਹੁਸ਼ਿਆਰਪੁਰ ਜ਼ਿਲ੍ਹੇ ਦੇ ਚੱਬੇਵਾਲ ਤੋਂ ਡਾ: ਇਸ਼ਾਂਕ ਕੁਮਾਰ, ਗੁਰਦਾਸਪੁਰ ਜ਼ਿਲ੍ਹੇ ਦੇ ਡੇਰਾ ਬਾਬਾ ਨਾਨਕ ਤੋਂ ਗੁਰਦੀਪ ਸਿੰਘ ਰੰਧਾਵਾ ਤੇ ਸ੍ਰੀ ਮੁਕਤਸਰ ਸਾਹਿਬ ਦੀ ਗਿੱਦੜਬਾਹਾ ਸੀਟ ਤੋਂ ਹਰਦੀਪ ਸਿੰਘ ਡਿੰਪੀ ਢਿੱਲੋਂ ਜੇਤੂ ਰਹੇ। ਕਾਂਗਰਸ ਦੇ ਦੋ ਸੰਸਦ ਮੈਂਬਰਾਂ ਦੀਆਂ ਪਤਨੀਆਂ ਨੂੰ ਚੋਣਾਂ ਵਿੱਚ ਹਾਰ ਦਾ ਸਾਹਮਣਾ ਕਰਨਾ ਪਿਆ। ਗੁਰਦਾਸਪੁਰ ਤੋਂ ਸੰਸਦ ਮੈਂਬਰ ਜਤਿੰਦਰ ਕੌਰ ਨੂੰ ਡੇਰਾ ਬਾਬਾ ਨਾਨਕ ਤੋਂ ਗੁਰਦੀਪ ਸਿੰਘ ਰੰਧਾਵਾ ਨੇ ਹਰਾਇਆ ਸੀ। ਜਦਕਿ ਗਿੱਦੜਬਾਹਾ ਤੋਂ ਲੁਧਿਆਣਾ ਤੋਂ



ਸੰਸਦ ਮੈਂਬਰ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਪਤਨੀ ਅੰਮ੍ਰਿਤਾ ਵੜਿੰਗ ਨੂੰ ਹਰਦੀਪ ਸਿੰਘ ਡਿੰਪੀ ਢਿੱਲੋਂ ਨੇ ਹਰਾਇਆ। ਜ਼ਿਕਰ ਕਰ ਦਈਏ ਕਿ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਲੁਧਿਆਣਾ ਦੇ ਸੰਸਦ ਮੈਂਬਰ ਬਣਨ ਤੋਂ ਬਾਅਦ ਉਨ੍ਹਾਂ ਨੂੰ ਆਪਣੇ ਗਿੱਦੜਬਾਹਾ ਹਲਕੇ ਤੋਂ ਅਸਤੀਫਾ ਦੇਣਾ ਪਿਆ ਸੀ ਉਸੇ ਤਰ੍ਹਾਂ ਸੰਸਦ ਮੈਂਬਰ ਚੁਣੇ ਜਾਣ ਤੋਂ ਬਾਅਦ ਸੁਖਜਿੰਦਰ ਸਿੰਘ ਰੰਧਾਵਾ ਨੇ ਡੇਰਾ ਬਾਬਾ ਨਾਨਕ ਹਲਕਾ ਖਾਲੀ ਕਰ ਦਿੱਤਾ ਸੀ। ਇਨ੍ਹਾਂ ਦੋਵਾਂ ਸੀਟਾਂ ਤੋਂ ਵੜਿੰਗ ਤੇ ਰੰਧਾਵਾ ਆਪਣੇ ਪਰਿਵਾਰ ਵਿੱਚ ਹੀ ਟਿਕਟਾਂ ਰੱਖਣ ਵਿੱਚ ਕਾਮਯਾਬ ਹੋ ਗਏ ਜੋ ਕਿ ਪਾਰਟੀ ਇਹ ਫੈਸਲਾ ਗ਼ਲਤ ਹੁੰਦਾ ਦਿਖਾਈ ਦੇ ਰਿਹਾ ਹੈ। ਗਿੱਦੜਬਾਹਾ ਸੀਟ ਤੋਂ ਆਮ ਆਦਮੀ ਪਾਰਟੀ ਦੇ ਡਿੰਪੀ ਢਿੱਲੋਂ ਨੇ ਅੰਮ੍ਰਿਤਾ ਵੜਿੰਗ ਨੂੰ ਹਰਾਕੇ ਜਿੱਤ ਦਰਜ ਕੀਤੀ ਹੈ ਤੇ ਦੂਜੇ ਪਾਸੇ ਗੁਰਦੀਪ ਰੰਧਾਵਾ ਨੇ ਸੁਖਜਿੰਦਰ ਸਿੰਘ ਰੰਧਾਵਾ ਦੇ ਘਰੋਂ ਜਤਿੰਦਰ ਕੌਰ ਨੂੰ ਹਰਾਇਆ ਹੈ। ਹਾਲਾਂਕਿ ਇਸ ਦਾ ਜ਼ਿਆਦਾ ਰੌਲਾ ਤਾਂ ਨਹੀਂ ਪਿਆ ਸੀ ਪਰ ਇਹ ਗੱਲ ਵਿੱਚੋ-ਵਿੱਚ ਧੁਖਦੀ ਸੀ ਕਿ ਕਾਂਗਰਸ ਨੇ ਵਰਕਰਾਂ ਨੂੰ ਅੱਖੋਂ ਪਰੋਖੇ ਕਰਕੇ ਮੁੜ ਪਰਿਵਾਰਵਾਦ ਨੂੰ ਉੱਪਰ ਰੱਖਿਆ ਹੈ ਜਿਸ ਦਾ ਖਾਮਿਆਜਾ ਹੁਣ ਪਾਰਟੀ ਨੂੰ ਭੁਗਤਣਾ ਪਿਆ ਹੈ।

## ਝੜਪ ਪਿੱਛੋਂ ਕਿਸਾਨਾਂ ਤੇ ਪੁਲਿਸ ਵਿਚਾਲੇ ਪਹਿਲੀ ਮੀਟਿੰਗ, ਕੀ ਨਿਬੜਿਆ ਮਸਲੇ ਦਾ ਹੱਲ ?



**ਬਠਿੰਡਾ, 23 ਨਵੰਬਰ (ਆਵਾਜ਼ਿ ਕੌਮ ਬਿਊਰੋ)-** ਬਠਿੰਡਾ 'ਚ ਭਾਰਤ ਮਾਲਾ ਜ਼ਮੀਨ ਅਕਵਾਇਰ ਮਾਮਲੇ 'ਚ ਕਿਸਾਨਾਂ ਅਤੇ ਪੁਲਿਸ ਦਰਮਿਆਨ ਤਿੱਖੀ ਝੜਪ ਤੋਂ ਬਾਅਦ ਸ਼ਨੀਵਾਰ ਸਵੇਰੇ ਪਹਿਲੀ ਮੀਟਿੰਗ ਹੋਈ। ਮੀਟਿੰਗ ਵਿੱਚ ਮੀਟਿੰਗ ਵਿੱਚ ਡੀਆਈਜੀ ਬਠਿੰਡਾ ਰੇਂਜ, ਡੀਸੀ ਬਠਿੰਡਾ, ਐਸਐਸਪੀ ਬਠਿੰਡਾ ਅਤੇ ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਦੇ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਸਮੇਤ ਕਿਸਾਨ ਲੀਡਰ ਹਾਜ਼ਰ ਰਹੇ।

ਕਿਸਾਨ ਆਗੂਆਂ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਮੀਟਿੰਗ ਵਿੱਚ ਗ੍ਰਿਫਤਾਰ ਕੀਤੇ ਗਏ ਕਿਸਾਨਾਂ ਨੂੰ ਰਿਹਾਅ ਕਰਨ ਸਮੇਤ ਕਿਸਾਨ ਲੀਡਰਾਂ ਤੇ ਦਰਜ ਕੀਤੇ ਗਏ ਪਰਚੇ ਰੱਦ ਕਰਨ ਦੀ ਮੰਗ ਕੀਤੀ ਗਈ। ਇਸ ਤੋਂ ਇਲਾਵਾ ਪੁਲਿਸ ਵੱਲੋਂ ਕਿਸਾਨਾਂ ਦੇ ਖੋਹੇ ਗਏ ਮੋਬਾਇਲ ਅਤੇ ਗੱਡੀਆਂ ਵਾਪਸ ਦੇਣ ਦੀ ਵੀ ਉਠਾਈ ਚੁੱਕੀ ਗਈ। ਆਗੂਆਂ ਨੇ ਦੱਸਿਆ ਕਿ ਪੁਲਿਸ ਪ੍ਰਸ਼ਾਸਨ ਵੱਲੋਂ ਦੋ ਘੰਟੇ ਵਿੱਚ ਸਾਰੇ ਕਿਸਾਨ ਰਿਹਾ ਕਰਨ ਦਾ ਭਰੋਸਾ ਦਿੱਤਾ ਗਿਆ ਹੈ ਅਤੇ ਹੁਣ ਦੋ ਘੰਟੇ ਬਾਅਦ ਪ੍ਰਸ਼ਾਸਨ ਨਾਲ ਮੁੜ ਤੋਂ ਮੀਟਿੰਗ ਹੋਵੇਗੀ। ਉਨ੍ਹਾਂ ਕਿਹਾ ਕਿ ਮੀਟਿੰਗ ਦਾ ਪਹਿਲਾਂ ਏਜੰਡਾ ਸਿਰਫ਼ ਇਹੀ ਹੈ ਕਿ ਪ੍ਰਸ਼ਾਸਨ ਕਿਸਾਨਾਂ ਦੀ ਸਮੱਸਿਆ ਹੱਲ ਕਰਨ ਦਾ ਮਾਹੌਲ ਬਣਾਵੇ। ਪ੍ਰਸਾਸਨ ਵੱਲੋਂ ਇਨ੍ਹਾਂ ਮੰਗਾਂ ਨੂੰ ਲੈ ਕੇ ਹਾਂ ਪੱਖੀ ਰਵੱਈਆ ਅਪਨਾਇਆ ਹੈ ਅਤੇ ਦੋ ਘੰਟੇ ਵਿੱਚ ਸਾਰੇ ਕਿਸਾਨ ਰਿਹਾ ਕਰਨ ਸਮੇਤ ਮੋਬਾਇਲ ਅਤੇ ਗੱਡੀਆਂ ਵੀ ਵਾਪਸ ਕਰਨ ਦਾ ਭਰੋਸਾ ਦਿੱਤਾ ਗਿਆ ਹੈ।

**ਪੁਲਿਸ ਨੇ 250 ਤੋਂ ਵੱਧ ਕਿਸਾਨਾਂ 'ਤੇ ਕੀਤਾ ਸੀ ਪਰਚਾ :** ਦੱਸ ਦਈਏ ਕਿ ਬੀਤੇ ਦਿਨ ਪਿੰਡ ਦੁਨੇਵਾਲਾ 'ਚ ਝੜਪ ਦੌਰਾਨ ਕਈ ਪੁਲਿਸ ਮੁਲਾਜ਼ਮ ਅਤੇ ਕਿਸਾਨ ਜ਼ਖ਼ਮੀ ਹੋ ਗਏ ਸਨ। ਪੁਲਿਸ ਵੱਲੋਂ ਇਸ ਦੌਰਾਨ ਕਿਸਾਨਾਂ ਦੀਆਂ ਕਈਆਂ ਗੱਡੀਆਂ ਜ਼ਬਤ ਕਰ ਲਈਆਂ ਸਨ ਅਤੇ ਕਈਆਂ ਦੇ ਮੋਬਾਈਲ ਵੀ ਖੋਹ ਲਏ ਗਏ ਸਨ। ਨਾਲ ਹੀ ਸੰਗਤ ਮੰਡੀ ਥਾਣੇ ਵਿੱਚ 250 ਤੋਂ ਵੱਧ ਕਿਸਾਨਾਂ 'ਤੇ ਪਰਚੇ ਦਰਜ ਕੀਤੇ ਗਏ ਸਨ।

## ਪੰਜਾਬੀਆਂ ਨੇ ਕਰ ਦਿੱਤਾ ਸਾਫ਼ ! ਸੂਬੇ 'ਚ ਨਹੀਂ ਲੱਗਣਗੇ ਭਾਜਪਾ ਦਾ ਪੈਰ, ਚਾਰੇ ਸੀਟਾਂ ਤੋਂ ਮਿਲੀ ਸ਼ਰਮਨਾਕ ਹਾਰ

**ਚੰਡੀਗੜ੍ਹ, 23 ਨਵੰਬਰ (ਆਵਾਜ਼ਿ ਕੌਮ ਬਿਊਰੋ)-** ਪੰਜਾਬ ਦੀਆਂ 4 ਵਿਧਾਨ ਸਭਾ ਸੀਟਾਂ 'ਤੇ ਹੋਈਆਂ



ਜ਼ਿਮਨੀ ਚੋਣਾਂ 'ਚ ਆਮ ਆਦਮੀ ਪਾਰਟੀ (ਆਪ) ਨੇ 3 ਸੀਟਾਂ 'ਤੇ ਜਿੱਤ ਹਾਸਲ ਕੀਤੀ ਹੈ। ਇਨ੍ਹਾਂ ਵਿੱਚ ਹੁਸ਼ਿਆਰਪੁਰ ਜ਼ਿਲ੍ਹੇ ਦੇ ਚੱਬੇਵਾਲ ਤੋਂ ਡਾ: ਇਸ਼ਾਂਕ ਕੁਮਾਰ, ਗੁਰਦਾਸਪੁਰ ਜ਼ਿਲ੍ਹੇ ਦੇ ਡੇਰਾ ਬਾਬਾ ਨਾਨਕ ਤੋਂ ਗੁਰਦੀਪ ਸਿੰਘ ਰੰਧਾਵਾ ਅਤੇ ਮੁਕਤਸਰ ਦੀ ਗਿੱਦੜਬਾਹਾ ਸੀਟ ਤੋਂ ਹਰਦੀਪ ਸਿੰਘ ਡਿੰਪੀ ਢਿੱਲੋਂ ਜੇਤੂ ਰਹੇ। ਗੌ਼ਰ ਕਰਨ ਵਾਲੀ ਹੈ ਕਿ ਲੋਕ ਸਭਾ ਚੋਣਾਂ ਵਿੱਚ ਚੰਗਾ ਪ੍ਰਦਰਸ਼ਨ ਕਰਨ ਵਾਲੀ ਭਾਰਤੀ ਜਨਤਾ ਪਾਰਟੀ ਇਨ੍ਹਾਂ ਚੋਣਾਂ ਵਿੱਚ ਕਾਫੀ ਪੱਛੜੀ ਹੈ। ਜ਼ਿਕਰ ਕਰ ਦਈਏ ਕਿ ਚਾਰੋਂ ਜ਼ਿਮਨੀ ਚੋਣਾਂ 'ਤੇ ਭਾਜਪਾ ਨੂੰ ਝਟਕਾ ਲੱਗਾ ਹੈ। ਉਹ ਕਿਸੇ ਵੀ ਸੀਟ 'ਤੇ ਦੂਜੇ ਨੰਬਰ 'ਤੇ ਵੀ ਨਹੀਂ ਆ ਸਕੀ। ਦੋ ਵਾਰ ਵਿੱਤ ਮੰਤਰੀ ਰਹੇ ਮਨਪ੍ਰੀਤ ਬਾਦਲ ਗਿੱਦੜਬਾਹਾ ਸੀਟ ਤੋਂ ਤੀਜੇ ਨੰਬਰ 'ਤੇ ਰਹੇ। ਉਨ੍ਹਾਂ ਨੂੰ ਵੀ ਬਾਦਲ ਪਰਿਵਾਰ ਦੀ ਵਿਰਾਸਤ ਦਾ ਲਾਭ ਨਹੀਂ ਮਿਲਿਆ। ਬਰਨਾਲਾ ਤੋਂ ਦੋ ਵਾਰ ਵਿਧਾਇਕ ਰਹਿ ਚੁੱਕੇ ਕੇਵਲ ਢਿੱਲੋਂ ਵੀ ਹਾਰ ਗਏ ਹਨ। ਉਹ ਤੀਜੇ ਸਥਾਨ 'ਤੇ ਰਹੇ। ਡੇਰਾ ਬਾਬਾ ਨਾਨਕ ਤੇ ਚੱਬੇਵਾਲ ਵਿੱਚ ਵੀ ਭਾਜਪਾ ਬੁਰੀ ਤਰ੍ਹਾਂ ਪਛੜ ਗਈ। ਜੇ ਬਰਨਾਲਾ ਸੀਟ ਦੀ ਗੱਲ ਕਰੀਏ ਤਾਂ ਇੱਥੋਂ ਕਾਂਗਰਸ ਦੇ ਕੁਲਦੀਪ ਸਿੰਘ ਕਾਲਾ ਢਿੱਲੋਂ ਜੇਤੂ ਰਹੇ, ਜਿਨ੍ਹਾਂ ਨੂੰ 28,254 ਵੋਟਾਂ ਮਿਲੀਆਂ। ਦੂਜੇ ਨੰਬਰ 'ਤੇ ਰਹੇ 'ਆਪ' ਦੇ ਹਰਿੰਦਰ ਸਿੰਘ ਧਾਲੀਵਾਲ ਨੂੰ 26,097 ਵੋਟਾਂ ਮਿਲੀਆਂ, ਜਦਕਿ ਭਾਜਪਾ ਦੇ ਕੇਵਲ ਸਿੰਘ ਢਿੱਲੋਂ ਨੂੰ 17,958 ਵੋਟਾਂ ਮਿਲੀਆਂ। ਹੁਣ ਗੱਲ ਡੇਰਾ ਬਾਬਾ ਨਾਨਕ ਸੀਟ ਦੀ ਕੀਤੀ ਜਾਵੇ ਤਾਂ ਡੇਰਾ ਬਾਬਾ ਨਾਨਕ ਹਲਕਾ ਬੀਜੇਪੀ ਦੇ ਗੜ੍ਹ ਕਹੇ ਜਾਣ ਵਾਲੇ ਲੋਕ ਸਭਾ ਹਲਕੇ ਗੁਰਦਾਸਪੁਰ ਵਿੱਚ ਆਉਂਦਾ ਹੈ। ਗੁਰਦਾਸਪੁਰ ਤੋਂ ਬੀਜੇਪੀ ਨੇ ਕਈ ਵਾਰ ਲੋਕ ਸਭਾ ਚੋਣ ਜਿੱਤੀ ਹੈ। ਇਸ ਵਾਰ ਬੀਜੇਪੀ ਨੇ ਅਕਾਲੀ ਦਲ ਤੋਂ ਲਿਆਂਦੇ ਸੀਨੀਅਰ ਲੀਡਰ ਰਵੀਕਰਨ ਸਿੰਘ ਕਾਹਲੋਂ ਨੂੰ ਉਮੀਦਵਾਰ ਬਣਾਇਆ ਤਾਂ ਜੋ ਅਕਾਲੀ ਦਲ ਦੀ ਵੋਟ ਵੀ ਬਟੋਰੀ ਜਾ ਸਕੇ। ਇਸ ਦੇ ਬਾਵਜੂਦ ਬੀਜੇਪੀ ਦਾ ਪ੍ਰਦਰਸ਼ਨ ਸ਼ਰਮਨਾਕ ਰਿਹਾ। ਗਿੱਦੜਬਾਹਾ ਹਲਕੇ ਦੀ ਗੱਲ ਕਰੀਏ ਤਾਂ ਇੱਥੋਂ ਮਨਪ੍ਰੀਤ ਸਿੰਘ ਬਾਦਲ ਨੂੰ 11150 ਵੋਟਾਂ ਪਈਆਂ ਹਨ ਉਹ ਇੱਥੋਂ ਤੀਜੇ ਨੰਬਰ ਉੱਤੇ ਆਏ ਹਨ ਹਾਲਾਂਕਿ ਕਿਹਾ ਜਾ ਰਿਹਾ ਹੈ ਕਿ ਉਨ੍ਹਾਂ ਨੂੰ ਕਿਤੇ ਨਾ ਕਿਤੇ ਅਕਾਲੀ ਦਲ ਦੀ ਵੋਟ ਵੀ ਭੁਗਤੀ ਹੈ ਪਰ ਇਸ ਦੇ ਬਾਵਜੂਦ ਵੀ ਉਹ ਕੁਝ ਖ਼ਾਸ ਨਹੀਂ ਕਰ ਸਕੇ। ਜੇ ਚੱਬੇਵਾਲ ਦੇ ਨਤੀਜਿਆਂ ਉੱਤੇ ਵੀ ਨਜ਼ਰ ਮਾਰੀ ਤਾਂ ਇੱਥੋਂ ਸੋਹਣ ਸਿੰਘ ਠੰਡਲ ਨੂੰ 8667 ਵੋਟਾਂ ਮਿਲੀਆਂ ਹਨ। ਤੁਹਾਨੂੰ ਦੱਸ ਦੇਈਏ ਕਿ 2022 ਵਿੱਚ ਇਨ੍ਹਾਂ ਚਾਰ ਸੀਟਾਂ ਵਿੱਚੋਂ ਕਾਂਗਰਸ ਨੇ 3 ਅਤੇ 'ਆਪ' ਨੇ ਇੱਕ ਸੀਟ ਜਿੱਤੀ ਸੀ ਤੇ ਹੁਣ ਇਸ ਦਾ ਬਿਲਕੁਲ ਉਲਟ ਹੋਇਆ ਹੈ। ਹੁਣ ਆਪ ਨੇ 3 ਤੇ ਕਾਂਗਰਸ ਨੇ ਇੱਕ ਸੀਟ ਜਿੱਤੀ ਹੈ।

## ਸੁਖਬੀਰ ਸਿੰਘ ਬਾਦਲ ਦੇ ਤਨਖਾਹੀਆ ਕਰਾਰ ਹੋਣ ਦੇ ਫੈਸਲੇ 'ਤੇ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਦਾ ਵੱਡਾ ਬਿਆਨ

**ਅੰਮ੍ਰਿਤਸਰ, 23 ਨਵੰਬਰ (ਆਵਾਜ਼ਿ ਕੌਮ ਬਿਊਰੋ)-** ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਬਾਰੇ ਬੁਹਤ ਜਲਦ ਹੀ ਫੈਸਲਾ ਲਿਆ ਜਾਵੇਗਾ। ਇਹ ਐਲਾਨ ਅੱਜ ਇੱਥੇ ਵਿਸ਼ਵ ਸਿੱਖ ਵਿੱਦਿਅਕ ਕਾਨਫਰੰਸ 'ਚ ਸ਼ਮੂਲੀਅਤ ਕਰਨ ਉਪਰੰਤ ਸ੍ਰੀ ਅਕਾਲ ਤਖਤ ਸਾਹਿਬ ਜੀ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਕੀਤਾ। ਸਿੰਘ ਸਾਹਿਬ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਦਾ ਮਸਲਾ ਬੁਹਤ ਵੱਡਾ ਹੈ ਅਤੇ ਸੰਸਾਰ ਭਰ ਦੇ ਸਿੱਖਾਂ ਦੀ ਇਸ



ਪਾਸੇ ਨਜ਼ਰ ਹੈ। ਇਸ ਲਈ ਬੁਹਤ ਜਲਦੀ ਹੀ ਸਮੂਹ ਜਥੇਦਾਰ ਸਹਿਬਾਨ ਦੀ ਬੈਠਕ ਬੁਲਾਈ ਜਾ ਰਹੀ ਹੈ ਅਤੇ ਮਸਲਾ ਲਿਆ ਜਾਵੇਗਾ। ਸੁਖਬੀਰ ਸਿੰਘ ਬਾਦਲ ਨੂੰ ਧਾਰਮਿਕ ਜਾਂ ਰਾਜਨੀਤਿਕ ਸਜ਼ਾ ਦੇਣ ਬਾਰੇ ਪੁੱਛਣ ਤੇ ਜਥੇਦਾਰ ਨੇ ਟਾਲਾ ਵੱਟਦੇ ਹੋਏ ਕਿਹਾ ਕਿ ਸਮੇਂ ਅਨੁਸਾਰ ਵੇਖਿਆ ਜਾਵੇਗਾ। ਉਨ੍ਹਾਂ ਨੇ ਇੱਕ ਸਵਾਲ ਦੇ ਜਵਾਬ ਵਿੱਚ ਕਿਹਾ ਕਿ ਪੰਜਾਬ ਸ਼੍ਰੋਮਣੀ ਅਕਾਲੀ ਦਲ ਤੋਂ ਬਿਨਾਂ ਵਿਕਾਸ ਕਰ ਨਹੀਂ ਸਕਦਾ ਹੋਰ ਤਾਂ ਹੋਰ ਕੇਵਲ ਅਤੇ ਕੇਵਲ ਸ਼੍ਰੋਮਣੀ ਅਕਾਲੀ ਦਲ ਨੇ ਹੀ ਪੰਜਾਬ, ਪੰਜਾਬੀ ਤੇ ਪੰਜਾਬੀਅਤ ਦੀ ਗੱਲ ਕੀਤੀ ਹੈ। ਇਸ ਲਈ ਕੌਮ ਦੀ 100 ਸਾਲ ਪੁਰਾਣੀ ਤੇ ਸ਼ਹੀਦਾਂ ਦੀ ਜਥੇਬੰਦੀ ਸ਼੍ਰੋਮਣੀ ਅਕਾਲੀ ਦਲ ਨੂੰ ਤਕੜਾ ਕਰਨ ਬਹੁਤ ਹੀ ਜਰੂਰੀ ਹੈ। ਕਾਬਿਲੇਗੌਰ ਹੈ ਕਿ ਬੀਤੇ ਦਿਨ ਸੁਖਬੀਰ ਸਿੰਘ ਬਾਦਲ ਨੇ ਸ੍ਰੀ ਅਕਾਲ ਤਖਤ ਸਾਹਿਬ ਨੂੰ ਚਿੱਠੀ ਲਿਖੀ ਸੀ। ਜਿਸ 'ਚ ਉਨ੍ਹਾਂ ਨੇ ਜਲਦ ਫੈਸਲਾ ਲੈਣ ਬਾਰੇ ਅਪੀਲ ਕੀਤੀ ਸੀ।

# ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਵਿਰੁੱਧ ਦੂਸ਼ਣਬਾਜ਼ੀ ਕਰਨ ਵਾਲਿਆਂ ਨੂੰ ਚਿਤਾਵਨੀ



ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਭਿੰਡਰਾਂਵਾਲੇ, ਮੁਖੀ ਦਮਦਮੀ ਟਕਸਾਲ, ਪ੍ਰਧਾਨ ਸੰਤ ਸਮਾਜ

ਦਮਦਮੀ ਟਕਸਾਲ ਦੇ ਪ੍ਰਮੁੱਖ ਸਿੰਘਾਂ ਨੇ ਅਕਾਲੀ ਦਲ ਦੇ ਅਨਸਰਾਂ ਵੱਲੋਂ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਵਿਰੁਧ ਕੀਤੀ ਜਾ ਰਹੀ ਦੂਸ਼ਣਬਾਜ਼ੀ ਦਾ ਲਿਆ ਸਖ਼ਤ ਨੋਟਿਸ-ਬਾਬਾ ਜੀ ਖਿਲਾਫ਼ ਘਟੀਆ ਸ਼ਬਦਾਵਲੀ ਅਤੇ ਕੂੜ ਪ੍ਰਚਾਰ ਕਿਸੇ ਵੀ ਕੀਮਤ ’ਤੇ ਬਰਦਾਸ਼ਤ ਨਹੀਂ। ਆਪਣੇ ਆਕਾਵਾਂ ਦੀ ਗਹਿਰੀ ਸਾਜਿਸ਼ ਦਾ ਹਿੱਸਾ ਬਣ ਰਹੇ ਅਕਾਲੀ ਆਗੂ ਅਤੇ ਸ਼੍ਰੋਮਣੀ ਕਮੇਟੀ ਮੈਂਬਰ ਗੁਰਚਰਨ ਸਿੰਘ ਗਰੇਵਾਲ, ਅਕਾਲੀ ਦਲ ਦੇ ਮੁੱਖ ਬੁਲਾਰੇ ਅਤੇ ਸੁਮੇਧ ਸੈਣੀ ਦੀ ਵਕਾਲਤ ਕਰਨ ਵਾਲੇ ਪਰਿਵਾਰ ’ਚੋਂ ਐਡਵੋਕੇਟ ਅਰਸ਼ਦੀਪ ਸਿੰਘ ਕਲੇਰ, ਪਰਮਬੰਸ ਸਿੰਘ ਬੰਟੀ ਰੁਮਾਣਾ ਅਤੇ ਬਾਗੀ ਅਕਾਲੀ ਧੜੇ ’ਚ ਮਨਜੀਤ ਸਿੰਘ ਭੂਰਾ ਕੋਨਾ ਸਮੇਤ ਕਿਸੇ ਵੀ ਅਨਸਰ ਨੂੰ ਸਿੱਖ ਪੰਥ ਦੀ ਸਿਰਮੌਰ ਜਥੇਬੰਦੀ ਦੇ ਮੁਖੀ ਖਿਲਾਫ਼ ਕਿਸੇ ਕੀਮਤ ’ਤੇ ਘਟੀਆ ਬਿਆਨਬਾਜ਼ੀ ਕਰਨ ਦੀ ਇਜ਼ਾਜ਼ਤ ਨਹੀਂ ਦਿੱਤੀ ਜਾ ਸਕਦੀ। ਸਾਡੀ ਸਿੱਖ ਪੰਥ ਦੀ ਅਤੀ ਸਤਿਕਾਰਯੋਗ ਸ਼ਖਸ਼ੀਅਤ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਕਮੇਟੀ ਐਡਵੋਕੇਟ ਸ: ਹਰਜਿੰਦਰ ਸਿੰਘ ਜੀ ਧਾਮੀ ਨੂੰ ਸ਼੍ਰੋਮਣੀ ਕਮੇਟੀ ਦੇ ਪਲੇਟਫਾਰਮ ਤੋਂ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਵਿਰੁੱਧ ਕੀਤੀਆਂ ਗਈਆਂ ਬੇਹੂਦਾ ਟਿੱਪਣੀਆਂ ਦਾ ਸਖ਼ਤ ਨੋਟਿਸ ਲੈਣ ਦੀ ਅਪੀਲ ਹੈ।

ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਪੰਥ ਨੂੰ ਦਰਪੇਸ਼ ਬਹੁਪੱਖੀ ਚੁਣੋਤੀਆਂ ਦਾ ਸਹੀ ਢੰਗ ਨਾਲ ਹੱਲ ਕਰਨ ਦੇ ਸਮਰੱਥ ਹਨ। ਉਨ੍ਹਾਂ ਨੇ ਹਮੇਸ਼ਾ ਪੰਥਕ ਹਿੱਤਾਂ ਅਤੇ ਸਰੋਕਾਰਾਂ ਨੂੰ ਪਹਿਲ ਦਿੱਤੀ ਜਿਨ੍ਹਾਂ ਵਿੱਚ ਗੁਰਬਾਣੀ ਸਿਧਾਂਤ ਦਾ ਪ੍ਰਚਾਰ-ਪ੍ਰਸਾਰ, ਪੰਥਕ ਹਿੱਤਾਂ ਦੀ ਪਹਿਰੇਦਾਰੀ, ਸ਼ਹੀਦੀ ਯਾਦਗਾਰ, ਸ਼ਹੀਦੀ ਗੈਲਰੀ ਅਤੇ ਹੋਰ ਅਨੇਕਾਂ ਕਾਰਸੇਵਾ ਤੇ ਗੁਰੂ ਕੇ ਲੰਗਰਾਂ ਦੇ ਕਾਰਜ ਪ੍ਰਮੁੱਖ ਹਨ ।ਆਪ ਜੀ ਮੌਜੂਦਾ ਸਿਆਸੀ ਵਰਤਾਰਿਆਂ ਦੇ ਚੱਲਦਿਆਂ ਦੇਸ਼-ਵਿਦੇਸ਼ ’ਚ ਸਿੱਖ ਭਾਈਚਾਰੇ ਨੂੰ ਦਰਪੇਸ਼ ਚੁਣੌਤੀਆਂ ਦੇ ਮੱਦੇਨਜ਼ਰ ਸਿੱਖ ਪੰਥ ਨੂੰ ਦੂਰਅੰਦੇਸ਼ੀ ਵਾਲੀ ਲੀਡਰਸ਼ਿਪ ਦੀ ਲੋੜ ਪੂਰੀ ਕਰ ਰਹੇ ਹਨ। ਪੰਜਾਬ ਦੇ ਸਿੱਖਾਂ ਦੀਆਂ ਆਪਣੀਆਂ ਮੰਗਾਂ ਅਤੇ ਸਰੋਕਾਰ ਹਨ ਪਰ ਮਹਾਰਾਸ਼ਟਰ ਸਮੇਤ ਹੋਰਨਾਂ ਸੂਬਿਆਂ ’ਚ ਸਿੱਖਾਂ ਅਤੇ ਨਾਨਕ ਨਾਮ ਲੇਵਾ ਸੰਗਤਾਂ, ਜਿਨ੍ਹਾਂ ’ਚ ਪੰਜਾਬੀ-ਹਿੰਦੂ, ਲੁਬਾਣਾ, ਸਿਕਲੀਗਰ ਅਤੇ ਸਿੰਧੀ ਸਮਾਜ ਸ਼ਾਮਲ ਹਨ, ਦੀਆਂ ਆਪਣੀਆਂ ਲੋੜਾਂ ਹਨ, ਜਿਨ੍ਹਾਂ ਦੀ ਪੂਰਤੀ ਸਥਾਨਕ ਰਾਜ ਸਰਕਾਰਾਂ ਹੀ ਕਰ ਸਕਦੀਆਂ ਹਨ। ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਵੱਲੋਂ ਸਿੱਖ ਸਮਾਜ ਮਹਾਰਾਸ਼ਟਰ ਦੀ ਰਹਿਨੁਮਾਈ ਕਰਦਿਆਂ ਮਹਾਰਾਸ਼ਟਰ ਵਿਧਾਨ ਸਭਾ ਚੋਣਾਂ ਵਿੱਚ ਭਾਜਪਾ ਦੀ ਅਗਵਾਈ ਵਾਲੀ ਮਹਾਯੁਤੀ ਨੂੰ ਦਿੱਤਾ ਗਿਆ ਸਮਰਥਨ ਸਿੱਖ ਭਾਈਚਾਰੇ ਦੇ ਹਿੱਤਾਂ ਪ੍ਰਤੀ ਸੋਚ ਸਮਝ ਕੇ ਲਿਆ ਗਿਆ ਇੱਕ ਦਰੁਸਤ ਫੈਸਲਾ ਹੈ ਜਿਸ ਦੇ ਅਨੇਕਾਂ ਸਾਰਥਕ ਨਤੀਜੇ ਸਾਹਮਣੇ ਆਏ ਹਨ।

ਦਮਦਮੀ ਟਕਸਾਲ ਦੇ ਮੁਖੀ ਦੇ ਉਪਰਾਲਿਆਂ ਸਦਕਾ ਮਹਾਰਾਸ਼ਟਰ ਵਿੱਚ ਸਰਕਾਰ ਨੇ ਸਿੱਖ ਕੌਮ ਦੀ ਭਲਾਈ ਅਤੇ ਵਿਕਾਸ ਲਈ ਕਈ ਨੀਤੀਆਂ ਲਾਗੂ ਕੀਤੀਆਂ ਹਨ। ਇਨ੍ਹਾਂ ਵਿੱਚ ਮਹਾਰਾਸ਼ਟਰ ਸਰਕਾਰ ਵਿੱਚ ਨੁਮਾਇੰਦਗੀ ਸੰਬੰਧੀ ਪਹਿਲੀ ਵਾਰ 11 ਮੈਂਬਰੀ ਸਿੱਖ ਪ੍ਰਤੀਨਿੱਧ ਕਮੇਟੀ ਦਾ ਗਠਨ, ਮਹਾਰਾਸ਼ਟਰ ਘੱਟ- ਗਿਣਤੀ ਕਮਿਸ਼ਨ ਵਿਚ ਸਿੱਖ ਮੈਂਬਰ ਦੀ ਨਿਯੁਕਤੀ, ਮਹਾਰਾਸ਼ਟਰ ਰਾਜ ਪੰਜਾਬੀ ਸਾਹਿਤ ਅਕਾਦਮੀ ਦੀ ਪੁਨਰ ਸੁਰਜੀਤੀ ਆਦਿ ਅਹਿਮ ਅਤੇ ਇਤਿਹਾਸਿਕ ਮੀਲ-ਪੱਥਰ ਵਾਲੇ ਕਦਮ ਸ਼ਾਮਿਲ ਹਨ। ਇਸ ਤੋਂ ਇਲਾਵਾ ਮਹਾਰਾਸ਼ਟਰ ਦੇ ਉੱਪ-ਮੁੱਖ ਮੰਤਰੀ ਅਤੇ ਭਾਜਪਾ ਦੇ ਤਾਕਤਵਰ ਆਗੂ ਦੇਵੇਂਦਰ ਫੜਨਵੀਸ ਕੋਲ ਕੇਂਦਰ ਸਰਕਾਰ ਨਾਲ ਸੰਬੰਧਿਤ ਸਿੱਖ ਮੁੱਦਿਆ ਨੂੰ ਲਿਖਤੀ ਰੂਪ ਵਿਚ ਉਠਾਇਆ ਗਿਆ ਜਿਨ੍ਹਾਂ ’ਚ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਦੀ ਪ੍ਰਬੰਧਕੀ ਕਮੇਟੀ ਦਾ ਮੁੱਦਾ ਸੰਗਤ ਦੀਆਂ ਭਾਵਨਾਵਾਂ ਅਨੁਸਾਰ ਹੱਲ ਕਰਨ ਅਤੇ ਨਿਰੋਲ ਸਿੱਖਾਂ ਦੀ ਪ੍ਰਬੰਧਕੀ ਕਮੇਟੀ ਗਠਿਤ ਕਰਨ, ਤਖ਼ਤ ਸ੍ਰੀ ਸੱਚਖੰਡ ਹਜ਼ੂਰ ਸਾਹਿਬ ਅਤੇ ਤਖ਼ਤ ਸ੍ਰੀ ਪਟਨਾ ਸਾਹਿਬ ਦੇ ਦਰਸ਼ਨਾਂ ਲਈ ਨਵੀਂ ਮੁੰਬਈ ਤੋਂ ਵੰਦੇ-ਭਾਰਤ ਟ੍ਰੇਨਾਂ ਚਲਾਉਣ, ਮੁੰਬਈ ਵਸਦੀ ਗੁਰੂ ਨਾਨਕ ਨਾਮ ਲੇਵਾ ਸੰਗਤ ਨੂੰ ਆਪਣੇ ਧਾਰਮਿਕ ਅਤੇ ਸੱਭਿਆਚਾਰਕ ਪ੍ਰੋਗਰਾਮ ਮਨਾਉਣ ਲਈ ਨਵੀਂ ਮੁੰਬਈ ਵਿਖੇ ਆਡੀਟੋਰੀਅਮ ਹਾਲ, ਭਵਨ, ਡਿਜੀਟਲ ਲਾਇਬ੍ਰੇਰੀ ਅਤੇ ਸੈਮੀਨਰ ਹਾਲ ਆਦਿ ਦੇ ਨਿਰਮਾਣ ਲਈ ਇੱਕ ਵੱਡਾ ਮੈਦਾਨ ਅਲਾਟ ਕੀਤੇ ਜਾਣ, ਸਿੱਖਾਂ ਦੀ ਮਹਾਰਾਸ਼ਟਰ ਅਸੈਂਬਲੀ (MLC) ਵਿੱਚ ਨੁਮਾਇੰਦਗੀ ਯਕੀਨੀ ਬਣਾਉਣ, ਲੁਬਾਣਾ ਸਮਾਜ, ਵਣਜਾਰਾ ਸਮਾਜ ਅਤੇ ਸਿੱਕਲੀਗਰ ਸਮਾਜ ਦੇ ਜ਼ਰੂਰਤਮੰਦ ਲੋਕਾਂ ਦੀਆਂ ਜ਼ਰੂਰਤਾਂ ਪੂਰੀਆਂ ਕਰਦਿਆਂ ਉਨ੍ਹਾਂ ਦੀ ਸਮਾਜਿਕ ਅਤੇ ਆਰਥਿਕ ਹਾਲਤ ਸੁਧਾਰਨ ਲਈ ਲੋੜੀਂਦੀ ਨੀਤੀ ਬਣਾਉਣ ਅਤੇ ਸਿੱਖ ਸਮਾਜ ਦੇ ਨੁਮਾਇੰਦਿਆ ਦਾ ਇੱਕ ਆਰਥਿਕ ਮਹਾ-ਮੰਡਲ ਗਠਿਤ ਕਰਨਾ ਵੀ ਸ਼ਾਮਿਲ ਹਨ।

ਉਪਰੋਕਤ ਤੋਂ ਇਲਾਵਾ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਨੇ ਕੇਂਦਰ ਸਰਕਾਰ ਵੱਲੋਂ ਜੇਲਾਂ ਵਿੱਚ ਲੰਬੇ ਸਮੇਂ ਤੋਂ ਬੰਦ ਸਮੁੱਚੇ ਬੰਦੀ ਸਿੰਘ ਨੂੰ ਬਿਨਾਂ ਕਿਸੇ ਸ਼ਰਤ ਰਿਹਾਅ ਕਰਨ, ਵੱਖ-ਵੱਖ ਸੂਬਿਆਂ ਵਿੱਚ ਸਥਿਤ ਸਿੱਖ ਗੁਰਧਾਮਾਂ ਦੇ ਮਸਲੇ ਜਿਵੇਂ ਗੁਰਦੁਆਰਾ ਡਾਂਗਮਾਰ ਸਾਹਿਬ ਸਿੱਕਮ, ਗੁਰਦੁਆਰਾ ਚੁੰਘ ਗਾਗ ਸਾਹਿਬ ਸਿੱਕਮ, ਗੁਰਦੁਆਰਾ ਗਿਆਨ ਗੋਦੜੀ ਸਾਹਿਬ ਹਰਿਦੁਆਰ (ਉਤਰਾਖੰਡ) ਗੁਰਦੁਆਰਾ ਮੰਗੂ ਮੱਠ ਸਾਹਿਬ ਓਡਿਸ਼ਾ, ਗੁਰਦੁਆਰਾ ਬਾਉਲੀ ਮੱਠ ਸਾਹਿਬ ਜਗਨਨਾਥ ਪੁਰੀ, ਗੁਰਦੁਆਰਾ ਤਪ ਅਸਥਾਨ ਗੁਰੂ ਨਾਨਕ ਦੇਵ ਜੀ ਨੇਚਲਾ (ਅਰੁਣਾਚਲ ਪ੍ਰਦੇਸ਼) ਅਤੇ ਮੇਘਾਲਿਆ ਵਿੱਚ 200 ਸਾਲ ਪੁਰਾਣਾ ਗੁਰਦੁਆਰਾ ਸਾਹਿਬ ਢਾਹੁਣ ਅਤੇ ਪੰਜਾਬੀ ਲੇਨ ਕਾਲੋਨੀ ’ਚ ਸਿੱਖਾਂ ਦੇ ਘਰ ਢਾਹੁਣ ਅਦਿ ਮਾਮਲੇ ਫੌਰੀ ਤੌਰ ’ਤੇ ਹੱਲ ਕੀਤੇ ਜਾਣ, 1974 ਤੋਂ 1995 ਤੱਕ ਪੰਜਾਬ ਵਿਚ ਵਾਪਰੀਆਂ ਘਟਨਾਵਾਂ ਕਾਰਨ ਸਿੱਖਾਂ ਦਾ ਜੋ ਜਾਨੀ ਅਤੇ ਮਾਲੀ ਨੁਕਸਾਨ ਹੋਇਆ ਹੈ, ਉਸ ਲਈ ਸਮੂਹ ਪ੍ਰਭਾਵਿਤ ਪਰਿਵਾਰਾਂ ਨੂੰ ਮਾਲੀ ਮਦਦ ਦੇਣ, ਪੰਜਾਬ ਦੀ ਕਿਸਾਨੀ ਨੂੰ ਸਾਰੀਆਂ ਫਸਲਾਂ ਉੱਤੇ MSP ਦੇਣ, NSA ਵਰਗੇ ਕਾਲੇ ਕਾਨੂੰਨਾਂ ਅਧੀਨ ਪਿਛਲੇ ਸਮੇਂ ਵਿਚ ਜੋ ਸਿੱਖ ਨੌਜਵਾਨ ਜੇਲਾਂ ਵਿਚ ਡੱਕੇ ਗਏ, ਸਮੁੱਚੇ ਸਿੱਖ ਨੌਜਵਾਨਾਂ ਦੀ ਜਲਦੀ ਤੋਂ ਜਲਦੀ ਬਿਨਾਂ ਸ਼ਰਤ ਰਿਹਾਅ ਕਰਨ, ਪੰਜਾਬ ਤੋਂ ਬਾਹਰਲੇ ਸੂਬਿਆਂ ਵਿਚ ਵੱਸਦੇ ਸਿੱਖਾਂ ਦੀ ਭਲਾਈ ਲਈ ਅਤੇ ਉਨ੍ਹਾਂ ਦੇ ਬਣਦੇ ਹੱਕਾਂ ਦੀ ਪੂਰਤੀ ਲਈ ਉਨ੍ਹਾਂ ਨੂੰ ਰਾਜ ਘੱਟ ਗਿਣਤੀ ਕਮਿਸ਼ਨਾਂ ਅਤੇ ਸਿੱਖ ਭਲਾਈ ਬੋਰਡਾਂ ਦਾ ਗਠਨ ਕਰ ਕੇ ਸਿੱਖ ਭਾਈਚਾਰੇ ਨੂੰ ਸਰਕਾਰਾਂ ਵਿੱਚ ਨੁਮਾਇੰਦਗੀ ਦੇਣ ਬਾਰੇ ਮੁੱਦੇ ਉਠਾਏ ਗਏ। ਜਿਸ ’ਤੇ ਸ਼੍ਰੀ ਦੇਵੇਂਦਰ ਫੜਨਵੀਸ ਨੇ ਚੰਗਾ ਹੁੰਗਾਰਾ ਭਰਿਆ ਹੈ। ਨਿਰਸੰਦੇਹ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਦੀ ਅਗਵਾਈ ਅਤੇ ਮਾਰਗ ਦਰਸ਼ਨ ਪੰਥ ਨੂੰ ਦਰਪੇਸ਼ ਬਹੁਪੱਖੀ ਚੁਣੌਤੀਆਂ ਦਾ ਸਹੀ ਢੰਗ ਨਾਲ ਹੱਲ ਕਰਨ ਦੇ ਸਮਰੱਥ ਹੈ। ••

ਆਵਾਜ਼ਿ ਕੌਮ AWAZE QAUM International Newspaper & WEB TV


**ਵੱਲੋਂ: ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਭਾਈ ਸੁਖਦੇਵ ਸਿੰਘ ਅਨੰਦਪੁਰ, ਬੁਲਾਰਾ ਭਾਈ ਜਤਿੰਦਰ ਸਿੰਘ ਅਮਰੀਕਾ ਅਤੇ ਬੁਲਾਰਾ ਭਾਈ ਗੁਰਦੀਪ ਸਿੰਘ ਨੌਲੱਖਾ, ਭਾਈ ਭੁਰਵਿੰਦਰ ਸਿੰਘ ਮਨਟੀਕਾ ਭਾਈ ਸਰਬਜੋਤ ਸਿੰਘ ਰਿਵਰਸਾਈਡ, ਚੇਅਰਮੈਨ ਪਰਮਜੀਤ ਸਿੰਘ ਗੁਰਦੁਆਰਾ ਰਿਵਰਸਾਈਡ ਅਤੇ ਭਾਈ ਮੇਜਰ ਸਿੰਘ ਫਰਿਜ਼ਨੋ**

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ ਪਿੰਡ ਰੋਡੇ 2.6.1947 Birth Pind Rode

ਸ਼ਹੀਦੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ 6.6.1984 Shaheedi Sri Darbar Sahib Amritsar




Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net



ਦਮਦਮੀ ਟਕਸਾਲ

ਨਾਮ ਜਪੋ ਕਿਰਤ ਕਰੋ ਵੰਡ ਛਕੋ | Naam Japo Kirat Karo Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥ WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



ਆਵਾਜ਼ਿ ਕੌਮ

Daily Newspaper from U.K.

Publisher/Chief Editor

***Raghbir Singh Walsal***

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :

+447458381111

+447976210161

+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ ਯੂ.ਕੇ. ਮੁੱਖ ਸੰਪਾਦਕ

Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ


## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS

PURE AND NATURAL 100% VEGETARIAN

Enjoy Real Taste of PUNJAB

KD

FULLY A.C. HALL

Khehra VAISHNO DHABA

BREAKFAST LUNCH DINNER

OUR SPECIALIZATION : Au Important Ingredients used to Prepare Dishes are Grown in our own farmes.

- Soup
- Burger
- Sandwich
- Pizza
- Grilled Breads
- Continental Fast Food
- Tandoori Snacks
- Tandoori Breads
- Biryani Khas
- Beverages
- Shakes
- Desserts
- Punjabi Snacks
- South Indian
- Kathi Roll
- Pasta
- Chines Food
- Raita Salad

V.P.O. Mallian

Jalandhar-Amritsar G.T. Road

NEAR JANDIALA GURU

Contact

98610-00057, 99152-32757



We Accept Online & Card Payment



## ਪੰਜਾਬੀ ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ | Love Maa Boli Punjabi

| | | | | |
|---|---|---|---|---|
| ੳ | ਅ | ੲ | ਸ | ਹ |
| ਕ | ਖ | ਗ | ਘ | ਙ |
| ਚ | ਛ | ਜ | ਝ | ਞ |
| ਟ | ਠ | ਡ | ਢ | ਣ |
| ਤ | ਥ | ਦ | ਧ | ਨ |
| ਪ | ਫ | ਬ | ਭ | ਮ |
| ਯ | ਰ | ਲ | ਵ | ੜ |
| ਸ਼ | ਖ਼ | ਗ਼ | ਜ਼ | ਫ਼ | ਲ਼ |

www.damdamitaksal.net

ਮੁਕਤਾ | ਾ ਕੰਨਾ | ਿ ਸਿਹਾਰੀ | ੀ ਬਿਹਾਰੀ

ੁ ਔਂਕੜ | ੂ ਦੁਲੈਂਕੜ | ੇ ਲਾਂ | ੈ ਦੁਲਾਵਾਂ


ੋ ਹੋੜਾ | ੌ ਕਨੌੜਾ | ੰ ਟਿੱਪੀ | ਾਂ ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net

Learn Speak Read Write PUNJABI



ਧੰਨ ਧੰਨ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਪੁਰਬ ਨੂੰ ਸਮਰਪਿਤ



# ਨਗਰ ਕੀਰਤਨ, ਅੰਮ੍ਰਿਤ ਸੰਚਾਰ ਅਤੇ ਗੁਰਮਤਿ ਸਮਾਗਮ

## ਗੁਰਦੁਆਰਾ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ, ਧਮਤਾਨ ਸਾਹਿਬ ਵਿਖੇ

ਮਿਤੀ 4 ਦਸੰਬਰ 2024 ਤੋਂ 6 ਦਸੰਬਰ 2024 ਤੱਕ ਹੇਠ ਲਿਖੇ ਪ੍ਰੋਗਰਾਮ ਅਨੁਸਾਰ ਨਗਰ ਕੀਰਤਨ, ਅੰਮ੍ਰਿਤ ਸੰਚਾਰ ਅਤੇ ਗੁਰਮਤਿ ਸਮਾਗਮ ਕਰਵਾਇਆ ਜਾ ਰਿਹਾ ਜਿਸ ਵਿੱਚ ਸਿੱਖ ਕੌਮ ਦੇ ਮਹਾਨ ਵਿਦਵਾਨ ਉਚੇਚੇ ਤੌਰ ਤੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

4 ਦਸੰਬਰ 2024 ਦਿਨ ਬੁੱਧਵਾਰ ਅਰੰਭ ਸ਼੍ਰੀ ਅਖੰਡ ਪਾਠ ਸਾਹਿਬ ਸਵੇਰੇ 10-00 ਵਜੇ

5 ਦਸੰਬਰ 2024 ਦਿਨ ਵੀਰਵਾਰ ਨਗਰ ਕੀਰਤਨ ਅਰੰਭ ਸਵੇਰੇ 8-00 ਵਜੇ

6 ਦਸੰਬਰ 2024 ਦਿਨ ਸ਼ੁੱਕਰਵਾਰ ਭੋਗ ਸ਼੍ਰੀ ਅਖੰਡ ਪਾਠ ਸਾਹਿਬ ਸਵੇਰੇ 9-00 ਵਜੇ

**ਵਿਸ਼ੇਸ਼ ਬੇਨਤੀ** ਜਿਹਨਾਂ ਸੰਗਤਾਂ ਨੂੰ ਸਤਿਗੁਰ ਜੀ ਨੇ ਟਰੈਕਟਰ, ਟਰਾਲੀਆਂ, ਗੱਡੀਆਂ ਆਦਿ ਦੀ ਦਾਤ ਬਖ਼ਸ਼ੀ ਹੈ, ਉਹ ਨਗਰ ਕੀਰਤਨ ਵਿੱਚ ਆਪੋ ਆਪਣੇ ਸਾਧਨ ਲੈ ਕੇ ਸਮੂਲੀਅਤ ਕਰਨ ਜੀ।

ਨੋਟ : ਮੋਟਰਸਾਈਕਲ ਲੈ ਕੇ ਆਉਣ ਵਾਲੇ ਨੌਜਵਾਨ ਕਿਸੇ ਤਰ੍ਹਾਂ ਦੀ ਕਰਤਬ ਬਾਜੀ ਨਾ ਕਰਨ।

ਪ੍ਰੋਗਰਾਮ : 6 ਦਸੰਬਰ 2024 ਦਿਨ ਸ਼ੁੱਕਰਵਾਰ
ਸਵੇਰੇ 9-00 ਤੋਂ 10-00 ਵਜੇ ਤੱਕ
ਭਾਈ ਅਮਨਦੀਪ ਸਿੰਘ ਹਜ਼ੂਰੀ ਰਾਗੀ ਜੱਥਾ
ਗੁ: ਧਮਤਾਨ ਸਾਹਿਬ
10-00 ਤੋਂ 10-30 ਵਜੇ ਤੱਕ
ਭਾਈ ਜੋਗਿੰਦਰ ਸਿੰਘ ਹੈਡ ਗ੍ਰੰਥੀ
ਗੁ: ਧਮਤਾਨ ਸਾਹਿਬ
10-30 ਤੋਂ 11-00 ਵਜੇ ਤੱਕ
ਭਾਈ ਚਰਨਜੀਤ ਸਿੰਘ ਕਥਾਵਾਚਕ
ਗੁ: ਧਮਤਾਨ ਸਾਹਿਬ
11-00 ਤੋਂ 12-30 ਵਜੇ ਤੱਕ
ਭਾਈ ਗੁਰਮੀਤ ਸਿੰਘ ਕਵੀਸ਼ਰ
ਧਰਮ ਪ੍ਰਚਾਰ ਕਮੇਟੀ।

ਅੰਮ੍ਰਿਤ ਸੰਚਾਰ :
6 ਦਸੰਬਰ 2024,
ਦਿਨ ਸ਼ੁਕਰਵਾਰ ਸਮਾਂ 12 ਵਜੇ

ਪ੍ਰੋਗਰਾਮ ਨਗਰ ਕੀਰਤਨ : ਮਿਤੀ 5 ਦਸੰਬਰ 2024, ਵੀਰਵਾਰ ਨੂੰ ਸਵੇਰੇ 8-00 ਵਜੇ ਗੁਰਦੁਆਰਾ ਧਮਤਾਨ ਸਾਹਿਬ ਤੋਂ ਅਰੰਭ ਹੋ ਕੇ ਲੋਨ, ਖਰਲ, ਪਿਪਲਥਾ, ਗੜ੍ਹੀ, ਦਾਤਾ ਸਿੰਘ ਵਾਲਾ, ਹੰਸਡੇਹਰ, ਢੰਢੋਲੀ, ਸ਼ੇਰਗੜ੍ਹ, ਖਨੌਰੀ, ਪਦਾਰਥ ਖੇੜਾ, ਰੇਵਰ, ਪਿਪਲਥਾ, ਢਾਬੀ ਟੇਕ ਸਿੰਘ ਅਤੇ ਰਸੀਦਾਂ ਹੁੰਦਾ ਹੋਇਆ ਗੁਰਦੁਆਰਾ ਧਮਤਾਨ ਸਾਹਿਬ ਵਿਖੇ ਪਹੁੰਚੇਗਾ। ਸਮਾਪਤੀ, ਗੁਰਦੁਆਰਾ ਧਮਤਾਨ ਸਾਹਿਬ ਵਿਖੇ ਸ਼ਾਮ 5-00 ਵਜੇ ਹੋਵੇਗੀ।











**ਅੰਮ੍ਰਿਤ ਸੰਚਾਰ ਸੰਬੰਧੀ**

1. ਅੰਮ੍ਰਿਤ ਸੰਚਾਰ ਗੁਰਦੁਆਰਾ ਧਮਤਾਨ ਸਾਹਿਬ ਵਿਖੇ 12-00 ਵਜੇ ਹੋਵੇਗਾ।
2. ਅੰਮ੍ਰਿਤ ਅਭਿਲਾਖੀ ਕੇਸੀ ਇਸ਼ਨਾਨ ਕਰ ਕੇ ਆਉਣ ਜੀ।
3. ਅੰਮ੍ਰਿਤ ਛਕਣ ਵਾਲੇ ਪ੍ਰਾਣੀਆਂ ਨੂੰ ਕਕਾਰ ਭੇਟਾ ਰਹਿਤ ਦਿੱਤੇ ਜਾਣਗੇ।

ਸਮੂਹ ਮੈਂਬਰ ਸਾਹਿਬਾਨ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਅਤੇ ਮੈਨੇਜਰ ਗੁਰਦੁਆਰਾ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ, ਪਾਤਸ਼ਾਹੀ ਨੌਵੀਂ, ਧਮਤਾਨ ਸਾਹਿਬ (ਜੀਂਦ) ਹਰਿਆਣਾ

ਸੰਪਰਕ : ਭਾਈ ਹਰਵਿੰਦਰ ਸਿੰਘ ਦਨੌਲੀ (ਮੈਨੇਜਰ) 9991037375 ਭਾਈ ਜੋਗਿੰਦਰ ਸਿੰਘ ਹੈਡ ਗ੍ਰੰਥੀ 9896166509 ਭਾਈ ਚਰਨਜੀਤ ਸਿੰਘ ਕਥਾਵਾਚਕ 9802947712 ਭਾਈ ਕਰਮਜੀਤ ਸਿੰਘ 7015967169 ਸ: ਸਤਿੰਦਰ ਸਿੰਘ ਮੰਟਾ ਰਸੀਦਾਂ ਮੈਂਬਰ ਸਾਹਿਬਾਨ 9354100003

---

*ਸਾਬਤ ਸੂਰਤਿ ਦਸਤਾਰ ਸਿਰਾ*

## ਦਸਤਾਰਾਂ ਹੀ ਦਸਤਾਰਾਂ



# ਰੰਧਾਵਾ ਪਗੜੀ ਸੈਂਟਰ



ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।

✤ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।

ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।

ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
**+91 98882-22446**

---

# ASA Gas Heating Solution Ltd.

- Boilers
- Certificates
- Gas Work
- Cylinders
- Maintenance Services
- Gas Safety Inspections
- Plumbing Work

Vaillant APPROVED INSTALLER | WORCESTER Bosch Group

ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ

**Mr. Simran Singh : 0749 534 2620**
asagasheatingsolutions@gmail.com

Call us now for a Free no-olbigation quote







KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।









**www.khalsaforge.com**


HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All
CATEGORIES OF
MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ AWAZE QAUM
International Newspaper & WEB TV
CALL US TO BOOK YOUR CSCS LEVEL ONE COURSE.
07715 1-28621

ਵਾਹਿਗੁਰੂ ਜੀ ਕਾ ਖਾਲਸਾ
ਵਾਹਿਗੁਰੂ ਜੀ ਕੀ ਫ਼ਤਹਿ

ਜਉ ਤਉ ਪ੍ਰੇਮ ਖੇਲਣ ਕਾ ਚਾਉ ॥
ਸਿਰੁ ਧਰਿ ਤਲੀ ਗਲੀ ਮੇਰੀ ਆਉ॥
ਇਤੁ ਮਾਰਗਿ ਪੈਰੁ ਧਰੀਜੈ ॥
ਸਿਰੁ ਦੀਜੈ ਕਾਣਿ ਨ ਕੀਜੈ ॥

## ਧੰਨ ਧੰਨ ਬਾਬਾ ਦੀਪ ਸਿੰਘ ਜੀ ਦੇ ਸ਼ਹੀਦੀ ਦਿਵਸ ਸੰਬੰਧੀ

# ਆਜ਼ਾਦ ਫਰੰਟ ਪੰਜਾਬ

## ਵੱਲੋਂ

## ਗੁਰੂ ਨਾਨਕ ਸਿੱਖ ਗੁਰਦੁਆਰਾ ਸੈਜਲੀ ਸਟਰੀਟ ਵੂਲਵਰਹੈਂਪਟਨ ਵਿਖੇ

# ਸ਼ਹੀਦੀ ਸਮਾਗਮ

## 22 ਤੋਂ 24 ਨਵੰਬਰ 2024



**ਗੁਰੂ ਪਿਆਰੀ ਸਾਧ ਸੰਗਤ ਜੀਓ,**

**ਵਾਹਿਗੁਰੂ ਜੀ ਕਾ ਖਾਲਸਾ, ਵਾਹਿਗੁਰੂ ਜੀ ਕੀ ਫਤਹਿ ।।**

ਧੰਨ ਧੰਨ ਬਾਬਾ ਦੀਪ ਸਿੰਘ ਜੀ ਦਾ ਸ਼ਹੀਦੀ ਦਿਵਸ ਸੰਪੂਰਨ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ। ਕਹਿਣੀ ਅਤੇ ਕਰਨੀ ਦੇ ਪੂਰੇ ਅਨੋਖੇ ਸ਼ਹੀਦ ਬਾਬਾ ਦੀਪ ਸਿੰਘ ਜੀ ਦੀ ਸ਼ਹੀਦੀ ਦਿਵਸ **ਆਜ਼ਾਦ ਫਰੰਟ ਪੰਜਾਬ** ਦੇ ਸਾਰੇ ਹੀ ਸੇਵਾਦਾਰਾਂ ਵੱਲੋਂ ਗੁਰੂ ਨਾਨਕ ਸਿੱਖ ਗੁਰਦੁਆਰਾ ਸੈਜਲੀ ਸਟਰੀਟ ਵੂਲਵਰਹੈਂਪਟਨ ਵਿਖੇ 22 ਨਵੰਬਰ ਤੋਂ 24 ਨਵੰਬਰ, 2024 ਤੱਕ ਸ਼ਹੀਦੀ ਸਮਾਗਮ ਕਰਵਾਇਆ ਜਾ ਰਿਹਾ ਹੈ।ਅਸੀਂ ਆਪ ਸਭ ਨੂੰ ਨਿਮਰਤਾ ਸਹਿਤ ਬੇਨਤੀ ਕਰਦੇ ਹਾਂ ਕਿ ਇਸ ਸਮਾਗਮ ਵਿੱਚ ਪਰਿਵਾਰਾਂ ਸਮੇਤ ਸ਼ਾਮਲ ਹੋ ਕੇ ਧੰਨ-ਧੰਨ ਬਾਬਾ ਦੀਪ ਸਿੰਘ ਜੀ ਨੂੰ ਸ਼ਰਧਾਂਜਲੀਆਂ ਭੇਂਟ ਕਰੀਏ।

ਆਵਾਜ਼ਿ ਕੌਮ AWAZE QAUM
International Newspaper & WEB TV

### ★ ਪ੍ਰੋਗਰਾਮ ★

ਆਰੰਭ ਸ੍ਰੀ ਅਖੰਡਪਾਠ ਸਾਹਿਬ 22 ਨਵੰਬਰ 2024
ਦਿਨ ਸ਼ੁੱਕਰਵਾਰ ਸਵੇਰੇ 10 ਵਜੇ
ਭੋਗ ਸ੍ਰੀ ਆਖੰਡਪਾਠ ਸਾਹਿਬ 24 ਨਵੰਬਰ 2024
ਦਿਨ ਐਤਵਾਰ ਸਵੇਰੇ 10 ਵਜੇ

**ਉਪਰੰਤ ਭਾਰੀ ਦੀਵਾਨ ਸਜਾਏ ਜਾਣਗੇ**



ਜਿਸ ਵਿੱਚ ਗੁਰਬਾਣੀ ਕੀਰਤਨ, ਕਥਾ ਤੋਂ ਬਾਅਦ ਗਿਆਨੀ ਗੱਜਣ ਸਿੰਘ ਗੜਗੱਜ ਦਾ ਢਾਡੀ ਜੱਥਾ ਬਾਬਾ ਜੀ ਦੇ ਜੀਵਨ ਤੋਂ ਸੰਗਤਾਂ ਨੂੰ ਜਾਣੂ ਕਰਵਾਉਣਗੇ।

**ਤਿੰਨੋ ਦਿਨ ਹੀ ਗੁਰੂ ਕਾ ਲੰਗਰ ਅਤੁੱਟ ਵਰਤੇਗਾ**

### ਗੁਰਦੁਆਰਾ ਸਾਹਿਬ ਦਾ ਪਤਾ

Guru Nanak Sikh Gurdwara
SEDGLEY Street
Wolverhampton WV2 3AJ
Mob. : 0738 731 7178

### ਖਾਲਸਾ ਪੰਥ ਦੇ ਸੇਵਾਦਾਰ

# ਆਜਾਦ ਫਰੰਟ ਪੰਜਾਬ




### ★ ਪੰਥ ਦੇ ਸੇਵਾਦਾਰ ★

ਭਾਈ ਜਸਪਾਲ ਸਿੰਘ ਨਿੱਝਰ
ਭਾਈ ਪ੍ਰਭਜੀਤ ਸਿੰਘ ਔਲਖ
ਭਾਈ ਹਰਜੀਤ ਸਿੰਘ ਢਿੱਲੋਂ
ਭਾਈ ਗੁਰਬਿੰਦਰ ਸਿੰਘ ਗਿੱਲ
ਭਾਈ ਜੋਗਾ ਸਿੰਘ ਬਸੀ



ਅਮ੍ਰਿਤ ਛਕੋ
ਪਰਉਪਕਾਰੀ ਭਾਈ ਲੱਧਾ ਜੀ ਦੀ ਯਾਦ ਵਿੱਚ ਅਤੇ ਬ੍ਰਹਮ ਗਿਆਨੀ ਬਾਪੂ ਖੁਸ਼ਾ ਸਿੰਘ ਜੀ ਦੀ ਸਲਾਨਾ ਬਰਸੀ ਨੂੰ ਸਮਰਪਿਤ
ਅਮ੍ਰਿਤ ਛਕੋ
ਸਲਾਨਾ ਗੁਰਮਤਿ ਸਮਾਗਮ
ਬ੍ਰਹਮ ਗਿਆਨੀ ਬਾਬਾ ਖੁਸ਼ਾ ਸਿੰਘ ਜੀ (ਬਾਪੂ ਖੁਸ਼ਾ ਜੀ)
6 ਦਸੰਬਰ (21 ਮੱਘਰ) 2024 ਦਿਨ ਸ਼ੁਕਰਵਾਰ
ਸਮਾਂ : ਸਵੇਰੇ 10 ਵਜੇ
ਗੁਰਵਿੰਦਰ ਸਿੰਘ ਲਹੌਰੀਏ ਦਾ ਕਵੀਸ਼ਰੀ ਜੱਥਾ
ਕਬੱਡੀ ਐਕਸ਼ਨ ਸਟਾਰ
ਛੋਟੇ ਸੁਪਰ ਸਟਾਰਾਂ ਦੀ ਕਬੱਡੀ ਸ਼ਾਮ:3:00 ਵਜੇ
ਮੋ: 94634-27380, 98777-07918,
ਆਵਾਜ਼ਿ ਕੌਮ AWAZE QAUM TV
ਲਾਈਵ ਪ੍ਰੋਗਰਾਮ ਸਾਰਾ ਦਿਨ ਚੱਲੇਗਾ
ਅਜੀਤ ਪੌਦ ਨਰਸਰੀ
ਜਾਰੀ ਕਰਤਾ: ਭਾਈ ਸਰਬਜੀਤ ਸਿੰਘ ਵੱਲੀਆਂ, ਜਿਲ੍ਹਾ ਪ੍ਰੈਸ ਸਕੱਤਰ, ਮੋ: 75278-45340




ਤੇਰੇ ਜਨ ਪਰਉਪਕਾਰੀ ਆਏ
ਸੇਵਾਪੰਥੀ ਅੱਡਣਸ਼ਾਹੀ ਸੰਪ੍ਰਦਾਇ ਦੇ ਭੂਸ਼ਣ ਮਹਾਂਪੁਰਸ਼
ਸਚਖੰਡਵਾਸੀ ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ ਵਾਲਿਆਂ ਦੇ
100 ਸਾਲਾ ਜਨਮ ਦਿਹਾੜੇ ਨੂੰ ਸਮਰਪਿਤ
51 ਬੇਟੀਆਂ ਦੇ ਸਮੂਹਿਕ ਆਨੰਦ ਕਾਰਜ
ਸਚਖੰਡਵਾਸੀ
ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ
ਮਿਤੀ - 12 ਫਰਵਰੀ 2025 ਨੂੰ ਕਰਵਾਏ ਜਾ ਰਹੇ ਹਨ।
ਸਭਾਗੀਆਂ ਬੱਚੀਆਂ ਨੂੰ ਘਰ ਵਿੱਚ ਵਰਤੋਂ ਵਿਹਾਰ ਦਾ ਸਾਜੋ ਸਮਾਨ ਦੇ ਕੇ ਸਤਿਕਾਰ ਸਹਿਤ ਵਿਦਾ ਕੀਤਾ ਜਾਵੇਗਾ।
ਸੁਭਾਗੀਆਂ ਜੋੜੀਆਂ ਦੇ ਪਰਿਵਾਰ ਇਹਨਾਂ ਨੰਬਰਾਂ ਤੇ ਸੰਪਰਕ ਕਰਨ - 7901754636, 9306060960, 8146806395, 8054055473
ਵਿਸ਼ੇਸ਼ ਸਹਿਯੋਗ -
ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ
ਚੇਅਰਮੈਨ, ਸੁੱਖ ਸੇਵਾ ਸਿਮਰਨ ਟਰਸੱਟ,
ਚੇਅਰਮੈਨ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਮਹੰਤ ਕਾਹਨ ਸਿੰਘ ਸੇਵਾਪੰਥੀ
ਸੰਤ ਰਣਜੀਤ ਸਿੰਘ ਸੇਵਾਪੰਥੀ
ਬੇਨਤੀ ਕਰਤਾ - ਮਹੰਤ ਕਾਹਨ ਸਿੰਘ ਜੀ ਸੇਵਾਪੰਥੀ,ਸੰਤ ਰਣਜੀਤ ਸਿੰਘ ਜੀ ਸੇਵਾਪੰਥੀ ਟਿਕਾਣਾ ਭਾਈ ਜਗਤਾ ਜੀ ਗੋਨਿਆਣਾ ਮੰਡੀ ਬਠਿੰਡਾ ਪੰਜਾਬ

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)




ਸ਼੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਸੰਨਚੀਨੋ ਨਗਰ ਦੀਆਂ ਸਿੱਖ ਸੰਗਤਾਂ ਵੱਲੋਂ ਸੇਵਾ ਲਈ ਗਈ ਹੈ।

# ਮਹਾਨ ਸ਼ਹੀਦੀ ਦਿਹਾੜਾ

ਚਾਰ ਸਾਹਿਬਜ਼ਾਦੇ ਅਤੇ ਮਾਤਾ ਗੁਜ਼ਰ ਕੌਰ ਜੀ ਦੀ ਸ਼ਹੀਦੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ

ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ 27 ਦਸੰਬਰ ਸ਼ੁੱਕਰਵਾਰ 10 : 30 ਵਜੇ ਹੋਵੇਗਾ, ਐਤਵਾਰ 10:30 ਭੋਗ ਪੈਣਗੇ

• ਸ਼ਨਿੱਚਰਵਾਰ 28 ਦਸੰਬਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ • ਐਤਵਾਰ 29 ਦਸੰਬਰ 2024 ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ ਉਪਰੰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਕੀਰਤਨੀ ਅਤੇ ਢਾਡੀ ਜਥਾ ਵੀ ਵਾਰਾਂ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ। ☛ ਆਪਣਾ ਕੀਮਤੀ ਸਮਾਂ ਕੱਢਕੇ ਇਨਾਂ ਸਮਾਗਮਾ ਵਿਚ ਪੁਹੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778




ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




ਦਸ਼ਮੇਸ਼ ਪਿਤਾ ਦੇ ਮਾਤਾ ਗੁਜਰ ਕੌਰ ਜੀ ਦੇ ਜਨਮ ਦੀ ਚੌਥੀ ਸ਼ਤਾਬਦੀ ਮੌਕੇ

# ਗੁਰਦੁਆਰਾ ਲਖਨੌਰ ਸਾਹਿਬ ਵਿਖੇ ਉਮੜਿਆ ਸੰਗਤਾਂ ਦਾ ਜਨ ਸੈਲਾਬ

**ਅੰਬਾਲਾ, 23 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਧੰਨ ਧੰਨ ਮਾਤਾ ਗੁਜ਼ਰ ਕੌਰ ਜੀ ਦੇ 400 ਸਾਲਾ ਜਨਮ ਦਿਹਾੜੇ ਦੀ ਚੌਥੀ ਸ਼ਤਾਬਦੀ ਮੌਕੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮਾਤਾ ਜੀ ਦੇ ਪੇਕੇ ਨਗਰ ਗੁਰਦੁਆਰਾ ਲਖਨੌਰ ਸਾਹਿਬ ਅੰਬਾਲਾ ਵਿਖੇ ਮਹਾਨ ਸ਼ਤਾਬਦੀ ਸਮਾਗਮ ਕੀਤੇ ਗਏ ਇਸ ਸਮਾਗਮ ਵਿੱਚ ਦੂਰ ਦੁਰਾਡੇ ਅਤੇ ਇਲਾਕੇ ਵਿੱਚੋਂ ਹਜ਼ਾਰਾਂ ਸਿੱਖ ਸੰਗਤਾਂ ਨੇ ਹਾਜ਼ਰੀਆਂ ਭਰਕੇ ਗੁਰੂ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ ਇਸ ਸਮੇਂ ਪੰਥ ਪ੍ਰਸਿੱਧ ਜੱਥੇ ਭਾਈ ਅਰਵਿੰਦਰ ਸਿੰਘ ਨੂਰ ਹਜ਼ੂਰੀ ਰਾਗੀ ਜੱਥਾ ਸੱਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ,ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਰਾਗੀ ਜੱਥਾ ਗੁਰਦੁਆਰਾ ਦਾਦੂ ਸਾਹਿਬ,ਭਾਈ ਅੰਮ੍ਰਿਤ ਸਿੰਘ ਹਜੂਰੀ ਰਾਗੀ ਜੱਥਾ ਗੁਰਦੁਆਰਾ ਲਖਨੌਰ ਸਾਹਿਬ,ਮੁੱਖ ਪ੍ਰਚਾਰਕ ਭਾਈ ਰਣਜੀਤ ਸਿੰਘ ਹਰਿਆਣਾ ਕਮੇਟੀ,ਪ੍ਰਸਿੱਧ ਢਾਡੀ ਜੱਥਾ ਭਾਈ ਗੁਰਪ੍ਰੀਤ ਸਿੰਘ ਲਾਂਡਰਾ ਵਾਲਿਆਂ ਨੇ ਸੰਗਤਾਂ ਨੂੰ ਗੁਰਬਾਣੀ ਕਥਾ ਕੀਰਤਨ ਢਾਡੀ ਵਾਰਾਂ ਨਾਲ ਨਿਹਾਲ ਕੀਤਾ ਹਰਿਆਣਾ ਕਮੇਟੀ ਦੇ ਪ੍ਰਬੰਧ ਹੇਠ ਚਲਦੇ ਸ੍ਰੀ ਗੁਰੂ ਹਰਕ੍ਰਿਸ਼ਨ ਸਾਹਿਬ ਖਾਲਸਾ ਕਾਲਜ ਪੰਜੋਖਰਾ ਸਾਹਿਬ ਦੇ ਵਿਦਿਆਰਥੀਆਂ ਨੇ ਵੀ ਸ਼ਬਦ ਗਾਇਨ ਕੀਤਾ ਮਾਤਾ ਗੁਜ਼ਰ ਕੌਰ ਜੀ ਅਤੇ ਦਸ਼ਮੇਸ਼ ਪਿਤਾ ਦੀਆਂ ਪਵਿੱਤਰ ਨਿਸ਼ਾਨੀਆਂ ਦੇ ਵੀ ਸੰਗਤਾਂ ਨੇ ਦਰਸ਼ਨ ਦੀਦਾਰ ਕੀਤੇ ਸਮਾਗਮ ਵਿੱਚ ਮਹਾਂਪੁਰਸ਼ ਬਾਬਾ ਅਮਰੀਕ ਸਿੰਘ ਕਾਰ ਸੇਵਾ ਹੀਰਾ ਬਾਗ ਪਟਿਆਲਾ,ਬਾਬਾ ਦਿਲਬਾਗ ਸਿੰਘ ਕਾਰ ਸੇਵਾ ਝੀਵਰਹੇੜੀ ਅਨੰਦਪੁਰ ਸਾਹਿਬ,ਬਾਬਾ ਜੋਗਾ ਸਿੰਘ ਕਾਰ ਸੇਵਾ ਤਰਾਵੜੀ,ਬਾਬਾ ਸੁੱਖਾ ਸਿੰਘ ਕਾਰ ਸੇਵਾ ਕਰਨਾਲ,ਬਾਬਾ ਸੁਬੇਗ ਸਿੰਘ ਕਾਰ ਸੇਵਾ ਤਰਨਤਾਰਨ,ਬਾਬਾ ਹਲਿੰਦਰ ਸਿੰਘ ਕਾਰ ਸੇਵਾ ਲਖਨੌਰ ਸਾਹਿਬ,ਸੰਤ ਬਾਬਾ ਸੁਰਜੀਤ ਸਿੰਘ ਸੈਦਖੇੜੀ ਅਮਰੀਕਾ ਵਾਲੇ,ਸਵਾਮੀ ਰਜੇਸ਼ਵਰਾਂ ਨੰਦ ਅੰਬਾਲਾ,ਗਿਆਨੀ ਸ਼ੇਰ ਸਿੰਘ ਅੰਬਾਲਾ ਬੁੱਢਾ ਦਲ,ਮਾਤਾ ਜਸਬੀਰ ਕੌਰ ਸਲਪਾਣੀ,ਜਥੇਦਾਰ ਸ਼ੇਰ ਸਿੰਘ ਦਲ ਬਾਬਾ ਫਤਿਹ ਸਿੰਘ ਤਰਨਾ ਦਲ,ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਭੁਪਿੰਦਰ ਸਿੰਘ ਅਸੰਧ,ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ,ਸੁਦਰਸ਼ਨ ਸਿੰਘ ਅੰਬਾਲਾ ਸੀਨੀਅਰ ਮੀਤ ਪ੍ਰਧਾਨ,ਬੀਬੀ ਰਵਿੰਦਰ ਕੌਰ ਅਜਰਾਣਾ ਜੂਨੀਅਰ ਮੀਤ ਪ੍ਰਧਾਨ,ਸੁਖਵਿੰਦਰ ਸਿੰਘ ਮੰਡੇਬਰ ਜਨਰਲ ਸਕੱਤਰ,ਗੁਲਾਬ ਸਿੰਘ ਮੂਣਕ ਮੀਤ ਸਕੱਤਰ,ਤਰਵਿੰਦਰਪਾਲ ਸਿੰਘ ਅੰਬਾਲਾ ਅੰਤ੍ਰਿੰਗ ਮੈਂਬਰ,ਬੀਬੀ ਪਰਮਿੰਦਰ ਕੌਰ ਜੀਂਦ ਅੰਤ੍ਰਿੰਗ ਮੈਂਬਰ,ਮੈਂਬਰ ਬੇਅੰਤ ਸਿੰਘ ਨਲਵੀ,ਮੈਂਬਰ ਹਰਪਾਲ ਸਿੰਘ ਅੰਬਾਲਾ,ਮੈਂਬਰ ਇੰਦਰਜੀਤ ਸਿੰਘ ਵਾਸੂਦੇਵਾ ਅੰਬਾਲਾ,ਮੈਂਬਰ ਰਜਿੰਦਰ ਸਿੰਘ ਡੁਲਿਆਣਾ ਅੰਬਾਲਾ,ਕੈਪਟਨ ਦਿਲਬਾਗ ਸਿੰਘ ਮੈਂਬਰ,ਮੈਂਬਰ ਹਰਬੰਸ ਸਿੰਘ ਕੜਕੌਲੀ,ਮੈਂਬਰ ਨਿਸਾਨ ਸਿੰਘ ਡਾਚਰ,ਮੈਂਬਰ ਦਵਿੰਦਰ ਸਿੰਘ ਹਾਬੜੀ,ਮੈਂਬਰ ਮਲਕੀਤ ਸਿੰਘ ਪੰਨੀਵਾਲਾ ਮੋਰੀਕਾ,ਮੈਂਬਰ ਮਾਲਕ ਸਿੰਘ ਕੰਗ ਸਿਰਸਾ,ਸਾਬਕਾ ਮੈਂਬਰ ਬੀਬੀ ਬਲਜਿੰਦਰ ਕੌਰ ਚੀਕਾ,ਸਾਬਕਾ ਮੈਂਬਰ ਤਜਿੰਦਰਪਾਲ ਸਿੰਘ ਨਾਰਨੌਲ,ਸਪੋਕਸਮੈਨ ਕੰਵਲਜੀਤ ਸਿੰਘ ਅਜਰਾਨਾ,ਜਥੇਦਾਰ ਗੁਰਜਿੰਦਰ ਸਿੰਘ ਜੀਂਦ,ਮੁੱਖ ਸਕੱਤਰ ਜਸਵਿੰਦਰ ਸਿੰਘ ਅਦੀਨਪੁਰ,ਧਰਮ ਪ੍ਰਚਾਰ ਸਕੱਤਰ ਸਰਬਜੀਤ ਸਿੰਘ ਜੰਮੂ,ਸਕੱਤਰ ਕੁਲਦੀਪ ਸਿੰਘ ਭਾਣੋਖੇੜੀ,ਸਕੱਤਰ ਪਰਮਜੀਤ ਸਿੰਘ ਸ਼ੇਰਗੜ੍ਹ,ਸਕੱਤਰ ਰਾਜਪਾਲ ਸਿੰਘ ਔਲਖ,ਸਕੱਤਰ ਅਮਰਿੰਦਰ ਸਿੰਘ,ਸਕੱਤਰ ਰੁਪਿੰਦਰ ਸਿੰਘ,ਪੀਏ ਬਲਜੀਤ ਸਿੰਘ,ਜਥੇਦਾਰ ਸੁਖਦੇਵ ਸਿੰਘ ਗੋਬਿੰਦਗੜ੍ਹ ਵੀ ਹਾਜ਼ਰ ਸਨ ਮਾਤਾ ਗੁਜ਼ਰ ਕੌਰ ਜੀ ਦੇ ਨਾਮ ਤੇ ਲਖਨੌਰ ਸਾਹਿਬ ਵਿਖੇ ਇੱਕ ਸਕੂਲ ਬਣਾਉਣ ਦਾ ਜਥੇਦਾਰ ਭੁਪਿੰਦਰ ਸਿੰਘ ਅਸੰਧ ਪ੍ਰਧਾਨ ਜੀ ਨੇ ਐਲਾਨ ਕੀਤਾ ਜਥੇਦਾਰ ਦਾਦੂਵਾਲ ਜੀ ਨੇ ਐਲਾਨ ਕੀਤਾ ਕੇ ਜਿਵੇਂ ਅਸੀਂ ਧਰਮ ਪ੍ਰਚਾਰ ਦੇ ਦਫ਼ਤਰ ਪੂਰੇ ਹਰਿਆਣਾ ਵਿੱਚ ਖੋਲੇ ਹਨ ਇਸੇ ਤਰਾਂ ਹਰਿਆਣਾ ਦੇ ਹਰੇਕ ਜਿਲੇ ਵਿੱਚ ਹਰਿਆਣਾ ਕਮੇਟੀ ਆਪਣੇ ਸਕੂਲ ਖੋਲੇਗੀ ਇਸ ਸਮੇਂ ਸੁੰਦਰ ਦਸਤਾਰ ਕੈਂਪ ਅਤੇ ਮੈਡੀਕਲ ਚੈਕਅੱਪ ਕੈਂਪ ਵੀ ਲਗਾਇਆ ਗਿਆ ਪ੍ਰਬੰਧਕਾਂ ਵਲੋਂ ਆਈਆਂ ਸ਼ਖਸ਼ੀਅਤਾਂ ਦਾ ਸਿਰਪਾਉ ਭੇਂਟ ਕਰਕੇ ਵਿਸ਼ੇਸ਼ ਸਨਮਾਨ ਕੀਤਾ






ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ
ਗੁਰਦੁਆਰਾ ਥੜ੍ਹਾ ਸਾਹਿਬ ਪਾ: 9ਵੀਂ, ਝੀਵਰਹੇੜੀ ਵਿੱਖੇ
ਧੰਨ-ਧੰਨ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹੀਦੀ ਨੂੰ ਸਮਰਪਿਤ
ਮਹਾਨ ਸ਼ਹੀਦੀ ਸਮਾਗਮ ਅਤੇ ਨਗਰ ਕੀਰਤਨ
ਬੜੀ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਜਾ ਰਿਹਾ ਹੈ
ਪ੍ਰੋਗਰਾਮ
ਆਰੰਭ ਸ੍ਰੀ ਅਖੰਡ ਪਾਠ ਸਾਹਿਬ
22 ਨਵੰਬਰ 2024 ਦਿਨ ਸ਼ੁਕਰਵਾਰ , 09 ਵਜੇ ਸਵੇਰੇ
ਭੋਗ ਸ੍ਰੀ ਅਖੰਡ ਪਾਠ ਸਾਹਿਬ
24 ਨੰਵੰਬਰ 2024 ਦਿਨ ਐਤਵਾਰ ਨੂੰ 09 ਵੱਜੇ ਭੋਗ ਸ੍ਰੀ ਅਖੰਡ ਪਾਠ ਸਾਹਿਬ ਉਪਰੰਤ ਧਾਰਮਿਕ ਦੀਵਾਨ
ਨਗਰ ਕੀਰਤਨ
23 ਨਵੰਬਰ 2024 ਨੂੰ ਗੁਰਦੂਆਰਾ ਥੱੜਾ ਸਾਹਿਬ ਪਾ: 9ਵੀਂ ਝੀਵਰਹੇੜੀ ਤੋਂ ਆਰੰਭ ਹੋ ਕੇ ਜਮਾਲਪੁਰ,ਬਲਸੁਹਾ,ਦੇਹਹਾ,ਨਾਹਾ,ਮਿਲਕਸੇਖਾ, ਸੀਵਨ ਮਾਜਰ,ਗੁ:ਪ੍ਰੇਮ ਸਿੰਘ ਵਾਲਾ ਬਰਾੜਾ, ਬਰਾੜਾ ਸ਼ਹਿਰ, ਅਧੋਆ ਦੁਪਿਹਰ ਦਾ ਲੰਗਰ, ਅਧੋਈ, ਕੰਬਾਸੀ, ਕੰਬੋਮਾਜਰੀ, ਲਖਮੜੀ, ਬੇਰਥਲੀ, ਮੰਗੋਲੀ, ਸਿਬੰਲਵਾਲ, ਫਾਲਸੰਡਾ, ਸੰਘੋਰ, ਨਖਰੋਜਪੁਰ, ਬੜਤੋਲੀ, ਗਨਗੋਰੀ, ਗਜਲਾਨਾ, ਡੇਰਾ ਕਾਰ ਸੇਵਾ ਬਾਬਾ ਕਸ਼ਮੀਰ ਸਿੰਘ ਝੀਵਰਹੇੜੀ ਤੇ ਹੁੰਦਾ ਹੋਇਆ ਸੰਪੂਰੰਤਾ ਗੁਰਦੂਆਰਾ ਥੱੜਾ ਸਾਹਿਬ ਪਾ:9ਵੀਂ ਝੀਵਰਹੇੜੀ ਵਿਖੇ ਹੋਵੇਗੀ।
ਕਾਰ ਸੇਵਾ
ਇਸ ਅਸਥਾਨ ਦੀ ਕਾਰ-ਸੇਵਾ ਬਾਬਾ ਦਿਲਬਾਗ ਸਿੰਘ ਜੀ ਲੋਹ ਲੰਗਰ ਸ੍ਰੀ ਆਨੰਦਪੁਰ ਸਾਹਿਬ ਵਾਲਿਆਂ ਵਲੋਂ ਕੀਤੀ ਜਾ ਰਹੀ ਹੈ।
ਕੱਥਾ ਕੀਰਤਨ ਦਰਬਾਰ
24 ਨਵੰਬਰ 2024 ਦਿਨ ਐਤਵਾਰ ਨੂੰ ਪੰਥ ਪ੍ਰਸਿੱਧ ਰਾਗੀ, ਢਾਡੀ, ਕਵੀਸਰ ਅਤੇ ਕਥਾਵਾਚਕ ਪਹੁੰਚ ਰਹੇ ਹਨ।
ਭਾਈ ਸੁਰਿੰਦਰ ਸਿੰਘ ਪਾਰਸ
ਸ਼੍ਰੀ ਮੁਕਤਸਰ ਸਾਹਿਬ ਢਾਡੀ ਜੱਥਾ
ਭਾਈ ਸਤਨਾਮ ਸਿੰਘ ਢਾਡੀ ਜੱਥਾ
ਧਰਮ ਪ੍ਰਚਾਰ HSGMC
ਭਾਈ ਸੁਖਵਿੰਦਰ ਸਿੰਘ ਕਵੀਸ਼ਰੀ ਜੱਥਾ
ਧਰਮ ਪ੍ਰਚਾਰ HSGMC
ਭਾਈ ਗੁਰਸੇਵਕ ਸਿੰਘ ਰੰਗੀਲਾ
ਹਜੂਰੀ ਰਾਗੀ ਜੱਥਾ ਗੁ:ਦਾਦੂ ਸਾਹਿਬ
ਭਾਈ ਮਨਜੀਤ ਸਿੰਘ ਗੜ੍ਹੀ
ਹੈਡ ਗ੍ਰੰਥੀ ਗੁ:ਥੜ੍ਹਾ ਸਾਹਿਬ
ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ,
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਸ. ਸੁਖਵਿੰਦਰ ਸਿੰਘ ਮੰਡੇਬਰ
ਜਰਨਲ ਸਕੱਤਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਸ. ਹਰਬੰਸ ਸਿੰਘ ਕੜਕੌਲੀ
ਮੈਂਬਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਸ. ਅਮਰਜੀਤ ਸਿੰਘ
ਮੈਂਬਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ,
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਬੇਨਤੀ ਕਰਤਾ- ਸਕੱਤਰ ਧਰਮ ਪ੍ਰਚਾਰ, ਮੈਨੇਜਰ ਗੁਰਦੁਆਰਾ ਥੜ੍ਹਾ ਸਾਹਿਬ ਪਾਤਸ਼ਾਹੀ 9ਵੀਂ ਝੀਵਰਹੇੜੀ ਅਤੇ ਸਮੂੰਹ ਸੰਗਤ।

**ਜੰਡਿਆਲਾ ਗੁਰੂ ਵਿਖੇ 25 ਕਰੋੜ ਰੁਪਏ ਦੀ ਲਾਗਤ ਨਾਲ ਲੱਗੇਗਾ ਐਸਟੀਪੀ ਪਲਾਂਟ : ਈਟੀਓ**

# 2 ਕਰੋੜ 33 ਲੱਖ ਰੁਪਏ ਦੇ ਵਿਕਾਸ ਕਾਰਜਾਂ ਦੀ ਕੀਤੀ ਸ਼ੁਰੂਆਤ






**ਜੰਡਿਆਲਾ ਗੁਰੂ, 23 ਨਵੰਬਰ ( ਕੁਲਵੰਤ ਸਿੰਘ ਵਿਰਦੀ )**-ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸੂਬੇ ਭਰ ਵਿੱਚ ਤੇਜ਼ੀ ਨਾਲ ਵਿਕਾਸ ਕਾਰਜ ਜਾਰੀ ਹਨ ਅਤੇ ਲੋਕਾਂ ਨੂੰ ਮੁਢਲੀਆਂ ਸਹੂਲਤਾਂ ਮੁਹਈਆ ਕਰਵਾਉਣ ਦੇ ਉਦੇਸ਼ ਨਾਲ ਹੋਰ ਕਈ ਉਪਰਾਲੇ ਕੀਤੇ ਜਾ ਰਹੇ ਹਨ। ਸੂਬੇ ਦੇ ਵਿਕਾਸ ਕਾਰਜਾਂ ਨੂੰ ਲੈ ਕੇ ਹੋਈਆਂ ਜਿਮਨੀਆਂ ਚੋਣਾਂ ਵਿੱਚ ਸੂਬਾ ਵਾਸੀਆਂ ਨੇ ਇੱਕ ਵਾਰ ਫੇਰ ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਦੀ ਸਰਕਾਰ ਵਿੱਚ ਆਪਣਾ ਵਿਸ਼ਵਾਸ ਪ੍ਰਗਟਾਇਆ ਹੈ ਜਿਸ ਸਦਕਾ ਆਮ ਆਦਮੀ ਪਾਰਟੀ ਨੇ ਵੱਡੀ ਜਿੱਤ ਹਾਸਲ ਕੀਤੀ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਲੋਕ ਨਿਰਮਾਣ ਤੇ ਬਿਜਲੀ ਮੰਤਰੀ ਪੰਜਾਬ ਸ: ਹਰਭਜਨ ਸਿੰਘ ਈਟੀਓ ਨੇ ਅੱਜ ਜੰਡਿਆਲਾ ਗੁਰੂ ਵਿਖੇ ਵੱਖ ਵੱਖ ਵਿਕਾਸ ਕਾਰਜਾਂ ਦੇ ਉਦਘਾਟਨ ਕਰਨ ਉਪਰੰਤ ਕੀਤਾ। ਉਹਨਾਂ ਦੱਸਿਆ ਕਿ ਜੰਡਿਆਲਾ ਗੁਰੂ ਵਿਖੇ ਵਿਕਾਸ ਕਾਰਜਾਂ ਲਈ 4 ਕਰੋੜ 26 ਲੱਖ ਰੁਪਏ ਦੇ ਟੈਂਡਰ ਪਾਸ ਹੋ ਚੁੱਕੇ ਹਨ, ਜਿਸ ਅਧੀਨ ਕਰੀਬ 25 ਗਲੀਆਂ ਦਾ ਕੰਮ ਕੀਤਾ ਜਾਣਾ ਹੈ। ਉਹਨਾਂ ਦੱਸਿਆ ਕਿ ਅੱਜ ਅੱਠ ਵਿਕਾਸ ਕਾਰਜਾਂ ਦੇ ਉਦਘਾਟਨ ਕੀਤੇ ਜਾਣੇ ਹਨ ਜਿਸ ਤੇ 2.33 ਕਰੋੜ ਰੁਪਏ ਖਰਚ ਆਉਣਗੇ। ਉਹਨਾਂ ਦੱਸਿਆ ਕਿ ਇਨਾਂ ਵਿਕਾਸ ਕਾਰਜਾਂ ਵਿੱਚ ਵਾਰਡ ਨੰਬਰ 6, 8, 14, ਗਲੀ ਨੰਬਰ 4, ਸ੍ਰੀ ਗੋਪਾਲ ਕ੍ਰਿਸ਼ਨ ਗਊਸ਼ਾਲਾ, ਮੇਨ ਬਾਜਾਰ ਵਾਲਮੀਕਿ ਚੌਂਕ ਅਤੇ ਨਵੀਂ ਗਊਸ਼ਾਲਾ ਦਾ ਉਦਘਾਟਨ ਕੀਤਾ ਜਾਣਾ ਹੈ। ਉਨਾਂ ਦੱਸਿਆ ਕਿ ਇਹ ਸਾਰੇ ਵਿਕਾਸ ਕਾਰਜ ਤਿੰਨ ਮਹੀਨੇ ਦੇ ਅੰਦਰ ਅੰਦਰ ਮੁਕੰਮਲ ਕੀਤੇ ਜਾਣਗੇ। ਉਨਾਂ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੰਦਿਆਂ ਕਿਹਾ ਕਿ ਵਿਕਾਸ ਕਾਰਜਾਂ ਵਿੱਚ ਕਿਸੇ ਕਿਸਮ ਦੀ ਢਿੱਲ ਮਿੱਠ ਬਰਦਾਸ਼ ਨਹੀਂ ਕੀਤੀ ਜਾਵੇਗੀ। ਉਨਾਂ ਕਿਹਾ ਕਿ ਜੰਡਿਆਲਾ ਹਲਕੇ ਨੂੰ ਨਮੂਨੇ ਦਾ ਸ਼ਹਿਰ ਵਜੋਂ ਵਿਕਸਿਤ ਕੀਤਾ ਜਾਵੇਗਾ। ਸ: ਈਟੀਓ ਨੇ ਕਿਹਾ ਕਿ ਜੰਡਿਆਲਾ ਹਲਕੇ ਵਿੱਚ ਇਹ ਪਹਿਲੀ ਵਾਰ ਹੋਇਆ ਹੈ ਕਿ ਨਗਰ ਕੌਂਸਲ ਵੱਲੋਂ ਦੋ ਏਕੜ ਜਮੀਨ ਦੀ ਖਰੀਦ ਕੀਤੀ ਗਈ ਹੈ ਜਿਸ ਤੇ 25 ਕਰੋੜ ਰੁਪਏ ਲਾਗਤ ਨਾਲ ਅਗਲੇ ਹਫ਼ਤੇ ਨਵਾਂ ਐਸ.ਟੀ.ਪੀ ਪਲਾਂਟ ਲਗਾਇਆ ਜਾਵੇਗਾ। ਉਨਾਂ ਦੱਸਿਆ ਕਿ ਇਸ ਕੰਮ ਲਈ ਟੈਂਡਰ ਪ੍ਰਕਿਰਿਆ ਮੁਕੰਮਲ ਹੋ ਚੁੱਕੀ ਹੈ ਅਤੇ 18 ਮਹੀਨਿਆਂ ਦੇ ਅੰਦਰ ਅੰਦਰ ਇਸ ਪਲਾਂਟ ਨੂੰ ਚਾਲੂ ਕਰ ਦਿੱਤਾ ਜਾਵੇਗਾ। ਜਿਸ ਨਾਲ ਜੰਡਿਆਲਾ ਗੁਰੂ ਸ਼ਹਿਰ ਦੇ ਸੀਵਰੇਜ ਦੇ ਪਾਣੀ ਦੀ ਸਮੱਸਿਆ ਦਾ ਪੱਕੇ ਤੌਰ ਤੇ ਹੱਲ ਹੋ ਜਾਵੇਗਾ ਕੈਬਨਿਟ ਮੰਤਰੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਸ: ਮਾਨ ਦੀ ਅਗਵਾਈ ਵਾਲੀ ਸਰਕਾਰ ਲੋਕਾਂ ਨੂੰ ਰੋਜ਼ਗਾਰ ਦੇਣ ਲਈ ਵਚਨਬੱਧ ਹੈ ਅਤੀ ਅਤੇ ਅਸੀਂ ਆਪਣੇ ਢਾਈ ਸਾਲ ਦੇ ਕਾਰਜਕਾਲ ਦੌਰਾਨ ਕਰੀਬ 50 ਹਜਾਰ ਦੇ ਲੋਕਾਂ ਨੂੰ ਰੋਜ਼ਗਾਰ ਦੇ ਮੌਕੇ ਮੁਹੱਈਆ ਕਰਵਾਏ ਹਨ। ਉਹਨਾਂ ਕਿਹਾ ਕਿ ਸੋਮਵਾਰ ਨੂੰ ਪੀ ਐਸ ਪੀ ਸੀ ਐਲ ਵਿਚ 1300 ਹੋਰ ਨੌਜਵਾਨਾਂ ਨੂੰ ਨਿਯੁਕਤੀ ਪੱਤਰ ਚੰਡੀਗੜ੍ਹ ਵਿਖੇ ਮੁੱਖ ਮੰਤਰੀ ਪੰਜਾਬ ਜੀ ਵੱਲੋਂ ਦਿੱਤੇ ਜਾ ਰਹੇ ਹਨ। ਉਹਨਾਂ ਵਿਰੋਧੀਆਂ ਤੇ ਤੰਜ ਕਸਦਿਆਂ ਕਿਹਾ ਕਿ ਅਸੀਂ ਵਿਕਾਸ ਦੀ ਰਾਜਨੀਤੀ ਵਾਸਤੇ ਆਏ ਹਾਂ ਅਤੇ ਵਿਕਾਸ ਹੀ ਕਰਾਂਗੇ। ਇਸ ਮੌਕੇ ਸ੍ਰੀ ਨਰੇਸ਼ ਪਾਠਕ ਵਲੋਂ ਜਿੰਮਨੀ ਚੋਣਾਂ ਵਿੱਚ ਹੋਈ ਜਿੱਤ ਦੀ ਖੁਸ਼ੀ ਵਿੱਚ ਕੈਬਨਿਟ ਮੰਤਰੀ ਦਾ ਮੂੰਹ ਵੀ ਮਿੱਠਾ ਕਰਵਾਇਆ ਗਿਆ ਅਤੇ ਵਧਾਈ ਦਿੱਤਾ ਕਿ 2027 ਦੀਆਂ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਵੱਡੀ ਜਿੱਤ ਹਾਸਲ ਕਰਕੇ ਆਪਣੀ ਸਰਕਾਰ ਬਣਾਏਗੀ। ਇਸ ਮੌਕੇ ਸੂਬੇਦਾਰ ਦਾ ਸ਼ਨਾਖ ਸਿੰਘ, ਚੇਅਰਮੈਨ ਗੁਰਵਿੰਦਰ ਸਿੰਘ, ਸਰਪੰਚ ਪਰਮਜੀਤ ਸਿੰਘ ਨਿਸ਼ਾਨ, ਐਸਐਸ ਬੋਰਡ ਦੇ ਮੈਂਬਰ ਸ਼੍ਰੀ ਨਰੇਸ਼ ਪਾਠਕ, ਸ: ਸਰਬਜੀਤ ਸਿੰਘ ਡਿੰਪੀ ਸ਼ਹਿਰੀ ਪ੍ਰਧਾਨ, ਸ੍ਰੀ ਵਿਜੈ ਮੱਟੀ, ਗਗਨਦੀਪ ਸਿੰਘ, ਸ੍ਰੀ ਸਤਿੰਦਰ ਸਿੰਘ, ਗੁਰਵੇਲ ਸਿੰਘ, ਸ: ਸੁਖਵਿੰਦਰ ਸ਼ਾਹ, ਈ ਓ ਜਗਤਾਰ ਸਿੰਘ , ਬਜਰੰਗਜੀਤ ਸਿੰਘ, ਅਵਤਾਰ ਸਿੰਘ ਕਾਲਾ, ਮੈਡਮ ਸਨੈਨਾ ਰੰਧਾਵਾ, ਕੰਵਲਜੀਤ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਦੇ ਵਰਕਰ ਹਾਜ਼ਰ ਸਨ।

**ਜਿਮਨੀ ਚੋਣਾਂ ਦੀ ਜਿੱਤ ਤੇ ਵੋਟਰਾਂ ਦਾ ਕੀਤਾ ਧੰਨਵਾਦ**

**ਸੇਂਟ ਸੋਲਜਰ ਸਕੂਲ ਚ ਸਾਲਾਨਾ 27ਵਾਂ ਕਿੰਡਰ ਗਾਰਟਨ ਸਮਾਗਮ ਕਰਵਾਇਆ ਹਕੀਕਤ ਦਾ ਰਿਐਲਿਟੀ ਚ ਪੁਰਾਤਨ ਪੰਜਾਬੀ ਸੱਭਿਆਚਾਰ ਦੀ ਝਲਕ ਪੇਸ਼ ਕੀਤੀ ਗਈ**

# ਸਮਾਗਮ 'ਚ ਮੁੱਖ ਮਹਿਮਾਨ ਵਜੋਂ ਸ੍ਰੀ ਕੁੰਵਰ ਵਿਜੇ ਪ੍ਰਤਾਪ ਸਿੰਘ ਨੇ ਕੀਤੀ ਸ਼ਿਰਕਤ, ਡਾ: ਮੰਗਲ ਸਿੰਘ ਤੇ ਸਕੂਲ ਮੈਨੇਜਮੈਂਟ ਨੇ ਕੀਤਾ ਵਿਸ਼ੇਸ਼ ਸਨਮਾਨ

ਜੰਡਿਆਲਾ ਗੁਰੂ 23 ਨਵੰਬਰ ( ਕੁਲਵੰਤ ਸਿੰਘ ਵਿਰਦੀ) ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਦੇ ਕਿੰਡਰਗਾਟਨ ਵਿੰਗ ਦੇ ਛੋਟੇ ਛੋਟੇ ਬੱਚਿਆਂ ਦਾ ਕਿੰਡਰਗਾਰਟਨ ਦਾ ਸਲਾਨਾ ਸਮਾਗਮ ਸੰਤ ਬਾਬਾ ਪਰਮਾਨੰਦ ਜੀ ਮੁੱਖ ਸੇਵਾਦਾਰ ਗੁਰਦੁਆਰਾ ਸ੍ਰੀ ਗੁਰੂ ਬਾਬਾ ਹੰਦਾਲ ਜੀ ਦੇ ਆਸ਼ੀਰਵਾਦ ਸ੍ਰੀ ਕੁੰਵਰ ਵਿਜੇ ਪ੍ਰਤਾਪ ਸਿੰਘ ਐਕਸ ਆਈਜੀ ਪੀਪੀ ਸਕੂਲ ਦੇ ਸ਼ਾਨਦਾਰ ਆਟੋਡੋਰੀਅਮ ਵਿੱਚ ਕਰਵਾਇਆ ਗਿਆ ਇਸ ਸਮਾਗਮ ਦਾ ਥੀਮ ਹਕੀਕਤ ਦਾ ਰਿਐਲਿਟੀ ਰੱਖਿਆ ਗਿਆ ਇਸ ਸਮਾਗਮ ਵਿੱਚ ਹਕੀਕਤ ਦਾ ਰਿਐਲਿਟੀ ਵਿੱਚ ਇੱਕ ਪੁਰਾਤਨ ਪੰਜਾਬੀ ਸੱਭਿਆਚਾਰ ਦੀ ਝਲਕ ਪੇਸ਼ ਕੀਤੀ ਗਈ। ਇਹ ਸਮਾਗਮ ਪਲੇਅ ਪੈਨ ਤੋਂ ਲੈ ਕੇ ਚੌਥੀ ਕਲਾਸ ਤੱਕ ਦੇ ਬੱਚਿਆਂ ਦਾ ਕਰਵਾਇਆ ਗਿਆ ਇਸ ਸਮਾਗਮ ਵਿੱਚ ਮੁੱਖ ਮਹਿਮਾਨ ਦੇ ਤੌਰ ਤੇ ਸ੍ਰੀ ਕੁੰਵਰ ਵਿਜੇ ਪ੍ਰਤਾਪ ਸਿੰਘ ਐਕਸ ਆਈਜੀ ਪੀਪੀ ਐਮਐਲਏ ਨੌਰਥ ਅੰਮ੍ਰਿਤਸਰ ਅਤੇ ਸ੍ਰੀ ਪ੍ਰਮੋਦ ਭਾਟੀਆ ਜੀ ਚੇਅਰਮੈਨ ਸਪੋਰਟ ਸੈਲ ਪੰਜਾਬ ਸ਼ਾਮਿਲ ਹੋਏ। ਇਸ ਸਮਾਗਮ ਦੀ ਸ਼ੁਰੂਆਤ ਵਿੱਚ ਬੱਚਿਆਂ ਨੇ ਤੂੰ ਮੇਰਾ ਰਾਖਾ ਸਭਨੀ ਥਾਈ ਬਹੁਤ ਹੀ ਰਸ ਭਿੰਨਾ ਸ਼ਬਦ ਗਾਇਨ ਕੀਤਾ। ਉਪਰੰਤ ਆਰਕੈਸਟਰਾ ਬੈਂਡ ਦੇ ਨਾਲ ਵੈਲਕਮ ਗੀਤ ਗਾ ਕੇ ਬੱਚਿਆਂ ਨੇ ਸਾਰੇ ਮਹਿਮਾਨਾਂ ਦਾ ਸ਼ਾਨਦਾਰ ਸਵਾਗਤ ਕੀਤਾ। ਉਪਰੰਤ ਬੱਚਿਆਂ ਨੇ ਕਲਾ ਦੀਆਂ ਵੱਖ ਵੱਖ ਵੰਨਗੀਆਂ ਪੇਸ਼ ਕੀਤੀਆਂ ਜਿੰਨਾ ਵਿੱਚ ਡਾਂਸ ਭੰਗੜਾ ਗਿੱਧਾ ਨਾਟਕ ਆਦਿ ਨਾਲ ਸ਼ਾਨਦਾਰ ਸਮਾਂ ਬੰਨਿਆ। ਬੱਚਿਆਂ ਦੀ ਸਮਾਗਮ ਵਿੱਚ ਪੇਸ਼ਕਾਰੀ ਇੰਨੀ ਵਧੀਆ ਸੀ ਕਿ ਸਾਰੇ ਅਸ਼ ਅਸ਼ ਕਰ ਉਠੇ। ਬੱਚਿਆਂ ਨੇ ਮਾਪਿਆਂ ਦੇ ਵੇਖਣ ਲਈ ਪੁਰਾਣੇ ਪੰਜਾਬ ਦਾ ਵਿਹੜਾ, ਪੁਰਾਤਨ ਖੇਡਾਂ ਅਤੇ ਪਰਿਵਾਰਿਕ ਗਤੀਵਿਧੀਆਂ ਆਪਣੀਆਂ ਕਲਾ ਕਿਰਤੀਆਂ ਰਾਹੀਂ ਵਿਖਾਈਆਂ ਜਿੰਨਾ ਦਾ ਆਏ ਹੋਏ ਪਤਵੰਤੇ ਸੱਜਣਾ ਤੇ ਮਾਪਿਆ ਤੇ ਡੂੰਘਾ ਅਸਰ ਹੋਇਆ ਅਤੇ ਹਰੇਕ ਨੇ ਸੈਲਫੀਆਂ ਨਾਲ ਇਹਨਾਂ ਨੂੰ ਆਪਣੀਆਂ ਯਾਦਾਂ ਵਿੱਚ ਸਾਂਝਾ ਕੀਤਾ। ਇਸ ਸਮਾਗਮ ਵਿੱਚ ਸਟੇਜ ਸੈਕਟਰੀ ਦੀ ਭੂਮਿਕਾ ਨਵਜੀਤ ਕੌਰ ਅਤੇ ਜਸਬੀਰ ਸਿੰਘ ਨੇ ਬਾਖੂਬੀ ਨਿਭਾਈ। ਇਸ ਸਮਾਗਮ ਵਿੱਚ ਸ਼੍ਰੀਮਤੀ ਅਮਨਦੀਪ ਕੌਰ ਜੀ ਪ੍ਰਿੰਸੀਪਲ ਐਸ ਐਸਈ ਸੀ ਸਕੂਲ ਮਜੀਠਾ, ਸ. ਕਾਬਲ ਸਿੰਘ ਮਾਲਕ ਸਿਗਨੇਚਰ ਗਰੀਨ ਅੰਮ੍ਰਿਤਸਰ, ਸਰਦਾਰ ਹਰਦੇਵ ਸਿੰਘ ਪ੍ਰਾਪਰਟੀ ਐਡਵਾਈਜ਼ਰ, ਸ੍ਰੀ ਰਜਿੰਦਰ ਕੁਮਾਰ ਸ਼ਰਮਾ ਆਈਟੀਬੀ ,ਸਰਪੰਚ ਕਿਰਪਾਲ ਸਿੰਘ ਰਾਮ ਦੁਵਾਲੀ ਪ੍ਰਧਾਨ ਕੰਬੋਜ਼ ਸਭਾ ਅੰਮ੍ਰਿਤਸਰ, ਬਲਵਿੰਦਰ ਸਿੰਘ ਮਹਿਰੋਕ, ਸਵਿੰਦਰ ਸਿੰਘ ਚੰਦੀ, ਬਲਵਿੰਦਰ ਸਿੰਘ ਬੀਜੇਪੀ, ਮੇਜਰ ਪਸ਼ੋਰਾ ਸਿੰਘ, ਕਾਮਰੇਡ ਪਿਆਰਾ ਸਿੰਘ ਧਾਰੜ, ਲੈਕਚਰਾਰ ਜਰਮਨਜੀਤ ਸਿੰਘ ਅਤੇ ਰਵਿੰਦਰ ਸਿੰਘ ਛੱਜਲਵੱਡੀ ,ਗੁਲਸ਼ਨ ਜੈਨ ,ਰਜਨੀਸ਼ ਜੈਨ, ਚੇਅਰਮੈਨ ਜਸਵਿੰਦਰ ਸਿੰਘ ਕਾਹਲੋਂ, ਐਸ ਐਸ ਈ ਐਸ ਐਸ ਮਜੀਠਾ ,ਪੰਡਿਤ ਕ੍ਰਿਸ਼ਨ ਦਵੇ ਸਰ ਜੀ ,ਜਰਨੈਲ ਸਿੰਘ, ਬਲਵਿੰਦਰ ਕੁਮਾਰ ਤਰਨ ਤਾਰਨ, ਅਤੇ ਸਮੂਹ ਪੱਤਰਕਾਰ ਭਾਈਚਾਰਾ ਸ਼ਾਮਿਲ ਹੋਇਆ । ਆਖਿਰ ਵਿੱਚ ਪ੍ਰੋਗਰਾਮ ਦੀ ਸਮਾਪਤੀ ਮੌਕੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾਕਟਰ ਮੰਗਲ ਸਿੰਘ ਕਿਸ਼ਨਪੁਰੀ ਜੀ ਅਤੇ ਪ੍ਰਿੰਸੀਪਲ ਅਮਰਪ੍ਰੀਤ ਕੌਰ ਜੀ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਅਤੇ ਬੱਚਿਆਂ ਦੀ ਬਿਹਤਰ ਪੇਸ਼ਕਾਰੀ ਤੇ ਅਧਿਆਪਕਾਂ ਦੀ ਮਿਹਨਤ ਨੂੰ ਸਰਾਹਿਆ। ਇਸ ਮੌਕੇ ਤੇ ਵਾਈਸ ਪ੍ਰਿੰਸੀਪਲ ਸ੍ਰੀਮਤੀ ਗੁਰਪ੍ਰੀਤ ਕੌਰ ਜੀ ਸ਼ਿਲਪਾ ਸ਼ਰਮਾ ਕੋਆਡੀਨੇਟਰ ਨੀਲਾਕਸ਼ੀ ਗੁਪਤਾ ਕੋਆਰਡੀਨੇਟਰ ਪ੍ਰਿਅੰਕਾ ਸ਼ਰਮਾ ਕੋਆਰਡੀਨੇਟਰ ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।









# ਪਿੰਡ ਬਲਬੇੜਾ ਸਾਂਝੀਵਾਲਤਾ ਦੇ ਵਿੱਚ ਸਭ ਤੋਂ ਅੱਗੇ



ਕਸਬਾ ਬਲਬੇੜਾ ਵਿਖੇ ਸੇਠ ਸਾਵਲਾ ਚੈਰੀਟੇਬਲ ਸੁਸਾਇਟੀ ਅਤੇ ਪਿੰਡ ਬਲਬੇੜਾ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਨਗਰ ਵਿੱਚ ਸ਼੍ਰੀ ਖਾਟੂ ਸ਼ਾਮ ਨਿਸ਼ਾਨ ਯਾਤਰਾ ਕੱਢੀ ਗਈ । ਹੈਡ ਗ੍ਰੰਥੀ ਗੁਰਦੁਆਰਾ ਪਿੰਡ ਬਲਬੇੜਾ ਬਾਬਾ ਲਖਵਿੰਦਰ ਸਿੰਘ ਜੀ ਨੇ ਸਰਬ ਸਾਂਝੀਵਾਲਤਾ ਦਾ ਸੁਨੇਹਾ ਦਿੰਦੇ ਹੋਏ ਸ਼੍ਰੀ ਖਾਟੂ ਸ਼ਾਮ ਨਿਸ਼ਾਨ ਯਾਤਰਾ ਕੱਢ ਰਹੀਆਂ ਸੰਗਤਾਂ ਦਾ ਗੁਰਦੁਆਰਾ ਸਾਹਿਬ ਦੀ ਡਿਊਟੀ ਸਾਹਮਣੇ ਪਹੁੰਚਣ ਤੇ ਸਨਮਾਨ ਕੀਤਾ । ਇਸ ਤਰੀਕੇ ਦੇ ਕਾਰਜ ਪਿੰਡ ਵਿੱਚ ਭਾਈਚਾਰਕ ਸਾਂਝ ਤੇ ਸਾਂਝੀ ਸਾਂਝੀ ਵਾਰਤਾ ਦਾ ਸੰਦੇਸ਼ ਦਿੰਦੇ ਹਨ । ਪਿੰਡ ਬਲਬੇੜਾ ਧਾਰਮਿਕ ਕਾਰਜਾਂ ਦੇ ਵਿੱਚ ਸਰਬ ਸਾਂਝੀ ਵਾਲਤਾ ਲਈ ਜਾਣਿਆ ਜਾਂਦਾ ਹੈ । ਅੱਜ ਸ਼ਾਮ ਦੇਰ ਰਾਤ ਤੱਕ ਸ਼ਿਵ ਮੰਦਿਰ ਬਲਬੇੜਾ ਵਿਖੇ ਪਰਮਾਤਮਾ ਦੇ ਨਾਮ ਦੇ ਗੁਣਗਾਨ ਕੀਤੇ ਜਾਣਗੇ।

**-ਪਰਗਟ ਸਿੰਘ ਬਲਬੇੜਾ, 9022000070**

# ਅਸਫਲਤਾ, ਸਫਲਤਾ ਵੱਲ ਲਿਜਾਣ ਵਾਲਾ ਪੱਥਰ ਹੈ - ਰਾਮ ਗੋਵਿੰਦ ਦਾਸ

- **ਉੱਤਰਾਖੰਡ ਦੇ ਹਲਦਵਾਨੀ ਤੋਂ ਆਏ ਸਮਾਜਿਕ ਵਿਸ਼ਿਆਂ ਦੇ ਅੰਤਰਰਾਸ਼ਟਰੀ ਪੱਧਰੀ ਵਿਦਵਾਨ ਰਾਮ ਗੋਵਿੰਦ ਦਾਸ ਨੇ ਆਰ.ਆਰ. ਬਾਵਾ ਡੀਏਵੀ ਗਰਲਜ਼ ਕਾਲਜ ਬਟਾਲਾ ਪਹੁੰਚੇ**
- **"ਜੀਵਨ ਵਿੱਚ ਸਫਲਤਾ ਕਿਵੇਂ ਪ੍ਰਾਪਤ ਕਰੀਏ" ਵਿਸ਼ੇ 'ਤੇ ਪ੍ਰੇਰਣਾਦਾਇਕ ਲੈਕਚਰ ਦਿੱਤਾ**

**ਸ੍ਰੀ ਹਰਗੋਬਿੰਦਪੁਰ ਸਾਹਿਬ, 23 ਨਵੰਬਰ (ਕੁਲਜੀਤ ਸਿੰਘ ਖੋਖਰ)**-ਉੱਤਰਾਖੰਡ ਦੇ ਹਲਦਵਾਨੀ ਤੋਂ ਆਏ ਸਮਾਜਿਕ ਵਿਸ਼ਿਆਂ ਦੇ ਅੰਤਰਰਾਸ਼ਟਰੀ ਪੱਧਰੀ ਵਿਦਵਾਨ ਰਾਮ ਗੋਵਿੰਦ ਦਾਸ ਨੇ ਆਰ.ਆਰ. ਬਾਵਾ ਡੀਏਵੀ ਗਰਲਜ਼ ਕਾਲਜ ਵਿਖੇ "ਜੀਵਨ ਵਿੱਚ ਸਫਲਤਾ ਕਿਵੇਂ ਪ੍ਰਾਪਤ ਕਰੀਏ" ਵਿਸ਼ੇ 'ਤੇ ਪ੍ਰੇਰਣਾਦਾਇਕ ਲੈਕਚਰ ਦਿੱਤਾ। ਉਨ੍ਹਾਂ ਨੇ ਵਿਦਿਆ ਦੀ ਮਹੱਤਤਾ ਉੱਤੇ ਰੌਸ਼ਨੀ ਪਾਉਂਦਿਆਂ ਵਿਦਿ-ਆਰਥੀਆਂ ਨੂੰ ਸਿਖਲਾਈ ਅਤੇ ਹੁਨਰ ਵਿਕਾਸ ਨੂੰ ਤਰਜੀਹ ਦੇਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ, "ਤੁਹਾਡੀ ਸਿੱਖਿਆ ਤੁਹਾਡਾ ਸਭ ਤੋਂ ਸ਼ਕਤੀਸ਼ਾਲੀ ਹਥਿਆਰ ਹੈ। ਇਹ ਤੁਹਾਨੂੰ ਸਮਾਜ ਵਿੱਚ ਮਹੱਤਵਪੂਰਨ ਯੋਗਦਾਨ ਦੇਣ ਅਤੇ ਆਪਣੇ ਨਿੱਜੀ ਮਕਸਦਾਂ ਨੂੰ ਹਾਸਲ ਕਰਨ ਲਈ ਯੋਗ ਬਣਾਉਂਦੀ ਹੈ।" ਵਕਤਾ ਅਤੇ ਸਮਾਜ ਸੇਵਕ ਦੇ ਤੌਰ 'ਤੇ ਆਪਣੇ ਵਿਸ਼ਾਲ ਅਨੁਭਵ ਤੋਂ ਪ੍ਰੇਰਨਾ ਲੈਂਦਿਆਂ, ਰਾਮ ਗੋਵਿੰਦ ਦਾਸ ਨੇ ਯੁਵਾਂ ਦਰਸ਼ਕਾਂ ਨਾਲ ਜੁੜਨ ਲਈ ਸਬੰਧਤ ਕਹਾਣੀਆਂ ਅਤੇ ਉਦਾਹਰਣਾਂ ਦੀ ਵਰਤੋਂ ਕੀਤੀ। ਉਨ੍ਹਾਂ ਨੇ ਸਪੱਥ ਵੱਟ ਲੱਭਣ, ਸਮੇਂ ਦਾ ਸਹੀ ਪ੍ਰਬੰਧਨ ਕਰਨ, ਅਤੇ ਧਿਆਨ ਕੇਂਦਰਿਤ ਰੱਖਣ ਦੀ ਮਹੱਤਤਾ ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ, "ਵੱਡੇ ਸੁਪਨੇ ਵੇਖੋ, ਪਰ ਯਾਦ ਰੱਖੋ, ਸੁਪਨਿਆਂ ਅਤੇ ਹਕੀਕਤ ਦੇ ਵਿਚਕਾਰ ਦਾ ਪੁਲ ਤੁਹਾਡਾ ਕਰਮ ਹੈ।" ਸੈਸ਼ਨ ਵਿੱਚ ਇੱਕ ਇੰਟਰਐਕਟਿਵ ਪ੍ਰਸ਼ਨ-ਉੱਤਰ ਸੈਗਮੈਂਟ ਵੀ ਸ਼ਾਮਲ ਸੀ, ਜਿੱਥੇ ਵਿਦਿਆਰਥੀਆਂ ਨੇ ਖੁਦ 'ਤੇ ਸ਼ੱਕ ਨੂੰ ਦੂਰ ਕਰਨ, ਸਹਿਯੋਗੀ ਦਬਾਅ ਨੂੰ ਸੰਭਾਲਣ ਅਤੇ ਪ੍ਰੇਰਣਾ ਬਰਕਰਾਰ ਰੱਖਣ ਬਾਰੇ ਸਵਾਲ ਕੀਤੇ। ਕਾਲਜ ਦੀ ਪ੍ਰਿੰਸਿਪਲ, ਡਾ. ਇੱਕਤਾ ਖੋਸਲਾ ਨੇ ਕਿਹਾ, "ਇਹ ਸਾਡੇ ਲਈ ਮਾਣ ਦੀ ਗੱਲ ਹੈ ਕਿ ਅਸਾਂ ਐਸੇ ਪ੍ਰਸਿੱਧ ਵਿਦਵਾਨ ਦੀ ਮਿਜ਼ਬਾਨੀ ਕੀਤੀ। ਉਨ੍ਹਾਂ ਦੇ ਬਚਨਾਂ ਨੇ ਸਿਰਫ਼ ਸਾਡੇ ਵਿਦਿਆਰਥੀਆਂ ਨੂੰ ਪ੍ਰੇਰਨਾ ਹੀ ਨਹੀਂ ਦਿੱਤੀ, ਬਲਕਿ ਉਨ੍ਹਾਂ ਨੂੰ ਆਪਣੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਇੱਕ ਮਾਰਗ ਵੀ ਪ੍ਰਦਾਨ ਕੀਤਾ ਹੈ।" ਇਸ ਮੌਕੇ ਵਿਕਰਮਜੀਤ ਸਿੰਘ ਐਸ.ਡੀ.ਐਮ ਬਟਾਲਾ, ਪਰਮਿੰਦਰ ਸਿੰਘ ਸੈਣੀ ਸਮੇਤ ਵੱਖ ਵੱਖ ਸਖਸੀਅਤਾਂ ਅਤੇ ਵਿਦਿਆਰਥਣਾਂ ਮੌਜੂਦ ਸਨ।



# ਆਮ ਆਦਮੀ ਪਾਰਟੀ ਦੇ ਉਮੀਦਵਾਰ ਗੁਰਦੀਪ ਸਿੰਘ ਰੰਧਾਵਾ 5699 ਵੋਟਾਂ ਨਾਲ ਰਹੇ ਜੇਤੂ

**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 23 ਨਵੰਬਰ (ਕੁਲਜੀਤ ਸਿੰਘ ਖੋਖਰ )**- ਡਿਪਟੀ ਕਮਿਸ਼ਨਰ ਕਮ-ਜ਼ਿਲ੍ਹਾ ਚੋਣ ਅਫਸਰ ਗੁਰਦਾਸਪੁਰ, ਸ਼੍ਰੀ ਉਮਾ ਸ਼ੰਕਰ ਗੁਪਤਾ ਨੇ ਜਾਣਕਾਰੀ ਦਿੰਦਿਆ ਦੱਸਿਆ ਕਿ ਡੇਰਾ ਬਾਬਾ ਨਾਨਕ ਜ਼ਿਮਨੀ ਚੋਣ ਲਈ ਅੱਜ ਨਤੀਜਿਆਂ ਦੀ ਸਮੁੱਚੀ ਪ੍ਰਕਿਰਿਆਂ ਆਮਨ-ਸ਼ਾਂਤੀ ਨਾਲ ਸਫਲਤਾਪੂਰਵਕ ਨੇਪਰੇ ਚੜੀ ਹੈ। ਉਨ੍ਹਾਂ ਸਮੁੱਚੇ ਪੋਲਿੰਗ ਸਟਾਫ, ਸਿਵਲ ਅਤੇ ਪੁਲਸ ਅਧਿਕਾਰੀ ਅਤੇ ਕਰਮਚਾਰੀਆਂ ਦਾ ਧੰਨਵਾਦ ਕੀਤਾ। ਡਿਪਟੀ ਕਮਿਸ਼ਨਰ ਨੇ ਅੱਗੇ ਦੱਸਿਆ ਕਿ ਡੇਰਾ ਬਾਬਾ ਨਾਨਕ ਜ਼ਿਮਨੀ ਚੋਣ ਵਿੱਚ ਆਮ ਆਦਮੀ ਪਾਰਟੀ ਦੇ ਉਮਦੀਵਾਰ ਗੁਰਦੀਪ ਸਿੰਘ ਰੰਧਾਵਾ ਜੇਤੂ ਰਹੇ ਹਨ, ਅਤੇ ਉਨ੍ਹਾਂ ਨੇ 5699 ਵੋਟਾਂ ਦੀ ਲੀਡ ਨਾਲ ਜਿੱਤ ਹਾਸਲ ਕੀਤੀ ਹੈ । ਆਪ ਪਾਰਟੀ ਦੇ ਉਮੀਦਵਾਰ ਗੁਰਦੀਪ ਸਿੰਘ ਰੰਧਾਵਾ ਨੂੰ 59104 ਵੋਟਾਂ ਪਈਆਂ। ਇਸ ਤਰ੍ਹਾਂ ਕਾਂਗਰਸ ਪਾਰਟੀ ਦੇ ਉਮੀਦਵਾਰ ਸ਼੍ਰੀਮਤੀ ਜਤਿੰਦਰ ਕੌਰ ਰੰਧਾਵਾ ਨੂੰ 53405, ਭਾਜਪਾ ਦੇ ਉਮੀਦਵਾਰ ਰਵੀਕਰਨ ਸਿੰਘ ਕਾਹਲੋਂ ਨੂੰ 6505, ਸ਼ੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਉਮਦੀਵਾਰ ਲਵਪ੍ਰੀਤ ਸਿੰਘ ਤੂਫਾਨ ਨੂੰ 2358 ਵੋਟਾਂ ਪਈਆਂ ਅਤੇ ਸਤਨਾਮ ਸਿੰਘ ਨੂੰ 197, ਸੰਤ ਸੇਵਕ ਨੂੰ 283, ਸ਼੍ਰੀਮਤੀ ਜਤਿੰਦਰ ਕੌਰ ਰੰਧਾਵਾ ਨੂੰ 161, ਨਵਪ੍ਰੀਤ ਸਿੰਘ ਨੂੰ 284, ਪਾਲਾ ਸਿੰਘ ਨੂੰ 124, ਰਣਜੀਤ ਸਿੰਘ ਨੂੰ 462, ਆਯੂਬ ਮਸੀਹ ਨੂੰ 214 (ਸਾਰੇ ਆਜਾਦ ਉਮੀਦਵਾਰ) ਅਤੇ ਨੋਟਾ ਨੂੰ 875 ਵੋਟਾਂ ਪਈਆ।






# ਸਫਰ - ਏ - ਦਸ਼ਮੇਸ਼ ਸਮਾਗਮਾਂ ਦਾ ਮੁੱਖ ਮਕਸਦ ਨੌਜਵਾਨ ਪੀੜੀ ਨੂੰ ਗੁਰੂ ਇਤਿਹਾਸ ਨਾਲ ਜੋੜਨਾ : ਜਥੇਦਾਰ ਦਾਦੂਵਾਲ

## ਨੌਜਵਾਨ ਪੀੜੀ ਨੂੰ ਚਾਅ ਹੁੰਦਾ ਨਗਰ ਕੀਰਤਨ ਦੇ ਵਿੱਚ ਸੇਵਾ ਭਾਵ ਨਿਭਾਉਣ ਦਾ

**ਹਰਿਆਣਾ** ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਦੇ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਵੱਲੋਂ ਉਲੀਕੇ ਜਾ ਰਹੇ ਸਫਰ ਏ ਦਸਮੇਸ਼ ਧਾਰਮਿਕ ਸਮਾਗਮਾਂ ਦੀ ਸੰਗਤਾਂ ਵੱਲੋਂ ਚਾਰੇ ਪਾਸੇ ਸਲਾਘਾ ਕੀਤੀ ਜਾ ਰਹੀ ਹੈ ਕਿਉਂਕਿ ਇਤਿਹਾਸ ਵਿੱਚ ਪਹਿਲੀ ਵਾਰ ਹਰਿਆਣਾ ਕਮੇਟੀ ਵੱਲੋਂ ਇਸ ਤਰਾਂ ਦੇ ਪ੍ਰੋਗਰਾਮ ਉਲੀਕੇ ਜਾਂ ਰਹੇ ਹਨ ।ਧਰਮ ਪ੍ਰਚਾਰ ਕਮੇਟੀ ਦੇ ਚੇਅਰਮੈਨ ਹੋਣ ਦੇ ਨਾਤੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਇਨਾਂ ਪ੍ਰੋਗਰਾਮਾਂ ਦੀ ਅਗਵਾਈ ਕਰ ਰਹੇ ਹਨ ।ਗੁਰਦੁਆਰਾ ਨਾਢਾ ਸਾਹਿਬ ਦੇ ਮੁੱਖ ਗ੍ਰੰਥੀ ਗਿ: ਜਗਜੀਤ ਸਿੰਘ ਜੀ ਨੇ ਸੰਗਤ ਨੂੰ ਪ੍ਰੇਰਣ ਦਾ ਵਧੀਆ ਉਪਰਾਲਾ ਕੀਤਾ ਹੈ ।ਇਸ ਗੱਲ ਤੇ ਵੀ ਬੜਾ ਧਿਆਨ ਦੇਣਾ ਬਣਦਾ ਹੈ ਕਿ ਪ੍ਰੋਗਰਾਮ ਠੀਕ ਉਸੇ ਤਰ੍ਹਾਂ ਉਲੀਕੇ ਗਏ ਜਿਵੇਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਕਿਸੇ ਵੇਲੇ ਪਾਉਂਟਾ ਸਾਹਿਬ ਤੋਂ ਭੰਗਾਣੀ ਦਾ ਜੰਗ ਜਿੱਤ ਕੇ ਅਨੰਦਪੁਰ ਸਾਹਿਬ ਨੂੰ ਵਾਪਸ ਗਏ ਨੌਜਵਾਨ ਪੀੜੀ ਨੂੰ ਨਗਰ ਕੀਰਤਨ ਦੇ ਵਿੱਚ ਸੇਵਾ ਨਿਭਾਉਣ ਦਾ ਬਹੁਤ ਵੱਡਾ ਚਾਅ ਹੁੰਦਾ ਹੈ ।ਨੌਜਵਾਨ ਪੀੜੀ ਨੂੰ ਗੁਰੂ ਇਤਿਹਾਸ ਨਾਲ ਜੋੜਨ ਦਾ ਇਹ ਵਧੀਆ ਉਪਰਾਲਾ ਹੈ ।ਇੱਥੇ ਇਸ ਗੱਲ ਦਾ ਵੀ ਜ਼ਿਕਰ ਕਰਨਾ ਬਣਦਾ ਹੈ ਕਿ ਪਾਉਂਟਾ ਸਾਹਿਬ ਤੋਂ ਲੈ ਕੇ ਨਾਢਾ ਸਾਹਿਬ ਤੱਕ ਦੇ ਵਿਚਕਾਰਲੇ ਇਤਿਹਾਸਿਕ ਸਥਾਨਾਂ ਬਾਰੇ ਟਰਾਈ ਸਿਟੀ ਚੰਡੀਗੜ ਦੀਆਂ ਜਿਆਦਾਤਰ ਸੰਗਤਾਂ ਨੂੰ ਵੀ ਕੋਈ ਬਹੁਤੀ ਜਾਣਕਾਰੀ ਨਹੀਂ ਹੈ ।ਖਾਸ ਕਰ ਬਹੁ ਗਿਣਤੀ ਸੰਗਤਾਂ ਨੂੰ ਗੁਰਦੁਆਰਾ ਟੋਕਾ ਸਾਹਿਬ, ਗੁਰਦੁਆਰਾ ਮਾਣਕ ਟਬਰਾ ਸਾਹਿਬ ਬਾਰੇ ਕੋਈ ਬਹੁਤੀ ਜਾਣਕਾਰੀ ਨਹੀਂ ਹੈ ।ਸਫਰ ਏ ਦਸਮੇਸ਼ ਸਮਾਗਮ ਤੇ ਨਗਰ ਕੀਰਤਨ ਉਲੀਕਣ ਦਾ ਮੁੱਖ ਮਕਸਦ ਹੀ ਨੌਜਵਾਨ ਪੀੜੀ ਨੂੰ ਇਤਿਹਾਸ ਨਾਲ ਜੋੜਨਾ ਅਤੇ ਉਨਾਂ ਸੰਗਤਾਂ ਤੱਕ ਇਤਿਹਾਸ ਪਹੁੰਚਾਉਣਾ ਹੈ ਜਿਨਾਂ ਨੂੰ ਪਹਿਲਾਂ ਇਨਾਂ ਇਤਿਹਾਸਿਕ ਸਥਾਨਾ ਬਾਰੇ ਕੋਈ ਜਾਣਕਾਰੀ ਨਹੀਂ ਸੀ ਜਿਕਰਯੋਗ ਹੈ ਕੇ 30 ਨਵੰਬਰ ਤੋਂ ਲੈ ਕੇ 8 ਦਸੰਬਰ ਤੱਕ ਸਫਰ ਏ ਦਸ਼ਮੇਸ਼ ਪ੍ਰੋਗਰਾਮ ਸਮਾਗਮ ਗੁਰਦੁਆਰਾ ਪਾਉਂਟਾ ਸਾਹਿਬ ਤੋਂ ਲੈ ਕੇ ਗੁਰਦੁਆਰਾ ਨਾਢਾ ਸਾਹਿਬ ਤੱਕ ਦੇ ਵਿਚਕਾਰਲੇ ਸਥਾਨਾਂ ਤੇ ਉਲੀਕੇ ਗਏ ਹਨ ।ਜਿਨਾਂ ਵਿੱਚੋਂ ਸਭ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਵਿਖੇ 30 ਨਵੰਬਰ 2024 ਨੂੰ ਸ਼ਾਮ 6 ਵਜੇ ਤੋਂ ਲੈ ਕੇ ਰਾਤ 10 ਵਜੇ ਤੱਕ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ ।ਇਸੇ ਤਰੀਕੇ ਨਾਲ 1 ਦਸੰਬਰ 2024 ਨੂੰ ਗੁਰਦੁਆਰਾ ਕਪਾਲ ਮੋਚਨ ਸਾਹਿਬ ਯਮੁਨਾਨਗਰ,2 ਦਸੰਬਰ 2024 ਨੂੰ ਗੁਰਦੁਆਰਾ ਟੋਕਾ ਸਾਹਿਬ ਨਰਾਇਣਗੜ,3 ਦਸੰਬਰ ਨੂੰ ਗੁਰਦੁਆਰਾ ਮਾਣਕ ਟਬਰਾ ਸਾਹਿਬ ਪੰਚਕੂਲਾ ਵਿਖੇ ਅਤੇ ਸਮਾਪਤੀ ਗੁਰਦੁਆਰਾ ਨਾਢਾ ਸਾਹਿਬ ਵਿਖੇ 8 ਦਸੰਬਰ ਨੂੰ ਹੋਵੇਗੀ ।ਸਾਰੇ ਇਤਿਹਾਸਿਕ ਸਥਾਨਾਂ ਵਿਖੇ ਸ਼ਾਮ ਦੇ ਦੀਵਾਨਾਂ ਦਾ ਸਮਾਂ ਸ਼ਾਮ 6 ਤੋਂ 10 ਦਾ ਰੱਖਿਆ ਗਿਆ ਹੈ ।ਸਾਰੇ ਸਮਾਗਮਾਂ ਵਿੱਚ ਪੰਥ ਪ੍ਰਸਿੱਧ ਰਾਗੀ ਢਾਡੀ ਕਥਾਵਾਚਕ ਸੰਗਤਾਂ ਨੂੰ ਗੁਰਮਤਿ ਵਿਚਾਰਾਂ ਨਾਲ ਜੋੜ ਕੇ ਨਿਹਾਲ ਕਰਨਗੇ ।ਹਰਿਆਣਾ ਕਮੇਟੀ ਦੇ ਪ੍ਰਧਾਨ ਜਥੇਦਾਰ ਭੁਪਿੰਦਰ ਸਿੰਘ ਅਸੰਧ ਅਤੇ ਧਰਮ ਪ੍ਰਚਾਰ ਦੇ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਵੀ ਇਨਾਂ ਸਮਾਗਮਾਂ ਵਿੱਚ ਵੱਖ ਵੱਖ ਥਾਵਾਂ ਤੇ ਹਾਜ਼ਰੀ ਭਰਨਗੇ। ••

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/1948995821245311/

https://youtu.be/LQwolgxDu7I

awazeqaumtvpunjab@gmail.com

ਐਤਵਾਰ, 24 ਨਵੰਬਰ 2024 (ਨਾਨਕਸ਼ਾਹੀ ਸੰਮਤ : ੫੫੬, ੯ ਮੱਘਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

ਧੰਨ ਧੰਨ ਮਾਤਾ ਗੁਜ਼ਰ ਕੌਰ ਜੀ ਦੇ 400 ਸਾਲਾ ਜਨਮ ਦਿਹਾੜੇ ਚੌਥੀ ਸ਼ਤਾਬਦੀ ਨੂੰ ਸਮਰਪਿਤ

## ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 'ਮਹਾਨ ਸਮਾਗਮ' ਕੀਤਾ ਗਿਆ

### ਪੰਥ ਪ੍ਰਸਿੱਧ ਰਾਗੀ ਢਾਡੀ ਪ੍ਰਚਾਰਕ ਸੰਤ ਮਹਾਂਪੁਰਸ਼ ਹਰਿਆਣਾ ਕਮੇਟੀ ਦੇ ਪ੍ਰਧਾਨ ਚੇਅਰਮੈਨ ਹੋਰ ਅਹੁਦੇਦਾਰ ਅਤੇ ਮੈਂਬਰ ਸਾਹਿਬਾਨਾਂ ਸੰਤ ਮਹਾਂਪੁਰਸ਼ਾਂ ਤੋਂ ਇਲਾਵਾ ਹਜ਼ਾਰਾਂ ਦੀ ਤਾਦਾਦ ਵਿੱਚ ਸਿੱਖ ਸੰਗਤਾਂ ਨੇ ਹਾਜ਼ਰੀ ਭਰੀ








ਆਵਾਜ਼ਿ ਕੌਮ
AWAZE QAUM
International Newspaper & WEB TV














ਧੰਨ ਧੰਨ ਮਾਤਾ ਗੁਜ਼ਰ ਕੌਰ ਜੀ ਦੇ 400 ਸਾਲਾ ਜਨਮ ਦਿਹਾੜੇ ਚੌਥੀ ਸ਼ਤਾਬਦੀ ਨੂੰ ਸਮਰਪਿਤ ਉਨਾਂ ਦੇ ਪੇਕੇ ਪਿੰਡ ਗੁਰਦੁਆਰਾ ਲਖਨੌਰ ਸਾਹਿਬ ਅੰਬਾਲਾ ਹਰਿਆਣਾ ਵਿਖੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ "ਮਹਾਨ ਸਮਾਗਮ" ਕੀਤਾ ਗਿਆ ਜਿਸ ਵਿੱਚ ਪੰਥ ਪ੍ਰਸਿੱਧ ਰਾਗੀ ਢਾਡੀ ਪ੍ਰਚਾਰਕ ਸੰਤ ਮਹਾਂਪੁਰਸ਼ ਹਰਿਆਣਾ ਕਮੇਟੀ ਦੇ ਪ੍ਰਧਾਨ ਚੇਅਰਮੈਨ ਹੋਰ ਅਹੁਦੇਦਾਰ ਅਤੇ ਮੈਂਬਰ ਸਾਹਿਬਾਨਾਂ ਸੰਤ ਮਹਾਂਪੁਰਸ਼ਾਂ ਤੋਂ ਇਲਾਵਾ ਹਜ਼ਾਰਾਂ ਦੀ ਤਾਦਾਦ ਵਿੱਚ ਸਿੱਖ ਸੰਗਤਾਂ ਨੇ ਹਾਜ਼ਰੀ ਭਰੀ।

(ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)



(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਧੰਨ ਧੰਨ ਮਾਤਾ ਗੁਜ਼ਰ ਕੌਰ ਜੀ ਦੇ 400 ਸਾਲਾ ਜਨਮ ਦਿਹਾੜੇ ਚੌਥੀ ਸ਼ਤਾਬਦੀ ਨੂੰ ਸਮਰਪਿਤ

# ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 'ਮਹਾਨ ਸਮਾਗਮ' ਕੀਤਾ ਗਿਆ

## ਪੰਥ ਪ੍ਰਸਿੱਧ ਰਾਗੀ ਢਾਡੀ ਪ੍ਰਚਾਰਕ ਸੰਤ ਮਹਾਂਪੁਰਸ਼ ਹਰਿਆਣਾ ਕਮੇਟੀ ਦੇ ਪ੍ਰਧਾਨ ਚੇਅਰਮੈਨ ਹੋਰ ਅਹੁਦੇਦਾਰ ਅਤੇ ਮੈਂਬਰ ਸਾਹਿਬਾਨਾਂ ਸੰਤ ਮਹਾਂਪੁਰਸ਼ਾਂ ਤੋਂ ਇਲਾਵਾ ਹਜ਼ਾਰਾਂ ਦੀ ਤਾਦਾਦ ਵਿੱਚ ਸਿੱਖ ਸੰਗਤਾਂ ਨੇ ਹਾਜ਼ਰੀ ਭਰੀ










ਆਵਾਜ਼ਿ ਕੌਮ AWAZE QAUM International Newspaper & WEB TV



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਧੰਨ ਧੰਨ ਸ਼੍ਰੀ ਗੁਰੂ ਤੇਗ ਬਹਾਦਰ ਮਹਾਰਾਜ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ

# 'ਸਲਾਨਾ ਮਹਾਨ ਨਗਰ ਕੀਰਤਨ' ਆਯੋਜਿਤ

## ,ਸਿੱਖ ਸੰਗਤਾਂ ਨੇ ਨਗਰ ਕੀਰਤਨ ਦਾ ਰਸਤੇ ਵਿੱਚ ਵੱਖ ਵੱਖ ਪਿੰਡ ਸ਼ਹਿਰਾਂ ਵਿੱਚ ਸ਼ਾਨਦਾਰ ਸਵਾਗਤ ਕੀਤਾ ਤੇ ਸੰਗਤਾਂ ਲਈ ਗੁਰੂ ਕੇ ਲੰਗਰ ਲਗਾਏ ਗਏ ਪ੍ਰਬੰਧਕਾਂ ਵੱਲੋਂ ਥਾਂ-ਥਾਂ ਸਿਰਪਾਓ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ











ਧੰਨ ਧੰਨ ਸ਼੍ਰੀ ਗੁਰੂ ਤੇਗ ਬਹਾਦਰ ਮਹਾਰਾਜ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ "ਸਲਾਨਾ ਮਹਾਨ ਨਗਰ ਕੀਰਤਨ" ਗੁਰਦੁਆਰਾ ਥੜਾ ਸਾਹਿਬ ਝੀਵਰਹੇੜੀ ਯਮੁਨਾਨਗਰ,ਅੱਜ ਹਾਜ਼ਰੀ ਭਰਦੇ ਹੋਏ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਦੇ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ,ਭਾਈ ਸੁਖਵਿੰਦਰ ਸਿੰਘ ਮੰਡੇਬਰ ਜਨਰਲ ਸਕੱਤਰ,ਭਾਈ ਰਜਿੰਦਰ ਸਿੰਘ ਡੁਲਿਆਣਾ ਮੈਂਬਰ,ਬਾਬਾ ਦਿਲਬਾਗ ਸਿੰਘ ਕਾਰ ਸੇਵਾ ਝੀਵਰਹੇੜੀ ਸ੍ਰੀ ਅਨੰਦਪੁਰ ਸਾਹਿਬ,ਭਾਈ ਬਲਵੰਤ ਸਿੰਘ ਗੋਪਾਲਾ,ਮੁੱਖ ਗ੍ਰੰਥੀ ਭਾਈ ਮਨਜੀਤ ਸਿੰਘ ਗੜੀ,ਭਾਈ ਹਰਜਿੰਦਰ ਸਿੰਘ ਮੈਨੇਜਰ,ਭਾਈ ਬਲਜਿੰਦਰ ਸਿੰਘ ਇੰਚਾਰਜ ਗੁਰਦੁਆਰਾ ਮਾਨਕ ਟਬਰਾ ਸਾਹਿਬ,ਭਾਈ ਸ਼ਿਵਚਰਨ ਸਿੰਘ ਐਡੀਸ਼ਨਲ ਮੈਨੇਜਰ ਗੁਰਦੁਆਰਾ ਨਾਢਾ ਸਾਹਿਬ,ਭਾਈ ਸੁਖਵਿੰਦਰ ਸਿੰਘ ਭੰਬੂਰ ਕਵੀਸ਼ਰ ਜੱਥਾ ਹਰਿਆਣਾ ਕਮੇਟੀ,ਭਾਈ ਲਖਵਿੰਦਰ ਸਿੰਘ ਸਤਗੋਲੀ,ਭਾਈ ਲਖਵਿੰਦਰ ਸਿੰਘ ਬਸੰਤਪੁਰਾ,ਸਿੱਖ ਸੰਗਤਾਂ ਨੇ ਨਗਰ ਕੀਰਤਨ ਦਾ ਰਸਤੇ ਵਿੱਚ ਵੱਖ ਵੱਖ ਪਿੰਡ ਸ਼ਹਿਰਾਂ ਵਿੱਚ ਸ਼ਾਨਦਾਰ ਸਵਾਗਤ ਕੀਤਾ ਤੇ ਸੰਗਤਾਂ ਲਈ ਗੁਰੂ ਕੇ ਲੰਗਰ ਲਗਾਏ ਗਏ ਪ੍ਰਬੰਧਕਾਂ ਵੱਲੋਂ ਥਾਂ-ਥਾਂ ਸਿਰਪਾਓ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ।



(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਧੰਨ ਧੰਨ ਸ਼੍ਰੀ ਗੁਰੂ ਤੇਗ ਬਹਾਦਰ ਮਹਾਰਾਜ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ

# 'ਸਲਾਨਾ ਮਹਾਨ ਨਗਰ ਕੀਰਤਨ' ਆਯੋਜਿਤ

## ,ਸਿੱਖ ਸੰਗਤਾਂ ਨੇ ਨਗਰ ਕੀਰਤਨ ਦਾ ਰਸਤੇ ਵਿੱਚ ਵੱਖ ਵੱਖ ਪਿੰਡ ਸ਼ਹਿਰਾਂ ਵਿੱਚ ਸ਼ਾਨਦਾਰ ਸਵਾਗਤ ਕੀਤਾ ਤੇ ਸੰਗਤਾਂ ਲਈ ਗੁਰੂ ਕੇ ਲੰਗਰ ਲਗਾਏ ਗਏ ਪ੍ਰਬੰਧਕਾਂ ਵੱਲੋਂ ਥਾਂ-ਥਾਂ ਸਿਰਪਾਓ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ




















ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਦਸ਼ਮੇਸ਼ ਹੈਰੀਟੇਜ ਸਕੂਲ ਵਿਖੇ

# ਸਾਇੰਸ ਮੇਲਾ ਲਗਾਇਆ ਗਿਆ



**ਚੌਕ ਮਹਿਤਾ, 23 ਨਵੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਦਸ਼ਮੇਸ਼ ਵਿੱਦਿਅਕ ਸੰਸਥਾਵਾਂ ਦੀ ਅਗਵਾਈ ਹੇਠ ਚੱਲ ਰਹੀ ਇਲਾਕੇ ਦੀ ਨਾਮਵਰ ਸੰਸਥਾ ਦਸ਼ਮੇਸ਼ ਹੈਰੀਟੇਜ ਪਬਲਿਕ ਸਕੂਲ, ਮਹਿਤਾ ਚੌਂਕ ਵਿਖੇ ਵਿਦਿਆਰਥੀਆਂ ਅਤੇ ਅਧਿਆਪਕਾਂ ਦੇ ਸਹਿਯੋਗ ਨਾਲ ਸਾਇੰਸ ਪ੍ਰਦਰਸ਼ਨੀ ਲਗਾਈ ਗਈ। ਸਕੂਲ ਵੱਲੋਂ ਇਹ ਉਪਰਾਲਾ ਕਰਕੇ ਬੱਚਿਆਂ ਦੀ ਯੋਗਤਾ ਵਿੱਚ ਵਾਧਾ ਕਰਨ ਦਾ ਸਫ਼ਲ ਯਤਨ ਕੀਤਾ ਗਿਆ। ਜਿਸ ਵਿੱਚ ਸਕੂਲ ਦੇ ਹਰ ਵਿਦਿਆਰਥੀ ਨੇ ਵੱਧ ਚੜ੍ਹ ਕੇ ਹਿੱਸਾ ਲਿਆ। ਇਹ ਪ੍ਰਦਰਸ਼ਨੀ ਦੂਸਰੀ ਜਮਾਤ ਤੋਂ ਲੈ ਕੇ ਗਿਆਰ੍ਹਵੀਂ ਜਮਾਤ ਦੇ ਬੱਚਿਆਂ ਵੱਲੋਂ ਲਗਾਈ ਗਈ। ਵਿਦਿਆਥੀਆਂ ਵੱਲੋਂ ਸਾਇੰਸ ਦੇ ਵੱਖਰੇ - ਵੱਖਰੇ ਮਾਡਲ ਤਿਆਰ ਕੀਤੇ ਗਏ। ਇਹ ਮਾਡਲ ਬੱਚਿਆਂ ਨੇ ਆਪਣੇ ਹੱਥੀਂ ਤਿਆਰ ਕੀਤੇ ਜਿਸ ਵਿੱਚ ਉਹਨਾਂ ਨੇ ਘਰੋਂ ਅਸਾਨੀ ਨਾਲ ਮਿਲਣ ਵਾਲੀਆਂ ਵਸਤੂਆਂ ਦੀ ਵਰਤੋਂ ਕੀਤੀ। ਇਹਨਾਂ ਮਾਡਲਾਂ ਵਿੱਚ ਉਹਨਾਂ ਨੇ ਸਰੀਰਿਕ ਗਤੀਵਿਧੀਆਂ, ਵੱਖ - ਵੱਖ ਗੈਸਾਂ ਦੀ ਵਰਤੋਂ ਅਤੇ ਲਾਭਾਂ ਦੇ ਬਾਰੇ, ਬਿਜਲੀ ਦੁਆਰਾ ਚੱਲਣ ਦੇ ਸਾਧਨਾਂ ਆਦਿ ਬਾਰੇ ਦਰਸਾਇਆ ਗਿਆ। ਵਿਦਿਆਰਥੀਆਂ ਵੱਲੋਂ ਇਹਨਾਂ ਮਾਡਲਾਂ ਸੰਬੰਧੀ ਜਾਣਕਾਰੀ ਵੀ ਦਿੱਤੀ ਗਈ। ਸਾਰੇ ਬੱਚਿਆਂ ਲਈ ਇਹ ਇੱਕ ਨਵਾਂ ਤਜ਼ਰਬਾ ਰਿਹਾ ਅਤੇ ਬਹੁਤ ਕੁਝ ਉਹਨਾਂ ਨੂੰ ਨਵਾਂ ਵੀ ਸਿੱਖਣ ਨੂੰ ਮਿਲਿਆ। ਅਧਿਆਪਕਾਂ ਦੇ ਪੂਰੇ ਸਹਿਯੋਗ ਨਾਲ ਇਹ ਪ੍ਰਦਰਸ਼ਨੀ ਮੁਕੰਮਲ ਹੋਈ ਅਤੇ ਸਾਇੰਸ ਅਧਿਆਪਕਾਂ ਨੇ ਇਹ ਪ੍ਰਦਰਸ਼ਨੀ ਨੇਪਰੇ ਚਾੜ੍ਹਨ ਲਈ ਵਿਸ਼ੇਸ਼ ਯੋਗਦਾਨ ਦਿੱਤਾ। ਸਕੂਲ ਦੇ ਡਾਇਰੈਟਰ ਮੈਡਮ ਹਰਪ੍ਰੀਤ ਕੌਰ ਨੇ ਬੱਚਿਆਂ ਦੀ ਹੌਂਸਲਾ ਅਫ਼ਜਾਈ ਕੀਤੀ ਅਤੇ ਉਹਨਾਂ ਵਲੋਂ ਕੀਤੇ ਉਪਰਾਲੇ ਦੀ ਸ਼ਲਾਘਾ ਕੀਤੀ। ਉਹਨਾਂ ਨੇ ਵਿਦਿਆਰਥੀਆਂ ਨੂੰ ਇਵੇਂ ਹੀ ਮਿਹਨਤ ਕਰਦੇ ਰਹਿਣ ਬਾਰੇ ਕਿਹਾ। ਸੰਸਥਾ ਦੇ ਚੇਅਰਮੈਨ ਸਰਦਾਰ ਗੁਰਦੀਪ ਸਿੰਘ ਰੰਧਾਵਾ ਨੇ ਵੀ ਬੱਚਿਆਂ ਨੂੰ ਆਸ਼ੀਰਵਾਦ ਦਿੱਤਾ ਤੇ ਹੋਰ ਗਤੀਵਿਧੀਆਂ ਵਿੱਚ ਭਾਗ ਲੈਂਦੇ ਰਹਿਣ ਦੀ ਪ੍ਰੇਰਣਾ ਦਿੱਤੀ। ਦਸ਼ਮੇਸ਼ ਅਦਾਰਾ ਹਮੇਸ਼ਾ ਹੀ ਬੱਚਿਆਂ ਦੇ ਬਹੁ ਪੱਖੀ ਵਿਕਾਸ ਵੱਲ ਧਿਆਨ ਦਿੰਦਾ ਰਿਹਾ ਅਤੇ ਇਹੀ ਯਤਨ ਅੱਗੇ ਵੀ ਚਲਦੇ ਰਹਿਣਗੇ।

### ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ 'ਕੈਂਸਰ ਬਾਇਉਲੋਜ਼ੀ' 'ਤੇ

# ਤਿੰਨ ਰੋਜ਼ਾ ਵਰਕਸ਼ਾਪ ਆਯੋਜਿਤ



**ਤਲਵੰਡੀ ਸਾਬੋ, 23 ਨਵੰਬਰ (ਗੁਰਜੰਟ ਸਿੰਘ ਨਥੇਹਾ)**- ਗੁਰੂ ਕਾਸ਼ੀ ਯੂਨੀਵਰਸਿਟੀ ਦੇ ਫੈਕਲਟੀ ਆਫ਼ ਫਾਰਮੈਸੀ ਤੇ ਪੈਰਾਮੈਡੀਕਲ ਵੱਲੋਂ ਡਾ. ਪੀਯੂਸ਼ ਵਰਮਾ ਕਾਰਜਕਾਰੀ ਉਪ ਕੁਲਪਤੀ ਦੀ ਰਹਿਨੁਮਾਈ ਹੇਠ ਕੈਂਸਰ ਦੀ ਜਾਂਚ ਲਈ ਇਸਤੇਮਾਲ ਹੋਣ ਵਾਲੀ ਤਕਨੀਕ ਅਤੇ ਵਿਧੀਆਂ ਦੇ ਸੁਧਾਰ ਲਈ ਤਿੰਨ ਰੋਜ਼ਾ ਵਰਕਸ਼ਾਪ ਤੇ ਟ੍ਰੇਨਿੰਗ ਪ੍ਰੋਗਰਾਮ ਦਾ ਆਯੋਜਨ ਇੰਸਟੀਚਿਊਟ ਇੰਨੋਵੇਸ਼ਨ ਕੌਂਸਲ, ਸਕਿਲ ਡਿਵੈਲਪਮੈਂਟ ਵਿਭਾਗ ਤੇ ਸੈਂਟਰ ਫਾਰ ਰਿਸਰਚ ਐਂਡ ਇਨੋਵੇਸ਼ਨ ਸਟਡੀਜ਼ ਦੇਹਰਾਦੂਨ ਦੇ ਸਹਿਯੋਗ ਨਾਲ ਕੀਤਾ ਗਿਆ। ਜਿਸ ਵਿੱਚ ਡਾ. ਅਨੁਪਮ ਸ਼ਰਮਾ ਮੋਹਾਲੀ, ਫਾਰਮੈਸੀ ਅਤੇ ਪੈਰਾਮੈਡੀਕਲ ਦੇ 200 ਤੋਂ ਵੱਧ ਡੈਲੀਗੇਟਸ ਨੇ ਸ਼ਿਰਕਤ ਕੀਤੀ। ਇਸ ਮੌਕੇ ਡਾ. ਵਰਮਾ ਨੇ ਕੈਂਸਰ ਦੀ ਬਿਮਾਰੀ ਨੂੰ ਰੋਕਣ ਅਤੇ ਇਸ ਦੇ ਵਧੀਆ ਇਲਾਜ ਲਈ ਇਸ ਦੀ ਮੁੱਢਲੀ ਅਵਸਥਾ ਵਿੱਚ ਜਾਣਕਾਰੀ ਦੀ ਅਹਿਮੀਅਤ ਤੇ ਚਰਚਾ ਕੀਤੀ। ਉਹਨਾਂ ਕਿਹਾ ਕਿ ਮੁੱਢਲੀ ਅਵਸਾਥਾ ਵਿੱਚ ਕੈਂਸਰ ਦਾ ਪੂਰਨ ਇਲਾਜ ਸੰਭਵ ਹੈ ਜੇਕਰ ਵਧੀਆ ਜਾਂਚ ਤਰੀਕਿਆਂ ਰਾਹੀਂ ਇਸ ਦਾ ਪਤਾ ਲਗਾਇਆ ਜਾ ਸਕੇ। ਉਹਨਾਂ ਇਸ ਕਾਰਜ ਲਈ ਉੱਤਮ ਤਕਨੀਕ ਅਤੇ ਪੜਤਾਲ ਦੀਆਂ ਆਧੁਨਿਕ ਵਿਧੀਆਂ ਬਾਰੇ ਜਾਣੂ ਹੋਣਾ ਜ਼ਰੂਰੀ ਦੱਸਿਆ। ਉਹਨਾਂ ਇਸ ਖੇਤਰ ਵਿਚ ਫੈਕਲਟੀ ਆਫ਼ ਫਾਰਮੈਸੀ ਅਤੇ ਪੈਰਾਮੈਡੀਕਲ ਵੱਲੋਂ ਕੀਤੇ ਗਏ ਉਪਰਾਲੇ ਦੀ ਸ਼ਲਾਘਾ ਕੀਤੀ। ਡਾ. ਮਨੋਜ ਕੁਮਾਰ ਡੀਨ ਨੇ ਸਭਨਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਫਾਰਮੈਸੀ ਅਤੇ ਪੈਰਾਮੈਡੀਕਲ ਦੇ ਖੇਤਰ ਵਿੱਚ ਹੋ ਰਹੀਆਂ ਨਵੀਆਂ ਖੋਜਾਂ ਅਤੇ ਬਜ਼ਾਰ ਵਿੱਚ ਆ ਰਹੀ ਨਵੀਂ ਤਕਨੀਕ ਤੋਂ ਵਿਦਿਆਰਥੀਆਂ ਨੂੰ ਜਾਣੂ ਕਰਵਾਉਣਾ ਵਰਕਸ਼ਾਪ ਦਾ ਮਕਸਦ ਹੈ। ਉਹਨਾਂ ਇਹ ਵੀ ਕਿਹਾ ਕਿ ਟ੍ਰੈਨਿੰਗ ਕੈਂਪ ਨਾਲ ਵਿੱਦਿਆਰਥੀਆਂ ਦੇ ਕੌਸ਼ਲ ਅਤੇ ਹੁਨਰ ਵਿੱਚ ਨਿਖਾਰ ਆਵੇਗਾ ਜਿਸ ਰਾਹੀ ਕੈਂਸਰ ਵਰਗੀ ਨਾ-ਮੁਰਾਦ ਬਿਮਾਰੀ ਨੂੰ ਸ਼ੁਰੂਆਤੀ ਅਵਸਥਾ ਵਿੱਚ ਜਾਂਚ ਕੇ ਇਸ ਦਾ ਉੱਤਮ ਇਲਾਜ ਕੀਤਾ ਜਾ ਸਕਦਾ ਹੈ, ਤੇ ਕਈ ਕੀਮਤੀ ਜਾਨਾਂ ਦੀ ਰੱਖਿਆ ਕੀਤੀ ਜਾ ਸਕਦੀ ਹੈ। ਵਰਕਸ਼ਾਪ ਤੇ ਟ੍ਰੈਨਿੰਗ ਕੈਂਪ ਵਿੱਚ ਡੀ.ਐਨ.ਏ. ਲੈਬਸ ਦੇਹਰਾਦੂਨ ਉਤਰਾਖੰਡ ਦੇ ਮਾਹਿਰ ਸਾਇੰਸਦਾਨਾਂ ਡਾ. ਨਰੋਤਮ ਸ਼ਰਮਾ ਨੇ ਕੈਂਸਰ ਬਾਇਓਟੈਕਨਾਲੋਜੀ ਅਤੇ ਡੀ.ਐਨ.ਏ. ਤਕਨੀਕ, ਡਾ. ਅੰਕਿਤਾ ਸਿੰਘ ਨੇ ਐਲੀਜ਼ਾ, ਡਾ. ਰਾਕੇਸ਼ ਕੁਮਾਰ ਨੇ ਪੀ.ਸੀ.ਆਰ. ਤਕਨੀਕ, ਡਾ. ਸ਼ਸ਼ੀ ਭੂਸ਼ਣ ਨੇ ਜੈਨੇਟਿਕ ਇੰਜੀਨਿਅਰਿੰਗ ਤੇ ਡਾ. ਰਮੇਸ਼ ਕੁਮਾਰ ਨੇ ਡੀ.ਐਨ.ਏ. ਤਕਨੀਕ ਤੇ ਆਪਣੇ ਵਿਚਾਰ ਸਾਂਝੇ ਕੀਤੇ। ਆਯੋਜਕਾਂ ਵੱਲੋਂ ਮਾਹਿਰ, ਬੁਲਾਰਿਆਂ ਅਤੇ ਡੈਲੀਗੇਟਸ ਨੂੰ ਯਾਦਗਾਰੀ ਚਿੰਨ੍ਹ ਅਤੇ ਸਰਟੀਫਿਕੇਟ ਨਾਲ ਸਨਮਾਨਿਤ ਕੀਤਾ ਗਿਆ।


ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243


# ਆਪ ਦੀ ਸਰਕਾਰ ਆਪ ਦੇ ਦੁਆਰ ਤਹਿਤ 26 ਨਵੰਬਰ ਨੂੰ ਰਾਮਦਾਸ ਬਲਾਕ ਵਿੱਚ ਲੱਗੇਗਾ ਕੈਂਪ - ਡਿਪਟੀ ਕਮਿਸ਼ਨਰ



**ਜੰਡਿਆਲਾ ਗੁਰੂ, 23 ਨਵੰਬਰ (ਕੁਲਵੰਤ ਸਿੰਘ ਵਿਰਦੀ)**-ਪੰਜਾਬ ਸਰਕਾਰ ਵੱਲੋ ਲੋਕਾਂ ਨੂੰ ਤਰੱਕੀ ਦੇ ਰਾਹ ਤੇ ਲੈ ਕੇ ਜਾਣ ਲਈ ਹਰ ਸੰਭਵ ਉਪਰਾਲੇ ਕੀਤੇ ਜਾ ਰਹੇ ਹਨ। ਇਸ ਗੱਲ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ੍ਰੀਮਤੀ ਸ਼ਾਕਸੀ ਸਾਹਨੀ ਨੇ ਕਰਦਿਆਂ ਦੱਸਿਆ ਕਿ ਬਾਰਡਰ ਏਰੀਆਂ ਦੇ ਨਾਗਰਿਕਾ ਨੂੰ ਕਾਮਯਾਬੀ ਅਤੇ ਤਰੱਕੀ ਦੇ ਰਾਹ ਤੇ ਲੈ ਕੇ ਜਾਣ ਲਈ ਕੈਂਪ ਲਗਵਾਉਣੇ ਸੁਰੂ ਕੀਤੇ ਜਾ ਰਹੇ ਹਨ, ਜਿਸ ਤਹਿਤ 26 ਨਵੰਬਰ 2024 ਦਿਨ ਮੰਗਲਵਾਰ ਨੂੰ ਰਾਮਦਾਸ ਬਲਾਕ ਵਿੱਚ ਬਲਾਕ ਵਿਕਾਸ ਅਤੇ ਪੰਚਾਇਤ ਦਫਤਰ ਰਮਦਾਸ ਵਿਖੇ ਸਰਕਾਰੀ ਸੁਵਿਧਾਵਾ ਸਬੰਧੀ ਜਾਗਰੂਕ ਕਰਨ ਅਤੇ ਸੇਵਾਵਾਂ ਪ੍ਰਦਾਨ ਕਰਨ ਲਈ ਸਵੇਰੇ 9:30 ਵਜੇ ਕੈਂਪ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਹੋਰ ਜਾਣਕਾਰੀ ਦਿੰਦੇ ਹੋਏ ਸਹਾਇਕ ਕਮਿਸ਼ਨਰ(ਸਿਖਲਾਈ ਅਧੀਨ) ਸ੍ਰੀਮਤੀ ਸੋਨਮ ਨੇ ਦੱਸਿਆ ਕਿ ਇਸ ਕੈਂਪ ਵਿੱਚ ਵੱਖ-ਵੱਖ ਸਰਕਾਰੀ ਵਿਭਾਗਾ ਜਿਵੇਂ ਕਿ ਕਿਰਤ ਵਿਭਾਗ, ਅੰਮ੍ਰਿਤਸਰ, ਜੀ.ਐਮ. ਜਿਲ੍ਹਾਂ ਇੰਡਸਟਰੀ ਸੈਂਟਰ, (ਜੀ.ਐਮ.ਡੀ.ਆਈ.ਸੀ) ਅੰਮ੍ਰਿਤਸਰ, ਡਾਇਰੈਕਟਰ ਆਰ ਸੈਟੀ ਪੀ.ਐਨ.ਬੀ. ਮੱਲੀਆਂ ਕਲਾਂ, ਅੰਮ੍ਰਿਤਸਰ, ਬਲਾਕ ਮਿਸ਼ਨ ਮੈਨੇਜਰ, ਪੰਜਾਬ ਸਕਿਲ ਡਵੈਲਪਮੈਂਟ ਮਿਸ਼ਨ, ਅੰਮ੍ਰਿਤਸਰ, ਡਿਪਟੀ ਡਾਇਰੈਕਟਰ, ਜਿਲ੍ਹਾ ਰੋਜਗਾਰ ਅਤੇ ਕਾਰੋਬਾਰ ਬਿਊਰੋ, ਅੰਮ੍ਰਿਤਸਰ, ਜਿਲ੍ਹਾ ਮੈਨੇਜਰ ਐਸ.ਸੀ. ਕਾਰਪੋਰੇਸ਼ਨ, ਅੰਮ੍ਰਿਤਸਰ, ਜਿਲ੍ਹਾ ਮੈਨੇਜਰ ਬੈਂਕ ਫਿੰਨੋ ਕਾਰਪੋਰੇਸ਼ਨ, ਅੰਮ੍ਰਿਤਸਰ, ਡਾਇਰੈਕਟਰ ਕਿਸ਼ੀ ਵਿਗਿਆਨ ਕੇਂਦਰ, ਅੰਮ੍ਰਿਤਸਰ, ਡਿਪਟੀ ਡਾਇਰੈਕਟਰ, ਡੇਅਰੀ ਡਿਵੈਲਪਮੈਂਟ ਵਿਭਾਗ, ਅੰਮ੍ਰਿਤਸਰ, ਜਿਲ੍ਹਾ ਲੀਡ ਬੈਂਕ ਮੈਨੇਜਰ, ਅੰਮ੍ਰਿਸਤਰ, ਜਿਲ੍ਹਾ ਮੈਨੇਜਰ ਕਾਮਨ ਸਰਵਿਸ ਸੈਂਟਰ, ਅੰਮ੍ਰਿਤਸਰ, ਜਿਲ੍ਹਾ ਮੈਨੇਜਰ ਪੰਜਾਬ ਸਟੇਟ ਰੂਲਰ ਲਾਇਵਲੀਹੁਡ ਮਿਸ਼ਨ, ਅੰਮ੍ਰਿਤਸਰ ਵੱਲੋਂ ਭਾਗ ਲਿਆ ਜਾਣਾ ਹੈ। ਜਿਸ ਵਿੱਚ ਉਹਨਾ ਦੇ ਮਹਿਕਮੇ ਵੱਲੋਂ ਜਰੂਰੀ ਜਾਣਕਾਰੀ ਉਪਲੱਬਧ ਕਰਵਾਈ ਜਾਵੇਗੀ। ਰਮਦਾਸ ਅਤੇ ਇਸ ਦੇ ਨਾਲ ਲੱਗਦੇ ਇਲਾਕੇ ਦੇ ਨਾਗਰਿਕਾ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਇਸ ਕੈਂਪ ਵਿੱਚ ਹਿੱਸਾ ਲੈ ਕੇ ਵੱਧ ਤੋਂ ਵੱਧ ਲਾਭ ਪ੍ਰਾਪਤ ਕਰਨ। ਇਸ ਸੰਬੰਧੀ ਵਧੇਰੇ ਜਾਣਕਾਰੀ ਲਈ ਬਲਾਕ ਡਿਵੈਲਪਮੈਂਟ ਅਤੇ ਪੰਚਾਇਤ ਅਫ਼ਸਰ, ਰਮਦਾਸ ਦੇ ਦਫਤਰ ਸੰਪਰਕ ਕੀਤਾ ਜਾ ਸਕਦਾ ਹੈ।

# ਮਹਾਰਾਸ਼ਟਰ ਸਿੱਖ ਸਮਾਜ ਅਤੇ ਗੁਰੂ ਨਾਨਕ ਨਾਮ ਲੇਵਾ ਸੰਗਤ ਵੱਲੋਂ ਸ਼੍ਰੀ ਦੇਵੇਂਦਰ ਫਡਣਵੀਸ ਅਤੇ ਭਾਜਪਾ ਨੇਤ੍ਰਵ ਵਾਲੀ ਮਹਾਯੁਤੀ ਨੂੰ 2024 ਦੇ ਵਿਧਾਨ ਸਭਾ ਚੋਣਾਂ ਵਿੱਚ ਇਤਿਹਾਸਿਕ ਅਤੇ ਸ਼ਾਨਦਾਰ ਜਿੱਤ ਲਈ ਦਿਲੋਂ ਵਧਾਈ: ਸ੍ਰ ਮਲਕੀਤ ਸਿੰਘ ਬੱਲ



**ਅੰਮ੍ਰਿਤਸਰ, 23 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਮਹਾਰਾਸ਼ਟਰ ਸਿੱਖ ਸਮਾਜ ਅਤੇ ਸ਼੍ਰੀ ਗੁਰੂ ਨਾਨਕ ਨਾਮ ਲੇਵਾ ਸੰਗਤ ਸ਼੍ਰੀ ਦੇਵੇਂਦਰ ਫਡਣਵੀਸ ਜੀ ਅਤੇ ਭਾਜਪਾ ਨੇਤ੍ਰਤਵ ਵਾਲੇ ਮਹਾਯੁਤੀ ਗਠਜੋੜ ਨੂੰ 2024 ਦੇ ਵਿਧਾਨ ਸਭਾ ਚੋਣਾਂ ਵਿੱਚ ਉਨ੍ਹਾਂ ਦੀ ਸ਼ਾਨਦਾਰ ਜਿੱਤ 'ਤੇ ਦਿਲੋਂ ਸ਼ੁਭਕਾਮਨਾਵਾਂ ਪੇਸ਼ ਕਰਦਾ ਹੈ ਇਹਨਾ ਸ਼ਬਦਾਂ ਦਾ ਪ੍ਰਗਟਾਵਾ ਸ੍ਰ ਮਲਕੀਤ ਸਿੰਘ ਬੱਲ ਚੇਅਰਮੈਨ ਮਹਾਰਾਸ਼ਟਰ ਰਾਜ ਪੰਜਾਬੀ ਸਾਹਿਤ ਅਕਾਦਮੀ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਸਾਂਝਾ ਕੀਤਾ ਉਨ੍ਹਾਂ ਕਿਹਾ ਕਿ ਇਹ ਇਤਿਹਾਸਿਕ ਮੱਤ ਪ੍ਰਚੰਡਤਾ ਸਾਡੇ ਮਾਨਯੋਗ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਜੀ ਅਤੇ ਮਾਨਯੋਗ ਕੇਂਦਰੀ ਗ੍ਰਹਿ ਮੰਤਰੀ ਸ਼੍ਰੀ ਅਮਿਤ ਸ਼ਾਹ ਜੀ ਦੇ ਦੂਰਦਰਸ਼ੀ ਨੇਤ੍ਰਵ ਅਤੇ ਵਿਕਾਸ-ਕੇਂਦਰਿਤ ਸਰਕਾਰ ਤੇ ਲੋਕਾਂ ਦੇ ਅਟੁੱਟ ਭਰੋਸੇ ਨੂੰ ਦਰਸਾਉਂਦਾ ਹੈ ਸਿੱਖ ਸਮਾਜ ਅਤੇ ਗੁਰੂ ਨਾਨਕ ਨਾਮ ਲੇਵਾ ਸੰਗਤ, ਜਿਸ ਵਿੱਚ ਸਿੱਖ, ਹਿੰਦੂ, ਪੰਜਾਬੀ, ਸਿੰਧੀ, ਸਿਕਲੀਗਰ, ਲੁਭਾਣਾ ਅਤੇ ਵੰਜਾਰਾ ਸਮਾਜ ਸ਼ਾਮਲ ਹਨ, ਨੇ ਮਹਾਰਾਸ਼ਟਰ ਦੇ ਹਰ ਕੋਨੇ ਵਿੱਚ ਭਾਜਪਾ ਨੇਤ੍ਰਤਵ ਵਾਲੀ ਮਹਾਯੁਤੀ ਨੂੰ ਦਿਲੋਂ ਸਮਰਥਨ ਦਿੱਤਾ ਅਤੇ ਉਸ ਦੇ ਹੱਕ ਵਿੱਚ ਵੋਟ ਪਾ ਕੇ ਇਸ ਜਿੱਤ ਵਿੱਚ ਮੁੱਖ ਭੂਮਿਕਾ ਨਿਭਾਈ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਦੇ ਮਾਰਗਦਰਸ਼ਨ ਅਤੇ ਆਸ਼ੀਰਵਾਦ ਹੇਠ ਮਹਾਰਾਸ਼ਟਰ ਦੇ ਵੱਖ-ਵੱਖ ਖੇਤਰਾਂ, ਜਿਵੇਂ ਕਿ ਮੁੰਬਈ, ਨਵੀ ਮੁੰਬਈ, ਪੁਨੇ, ਨਾਸਿਕ, ਔਰੰਗਾਬਾਦ, ਨੰਦੇੜ, ਨਾਗਪੁਰ, ਕੋਲ੍ਹਾਪੁਰ ਅਤੇ ਹੋਰ ਜ਼ਿਿਲ੍ਹਆਂ ਵਿੱਚ ਵਿਸ਼ਾਲ ਕਮਿਊਨਟੀ ਆਉਟਰੀਚ ਪ੍ਰੋਗਰਾਮ ਆਯੋਜਿਤ ਕੀਤੇ ਗਏ। 18 ਨਵੰਬਰ 2024 ਨੂੰ ਮੁੰਬਈ ਵਿੱਚ ਹੋਈ ਪ੍ਰੈਸ ਕਾਨਫਰੰਸ ਦੌਰਾਨ ਸਿੱਖ ਸਮਾਜ ਨੇ ਭਾਜਪਾ ਨੇਤ੍ਰਤਵ ਵਾਲੀ ਮਹਾਯੁਤੀ ਦੇ ਹੱਕ ਵਿੱਚ ਆਪਣਾ ਪੂਰਾ ਸਮਰਥਨ ਜਨਤਕ ਤੌਰ 'ਤੇ ਦੱਸਿਆ ਇਹ ਸਮਰਥਨ ਸਰਕਾਰ ਦੀਆਂ ਪ੍ਰਗਤਿਸੀਲ ਅਤੇ ਸਮਾਵੇਸ਼ੀਕ ਨੀਤੀਆਂ ਦੀ ਮਾਨਤਾ ਦੇ ਤੌਰ 'ਤੇ ਦਿੱਤਾ ਗਿਆ ਹੈ, ਜਿਨ੍ਹਾਂ ਨੇ ਸਿੱਖ ਸਮਾਜ ਦੀ ਭਲਾਈ ਅਤੇ ਉੱਪਰਗਾਮੀ ਲਈ ਮਹੱਤਵਪੂਰਨ ਕਦਮ ਚੁੱਕੇ ਹਨ। ਇਨ੍ਹਾਂ ਸਿੱਖ ਸਮਾਜ ਦੇ ਦਿਲ ਵਿੱਚ ਸ਼੍ਰੀ ਦੇਵੇਂਦਰ ਫਡਣਵੀਸ ਅਤੇ ਭਾਜਪਾ ਨੇਤ੍ਰਤਵ ਵਾਲੀ ਮਹਾਯੁਤੀ ਦੇ ਨੇਤ੍ਰਤਵ ਪ੍ਰਤੀ ਭਰੋਸਾ ਅਤੇ ਯਕੀਨ ਮਜ਼ਬੂਤ ਕੀਤਾ ਹੈ ਅਸੀਂ ਫਿਰ ਇੱਕ ਵਾਰ ਸ਼੍ਰੀ ਦੇਵੇਂਦਰ ਫਡਣਵੀਸ ਜੀ ਅਤੇ ਭਾਜਪਾ ਨੇਤ੍ਰਤਵ ਵਾਲੀ ਮਹਾਯੁਤੀ ਦੇ ਸੀਨੀਅਰ ਨੇਤਾਵਾਂ ਨੂੰ ਇਸ ਇਤਿਹਾਸਿਕ ਸਫਲਤਾ 'ਤੇ ਵਧਾਈ ਦਿੰਦੇ ਹਾਂ। ਮਹਾਰਾਸ਼ਟਰ ਦਾ ਸਿੱਖ ਸਮਾਜ ਅਤੇ ਗੁਰੂ ਨਾਨਕ ਨਾਮ ਲੇਵਾ ਸੰਗਤ ਨਵੀਂ ਸਰਕਾਰ ਵਿੱਚ ਰਾਜ ਦੀ ਤਰੱਕੀ ਅਤੇ ਵਿਕਾਸ ਲਈ ਆਪਣਾ ਸਮਰਥਨ ਅਤੇ ਸਕਾਰਾਤਮਕ ਯੋਗਦਾਨ ਦੇਣ ਲਈ ਪ੍ਰਤੀਬੱਧ ਹਨ।

### ਅਮਰੀਕਾ ਦੀ ਧਰਮ ਪ੍ਰਚਾਰ ਯਾਤਰਾ ਦੌਰਾਨ

# ਗੁਰਦੁਆਰਾ ਸਾਹਿਬ ਰਿਵਰ ਸਾਈਡ ਕੈਲੀਫੋਰਨੀਆ ਵਿਖੇ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਮੁਖੀ ਦਮਦਮੀ ਟਕਸਾਲ ਸਮੇਤ ਵੱਖ-ਵੱਖ ਸ਼ਖਸੀਅਤਾਂ ਦਾ ਸਨਮਾਨ










ਅਮਰੀਕਾ ਦੀ ਧਰਮ ਪ੍ਰਚਾਰ ਯਾਤਰਾ ਦੌਰਾਨ ਗੁਰਦੁਆਰਾ ਸਾਹਿਬ ਰਿਵਰ ਸਾਈਡ ਕੈਲੀਫੋਰਨੀਆ ਵਿਖੇ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਮੁਖੀ ਦਮਦਮੀ ਟਕਸਾਲ, ਬਾਬਾ ਬੰਤਾ ਸਿੰਘ ਜੀ ਮੁੰਡਾ ਪਿੰਡ ਵਾਲੇ ਅਤੇ ਭਾਈ ਪਿੰਦਰਪਾਲ ਸਿੰਘ ਜੀ ਅਤੇ ਹੋਰ ਪ੍ਰਮੁਖ ਸ਼ਖਸੀਅਤਾਂ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਜਿਲ੍ਹਾ ਫਿਰੋਜ਼ਪੁਰ ਦੇ ਜੋਨ ਮੱਲਾਂ ਵਾਲਾ ਦੇ ਪਿੰਡਾਂ ਨੇ

# ਭਗਵੰਤ ਮਾਨ ਸਰਕਾਰ ਦਾ ਮੇਨ ਚੌਕ ਵਿੱਚ ਪੁਤਲਾ ਫੂਕਿਆ







**ਫਿਰੋਜ਼ਪੁਰ, 23 ਨਵੰਬਰ (ਸੁਖਮੰਦਰ ਸਿੰਘ ਸ਼ਾਂਤ)**-ਅੱਜ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਜੋਨ ਮੱਲਾਂ ਵਾਲੇ ਦੇ ਮੇਨ ਚੌਕ ਵਿੱਚ ਪ੍ਰਧਾਨ ਰਛਪਾਲ ਸਿੰਘ ਗੱਟਾ ਬਾਦਸ਼ਾਹ ਦੀ ਅਗਵਾਈ ਹੇਠ ਭਗਵੰਤ ਮਾਨ ਤੇ ਮੋਦੀ ਸਰਕਾਰ ਦਾ ਪੁਤਲਾ ਫੂਕਿਆ ਗਿਆ ਪ੍ਰੈਸ ਨਾਲ ਗੱਲ ਬਾਤ ਸਾਝੀਂ ਕਰਦਿਆਂ ਹਰਦੀਪ ਸਿੰਘ ਨੇ ਕਿਹਾ ਕਿ ਕੱਲ ਜੋ ਬਠਿੰਡਾ ਜਿਲੇ ਦੇ ਪਿੰਡ ਦੂਨੇ ਵਾਲ ਵਿੱਚੋਂ ਜੋ ਭਾਰਤ ਮਾਲਾ ਪ੍ਰਜੈਕਟ ਤਹਿਤ ਜੋ ਰੋਡ ਨਿਕਲ ਰਿਹਾ ਹੈ ਉਸ ਵਿੱਚ ਕਿਸਾਨਾਂ ਨੂੰ ਪੂਰਾ ਮੁੱਲ ਦੇਣ ਦੀ ਬਜਾਏ ਕੇਂਦਰ ਸਰਕਾਰ ਤੇ ਪੰਜਾਬ ਸਰਕਾਰ ਵੱਲੋਂ ਸ਼ਾਂਤਮਈ ਬੈਠੇ ਕਿਸਾਨਾਂ ਮਜ਼ਦੂਰਾਂ ਉੱਤੇ ਲਾਠੀਚਾਰਜ ਕੀਤਾ ਗਿਆ ਅਤੇ ਅਥਰੂ ਗੈਸ ਦੇ ਗੋਲੇ ਸੁੱਟੇ ਗਏ ਜਿਸ ਵਿੱਚ ਬਹੁਤ ਸਾਰੇ ਕਿਸਾਨ ਜਖਮੀ ਹੋਏ ਹਨ ਇਹ ਘਟਨਾ ਬਹੁਤ ਨਿੰਦਨਯੋਗ ਹੈ ਸਾਰੇ ਆਗੂਆਂ ਵੱਲੋਂ ਇਸ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ ਕੁੱਝ ਕਿਸਾਨ ਆਗੂਆਂ ਨੂੰ ਚੁੱਕ ਕੇ ਜੇਲ ਵਿੱਚ ਭੇਜਿਆ ਗਿਆ

### ਪਿੰਡ ਫੱਤੇ ਵਾਲਾ ਵਿੱਚ ਵੀ ਜਿਲਾ ਸਕੱਤਰ ਗੁਰਮੇਲ ਸਿੰਘ ਵੱਲੋਂ ਵੀ ਪੁਤਲਾ ਫੂਕਿਆ ਗਿਆ

ਇਸ ਤੇ ਆਗੂਆਂ ਨੇ ਕਿਹਾ ਉਹਨਾਂ ਨੂੰ ਜਲਦ ਰਿਹਾਅ ਕੀਤਾ ਜਾਵੇ ਜੇਕਰ ਇਹਨਾਂ ਸਾਰੇ ਮਸਲਿਆਂ ਤੇ ਸਰਕਾਰ ਵੱਲੋਂ ਜਲਦੀ ਹੱਲ ਨਾ ਕੀਤਾ ਗਿਆ ਤਾਂ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਕੋਈ ਐਕਸ਼ਨ ਲਿਆ ਜਾਵੇਗਾ

ਇਸ ਮੌਕੇ ਮੱਸਾ ਸਿੰਘ, ਗੁਰਮੁੱਖ ਸਿੰਘ, ਸੁਖਦੇਵ ਸਿੰਘ, ਪਿੱਪਲ ਸਿੰਘ ਆਦਿ ਕਿਸਾਨ ਆਗੂ ਹਾਜ਼ਰ ਹੋਏ ।

### ਸ੍ਰੀ ਗੁਰੂ ਨਾਨਕ ਦੇਵ ਜੀ ਦਾ ਸਵਾਂਗ ਰਚਣ ਵਾਲਿਆਂ ਵੱਲੋਂ

# ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਵਿਖੇ ਮੁਆਫੀਨਾਮਾ ਪੇਸ਼-ਡਾ. ਵਿਜੇ ਸਤਬੀਰ ਸਿੰਘ

**ਚੌਕ ਮਹਿਤਾ 23ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**- ਪਿਛਲੇ ਦਿਨੀਂ ਮੱਧ ਪ੍ਰਦੇਸ਼ ਦੇ ਇੱਕ ਧਾਰਮਿਕ ਅਸਥਾਨ ਸ਼ਾਹਡੋਲ ਵਿਖੇ ਸਿੱਖ ਧਰਮ ਦੇ ਬਾਨੀ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦੀ ਵੇਸ਼ਭੂਸ਼ਾ ਧਾਰਨ ਕਰਨ ਦਾ ਸਵਾਂਗ ਰਚਨ ਦਾ ਵੀਡੀਓ ਸ਼ੋਸ਼ਲ ਮੀਡੀਆ ਤੇ ਵਾਇਰਲ ਹੋਇਆ ਸੀ, ਜਿਸ ਕਰਕੇ ਦੁਨੀਆਂ ਭਰ ਦੀਆਂ ਸਿੱਖ ਸੰਗਤਾਂ ਵਿੱਚ ਭਾਰੀ ਰੋਸ ਦੇਖਣ ਨੂੰ ਮਿਲਿਆ ਤਖਤ ਸੱਚਖੰਡ ਬੋਰਡ ਸ੍ਰੀ ਹਜ਼ੂਰ ਅਬਿਚਲਨਗਰ ਸਾਹਿਬ ਨਾਂਦੇੜ ਦੇ ਮੁੱਖ ਪ੍ਰਬੰਧਕ ਡਾ. ਸ੍ਰ: ਵਿਜੇ ਸਤਬੀਰ ਸਿੰਘ ਸਾਬਕਾ ਆਈ.ਏ.ਐਸ. ਨੇ ਇਸ ਮਸਲੇ ਦੀ ਗੰਭੀਰਤਾ ਨੂੰ ਸਮਝਦਿਆਂ ਹੋਇਆਂ ਤੁਰੰਤ ਹੀ ਨਾਂਦੇੜ ਦੇ ਜਿਲ੍ਹਾ ਕੁਲੈਕਟਰ ਤੇ ਪੁਲੀਸ ਪ੍ਰਸ਼ਾਸਨ ਪਾਸ ਲਿਖਤੀ ਸ਼ਿਕਾਇਤ ਦਰਜ਼ ਕਰਵਾਈ ਸੀ ਤੇ ਸਿੱਖ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੇ ਦੋਸ਼ੀਆਂ ਖਿਲਾਫ ਐਫ. ਆਈ. ਆਰ. ਦਰਜ ਕਰਵਾਕੇ ਸਖਤ ਕਾਨੂੰਨੀ ਕਾਰਵਾਈ ਦੀ ਮੰਗ ਕੀਤੀ ਸੀ । ਡਾ. ਵਿਜੇ ਸਤਬੀਰ ਸਿੰਘ ਨੇ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਹੈ ਕਿ ਹੁਣ ਦੋਸ਼ੀ ਪੱਖ ਸਾਮਣੇ ਆਇਆ ਹੈ ਤੇ ਸਿੰਧੀ ਸਮਾਜ ਸ਼ਾਹਡੋਲ (ਮੱਧ ਪ੍ਰਦੇਸ਼) ਦੇ ਪ੍ਰਧਾਨ ਨੇ ਮਾਨਯੋਗ ਜਥੇਦਾਰ ਸਿੰਘ ਸਾਹਿਬ ਬਾਬਾ ਕੁਲਵੰਤ ਸਿੰਘ ਜੀ ਤੇ ਸਮੂੰਹ ਪੰਜ ਪਿਆਰੇ ਸਾਹਿਬਾਨ ਪਾਸੋਂ ਇਸ ਗੁਸਤਾਖੀ ਲਈ ਲਿਖਤੀ ਮੁਆਫੀ ਦੀ ਯਾਚਨਾ ਕੀਤੀ ਹੈ ਜਿਸ ਵਿੱਚ ਪ੍ਰਧਾਨ ਸ੍ਰੀ ਰਮੇਸ਼ ਖੱਤਰੀ ਨੇ ਲਿਖਿਆ ਹੈ ਕਿ ਪੂਰੇ ਸਿੰਧੀ ਸਮਾਜ ਦੀ ਸਮੂੰਹ ਸਿੱਖ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਅਪਾਰ ਆਸਥਾ ਹੈ ਤੇ ਸਿੱਖ ਗੁਰੂ ਸਾਹਿਬਾਨ ਦੀ ਸ਼ਾਨ ਦੇ ਖਿਲਾਫ ਕਦੀ ਵੀ ਅਚੇਤ ਤੌਰ 'ਤੇ ਵੀ ਗੁਸਤਾਖੀ ਕਰਨ ਦੀ ਮਨਸ਼ਾ ਨਹੀਂ ਰੱਖਦੇ । ਇਸ ਘਟਨਾ ਸੰਬੰਧੀ ਉਨ੍ਹਾਂ ਦੱਸਿਆ ਕਿ 12 ਸਾਲ ਦੀ ਇੱਕ ਬੱਚੀ ਜੋ ਕਿ ਰਾਮਲੀਲਾ ਆਦਿ ਨਾਟਕਾਂ ਵਿੱਚ ਅਲੱਗ ਅਲੱਗ ਪਾਤਰਾਂ ਦਾ ਰੋਲ ਅਦਾ ਕਰਦੀ ਸੀ, ਉਸੇ ਪ੍ਰਕਾਰ ਉਸ ਬੱਚੀ ਵੱਲੋਂ ਅਣਜਾਨੇ ਵਿੱਚ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਸਰੂਪ ਧਾਰਨ ਕਰਨ ਦੀ ਗਲਤੀ ਹੋਈ ਹੈ। ਇਸ ਲਈ ਸ਼ਾਹਡੋਲ ਦੇ ਸਮੂੰਹ ਸਿੰਧੀ ਪੰਚਾਇਤ ਦੇ ਸਾਰੇ ਪਦਾਧਿਕਾਰੀ, ਬੱਚੀ ਤੇ ਬੱਚੀ ਦੇ ਮਾਤਾ ਪਿਤਾ ਨੇ ਖਿਮਾਂ ਦੀ ਯਾਚਨਾ ਕੀਤੀ ਹੈ । ਉਨ੍ਹਾਂ ਨੇ ਇਹ ਵੀ ਕਿਹਾ ਕਿ ਪੰਜਾਬ ਤੋਂ ਬਾਹਰ ਰਹਿਣ ਕਾਰਨ ਸਿੱਖ ਗੁਰੂ ਸਾਹਿਬਾਨ ਤੇ ਧਾਰਮਿਕ ਮਰਿਯਾਦਾ ਬਾਰੇ ਉਨ੍ਹਾਂ ਨੂੰ ਕੋਈ ਬਹੁਤੀ ਜਾਣਕਾਰੀ ਨਹੀਂ ਸੀ ਤੇ ਇਹ ਸਾਰਾ ਕੁਝ ਅਣਜਾਣਪੁਣੇ ਵਿੱਚ ਹੋਇਆ ਹੈ ਡਾ. ਵਿਜੇ ਸਤਬੀਰ ਸਿੰਘ ਨੇ ਦੱਸਿਆ ਕਿ ਇਸ ਮਾਮਲੇ ਸਬੰਧੀ ਯੋਗ ਧਾਰਮਿਕ ਨਿਰਣੈ ਲੈਣ ਲਈ ਇਹ ਲਿਖਤੀ ਮੁਆਫੀਨਾਮਾ ਮਾਨਯੋਗ ਜੱਥੇਦਾਰ ਸਾਹਿਬ ਤੇ ਪੰਜ ਪਿਆਰੇ ਸਾਹਿਬਾਨ ਦੇ ਪਾਸ ਪੇਸ਼ ਕੀਤਾ ਗਿਆ ਹੈ ਮਾਨਯੋਗ ਸਿੰਘ ਸਾਹਿਬਾਨ ਵੱਲੋਂ ਜੋ ਵੀ ਫੈਸਲਾ ਲਿਆ ਜਾਵੇਗਾ, ਉਸ ਬਾਰੇ ਸੰਗਤਾਂ ਨੂੰ ਜਾਣੂੰ ਕਰਵਾਂਵਾਗੇ।



ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਮਹਾਰਾਸ਼ਟਰ ਸਿੱਖ ਸਮਾਜ ਅਤੇ ਗੁਰੂ ਨਾਨਕ ਨਾਮ ਲੇਵਾ ਸੰਗਤ ਵੱਲੋਂ ਸ਼੍ਰੀ ਦੇਵੇਂਦਰ ਫਡਣਵੀਸ ਅਤੇ ਭਾਜਪਾ ਨੇਤ੍ਰਵ ਵਾਲੀ ਮਹਾਯੁਤੀ ਨੂੰ 2024 ਦੇ ਵਿਧਾਨ ਸਭਾ ਚੋਣਾਂ ਵਿੱਚ ਇਤਿਹਾਸਿਕ ਅਤੇ ਸ਼ਾਨਦਾਰ ਜਿੱਤ ਲਈ ਦਿਲੋਂ ਵਧਾਈ: ਸ੍ਰ ਮਲਕੀਤ ਸਿੰਘ ਬੱਲ



**ਨਵੀਂ ਦਿੱਲੀ 23 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)**:- ਮਹਾਰਾਸ਼ਟਰ ਦਾ ਸਿੱਖ ਸਮਾਜ ਅਤੇ ਸ਼੍ਰੀ ਗੁਰੂ ਨਾਨਕ ਨਾਮ ਲੇਵਾ ਸੰਗਤ ਸ਼੍ਰੀ ਦੇਵੇਂਦਰ ਫਡਣਵੀਸ ਜੀ ਅਤੇ ਭਾਜਪਾ ਨੇਤ੍ਰਤਵ ਵਾਲੇ ਮਹਾਯੁਤੀ ਗਠਜੋੜ ਨੂੰ 2024 ਦੇ ਵਿਧਾਨ ਸਭਾ ਚੋਣਾਂ ਵਿੱਚ ਉਨ੍ਹਾਂ ਦੀ ਸ਼ਾਨਦਾਰ ਜਿੱਤ 'ਤੇ ਦਿਲੋਂ ਸ਼ੁਭਕਾਮਨਾਵਾਂ ਪੇਸ਼ ਕਰਦਾ ਹੈ। ਮਹਾਰਾਸ਼ਟਰ ਰਾਜ ਪੰਜਾਬੀ ਸਾਹਿਤ ਅਕਾਦਮੀ ਦੇ ਚੇਅਰਮੈਨ ਸਰਦਾਰ ਬਲ ਮਲਕੀਤ ਸਿੰਘ ਵਲੋਂ ਮੀਡੀਆ ਨੂੰ ਭੇਜੇ ਗਏ ਬਿਆਨ ਰਾਹੀਂ ਕਿਹਾ ਕਿ ਇਹ ਇਤਿਹਾਸਿਕ ਮੱਤ ਪ੍ਰਚੰਡਤਾ ਸ਼੍ਰੀ ਨਰਿੰਦਰ ਮੋਦੀ ਜੀ ਅਤੇ ਸ਼੍ਰੀ ਅਮਿਤ ਸ਼ਾਹ ਜੀ ਦੇ ਦੂਰਦਰਸ਼ੀ ਨੇਤ੍ਰਤਵ ਅਤੇ ਵਿਕਾਸ-ਕੇਂਦਰਿਤ ਸਰਕਾਰ ਤੇ ਲੋਕਾਂ ਦੇ ਅਟੁੱਟ ਭਰੋਸੇ ਨੂੰ ਦਰਸਾਉਂਦਾ ਹੈ। ਸਿੱਖ ਸਮਾਜ ਅਤੇ ਗੁਰੂ ਨਾਨਕ ਨਾਮ ਲੇਵਾ ਸੰਗਤ, ਜਿਸ ਵਿੱਚ ਸਿੱਖ, ਹਿੰਦੂ, ਪੰਜਾਬੀ, ਸਿੰਧੀ, ਸਿਕਲੀਗਰ, ਲੁਬਾਣਾ ਅਤੇ ਵੰਜਾਰਾ ਸਮਾਜ ਸ਼ਾਮਲ ਹਨ, ਨੇ ਮਹਾਰਾਸ਼ਟਰ ਦੇ ਹਰ ਕੋਨੇ ਵਿੱਚ ਭਾਜਪਾ ਨੇਤ੍ਰਤਵ ਵਾਲੀ ਮਹਾਯੁਤੀ ਨੂੰ ਦਿਲੋਂ ਸਮਰਥਨ ਦਿੱਤਾ ਅਤੇ ਉਸ ਦੇ ਹੱਕ ਵਿੱਚ ਵੋਟ ਪਾ ਕੇ ਇਸ ਜਿੱਤ ਵਿੱਚ ਮੁੱਖ ਭੂਮਿਕਾ ਨਿਭਾਈ। ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਦੇ ਮਾਰਗਦਰਸ਼ਨ ਅਤੇ ਆਸ਼ੀਰਵਾਦ ਹੇਠ ਮਹਾਰਾਸ਼ਟਰ ਦੇ ਵੱਖ-ਵੱਖ ਖੇਤਰਾਂ, ਜਿਵੇਂ ਕਿ ਮੁੰਬਈ, ਨਵੀ ਮੁੰਬਈ, ਪੁਨੇ, ਨਾਸਿਕ, ਔਰੰਗਾਬਾਦ, ਨੰਦੇੜ, ਨਾਗਪੁਰ, ਕੋਲ੍ਹਾਪੁਰ ਅਤੇ ਹੋਰ ਜ਼ਿਲ੍ਹਿਆਂ ਵਿੱਚ ਵਿਸ਼ਾਲ ਕਮਿਊਨਟੀ ਆਉਟਰੀਚ ਪ੍ਰੋਗਰਾਮ ਆਯੋਜਿਤ ਕੀਤੇ ਗਏ। 18 ਨਵੰਬਰ 2024 ਨੂੰ ਮੁੰਬਈ ਵਿੱਚ ਹੋਈ ਪ੍ਰੈਸ ਕਾਨਫਰੰਸ ਦੌਰਾਨ ਸਿੱਖ ਸਮਾਜ ਨੇ ਭਾਜਪਾ ਨੇਤ੍ਰਤਵ ਵਾਲੀ ਮਹਾਯੁਤੀ ਦੇ ਹੱਕ ਵਿੱਚ ਆਪਣਾ ਪੂਰਾ ਸਮਰਥਨ ਜਨਤਕ ਤੌਰ 'ਤੇ ਦੱਸਿਆ। ਇਹ ਸਮਰਥਨ ਸਰਕਾਰ ਦੀਆਂ ਪ੍ਰਗਤਿਸ਼ੀਲ ਅਤੇ ਸਮਾਵੇਸ਼ੀਕ ਨੀਤੀਆਂ ਦੀ ਮਾਨਤਾ ਦੇ ਤੌਰ 'ਤੇ ਦਿੱਤਾ ਗਿਆ ਹੈ, ਜਿਨ੍ਹਾਂ ਨੇ ਸਿੱਖ ਸਮਾਜ ਦੀ ਭਲਾਈ ਅਤੇ ਉੱਪਰਗਾਮੀ ਲਈ ਮਹੱਤਵਪੂਰਨ ਕਦਮ ਚੁੱਕੇ ਹਨ। ਇਨ੍ਹਾਂ ਪਹਲਾਂ ਨੇ ਸਿੱਖ ਸਮਾਜ ਦੇ ਦਿਲ ਵਿੱਚ ਸ਼੍ਰੀ ਦੇਵੇਂਦਰ ਫਡਣਵੀਸ ਅਤੇ ਭਾਜਪਾ ਨੇਤ੍ਰਤਵ ਵਾਲੀ ਮਹਾਯੁਤੀ ਦੇ ਨੇਤ੍ਰਤਵ ਪ੍ਰਤੀ ਭਰੋਸਾ ਅਤੇ ਯਕੀਨ ਮਜ਼ਬੂਤ ਕੀਤਾ ਹੈ। ਅਸੀਂ ਫਿਰ ਇੱਕ ਵਾਰ ਸ਼੍ਰੀ ਦੇਵੇਂਦਰ ਫਡਣਵੀਸ ਜੀ ਅਤੇ ਭਾਜਪਾ ਨੇਤ੍ਰਤਵ ਵਾਲੀ ਮਹਾਯੁਤੀ ਦੇ ਸੀਨੀਅਰ ਨੇਤਾਵਾਂ ਨੂੰ ਇਸ ਇਤਿਹਾਸਿਕ ਸਫਲਤਾ 'ਤੇ ਵਧਾਈ ਦਿੰਦੇ ਹਾਂ। ਮਹਾਰਾਸ਼ਟਰ ਦਾ ਸਿੱਖ ਸਮਾਜ ਅਤੇ ਗੁਰੂ ਨਾਨਕ ਨਾਮ ਲੇਵਾ ਸੰਗਤ ਨਵੀਂ ਸਰਕਾਰ ਵਿੱਚ ਰਾਜ ਦੀ ਤਰੱਕੀ ਅਤੇ ਵਿਕਾਸ ਲਈ ਆਪਣਾ ਸਮਰਥਨ ਅਤੇ ਸਕਾਰਾਤਮਕ ਯੋਗਦਾਨ ਦੇਣ ਲਈ ਪ੍ਰਤੀਬੱਧ ਹਨ।

## ਜਸਵਿੰਦਰ ਸਿੰਘ ਸਭਰਵਾਲ ਬਣੇ ਦਿੱਲੀ ਭਾਜਪਾ ਸਿੱਖ ਸੈੱਲ ਦੇ ਮੀਡੀਆ ਪ੍ਰਭਾਰੀ



**ਨਵੀਂ ਦਿੱਲੀ 23 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)**:- ਸਰਦਾਰ ਜਸਵਿੰਦਰ ਸਿੰਘ ਸਭਰਵਾਲ ਨੂੰ ਭਾਜਪਾ ਵਲੋਂ ਦਿੱਲੀ ਦੇ ਭਾਜਪਾ ਸਿੱਖ ਸੈੱਲ ਦਾ ਮੀਡੀਆ ਪ੍ਰਭਾਰੀ ਬਣਾਇਆ ਗਿਆ ਹੈ। ਇਸ ਮੌਕੇ ਉਨ੍ਹਾਂ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸ਼੍ਰੀ ਤਰੁਣ ਚੁੱਘ ਜੀ, ਸ਼੍ਰੀ ਰਾਜੀਵ ਬੱਬਰ ਅਤੇ ਸ. ਚਰਨਜੀਤ ਸਿੰਘ ਲਵਲੀ ਜੀ ਦਾ ਤਹਿ ਦਿਲੋਂ ਧੰਨਵਾਦ, ਜਿਨ੍ਹਾਂ ਨੇ ਮੈਨੂੰ ਮੀਡੀਆ ਪ੍ਰਭਾਰੀ ਵਜੋਂ ਭਾਜਪਾ ਸਿੱਖ ਸੈੱਲ ਦਿੱਲੀ ਵਜੋਂ ਪਾਰਟੀ ਵਿੱਚ ਸੇਵਾ ਕਰਨ ਦਾ ਮੌਕਾ ਦਿੱਤਾ ਤੇ ਮੈਂ ਇਸ ਜਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਵਾਂਗਾ । ਜਿਕਰਯੋਗ ਹੈ ਕਿ ਜਸਵਿੰਦਰ ਸਿੰਘ ਨੇ ਪਹਿਲਾਂ ਸਾਬਕਾ ਮਰਹੂਮ ਪੀ ਐਮ ਅਟੱਲਬਿਹਾਰੀ ਵਾਜਪਾਈ, ਲਾਲ ਕ੍ਰਿਸ਼ਨ ਅਡਵਾਨੀ ਅਤੇ ਹੋਰ ਕਈ ਨੇਤਾਵਾਂ ਨਾਲ ਮਿਲ ਕੇ ਕੰਮ ਕੀਤਾ ਹੈ ਜਿਸ ਨੂੰ ਦੇਖਦਿਆਂ ਉਨ੍ਹਾਂ ਵਲੋਂ ਇਹ ਜਿੰਮੇਵਾਰੀ ਦਿੱਤੀ ਗਈ ਹੈ।

## "ਵਿਧਵਾ ਦਾ ਦੂਜਾ ਵਿਆਹ" ਫਿਲਮ ਦੀ ਸ਼ੂਟਿੰਗ ਰੰਗਰਲੇ ਮਾਹੌਲ ਵਿੱਚ ਪੂਰੀ ਹੋਈ

**ਪਿੰਡ ਜੱਟਾਂਵਾਲੀ**, ਜ਼ਿਲਾ ਫਿਰੋਜ਼ਪੁਰ ਵਿੱਚ "ਵਿਧਵਾ ਦਾ ਦੂਜਾ ਵਿਆਹ" ਫਿਲਮ ਦੀ ਸ਼ੂਟਿੰਗ ਰੰਗਰਲੇ ਮਾਹੌਲ ਵਿੱਚ ਪੂਰੀ ਹੋਈ। ਇਹ ਕਹਾਣੀ ਇੱਕ ਸਮਾਜਿਕ ਮੈਸੇਜ ਨਾਲ ਭਰਪੂਰ ਹੈ, ਜੋ ਕੁਝ ਹੀ ਦਿਨਾਂ ਵਿੱਚ ਯੂਟਿਊਬ 'ਤੇ ਰਿਲੀਜ਼ ਕੀਤੀ ਜਾਏਗੀ। ਫਿਲਮ ਵਿੱਚ ਕਈ ਮਸ਼ਹੂਰ ਚਿਹਰੇ ਸ਼ਾਮਲ ਹਨ, ਜਿਵੇਂ ਕਿ ਕੁਲਦੀਪ ਦੁਸਾਂਝ, ਮਨਦੀਪ ਡਿੰਪਲ, ਅਤੇ ਸੁਰੇਸ਼ ਗਿੱਲ। ਅੱਜ ਘੁਗੂ ਦਵਿੰਦਰ ਸੰਧੂ ਅਤੇ ਬੱਬੂ ਰੁਕਨੇਵਾਲੀਆ ਵੀ ਮਹੱਤਵਪੂਰਨ ਭੂਮਿਕਾਵਾਂ ਵਿੱਚ ਨਜ਼ਰ ਆਉਣਗੇ।



ਫਿਲਮ ਦੇ ਡਾਇਰੈਕਟਰ ਅੰਗਰੇਜ਼ ਮੰਨਣ, ਪ੍ਰੋਡਿਊਸਰ ਸੁਲੱਖਣ ਅਟਵਾਲ ਅਤੇ ਸੱਤਿਆ ਸੁਲੱਖਣ ਅਟਵਾਲ ਨੇ ਆਪਣਾ ਯੋਗਦਾਨ ਪਾਇਆ। ਡੀਓਪੀ ਜੋਨ ਆਰਟ ਸ਼ੂਟਿੰਗ ਦੇ ਮੌਕੇ 'ਤੇ ਫਿਲਮ ਦੇ ਮੁੱਖ ਕਲਾਕਾਰ ਕੁਲਦੀਪ ਦੁਸਾਂਝ ਨੂੰ ਸਨਮਾਨਤ ਵੀ ਕੀਤਾ ਗਿਆ। ਇਹ ਸਮਾਗਮ ਟੀਮ ਦੇ ਸਾਰੇ ਮੈਂਬਰਾਂ ਲਈ ਪ੍ਰੇਰਣਾ ਦਾ ਸਰੋਤ ਬਣਿਆ। ਇਸ ਫਿਲਮ ਨੂੰ ਕੁਝ ਹੀ ਦਿਨਾਂ ਵਿੱਚ ਯੂਟਿਊਬ 'ਤੇ ਰਿਲੀਜ਼ ਕੀਤਾ ਜਾਵੇਗਾ। ਕਹਾਣੀ ਵਿਧਵਾ ਦੀ ਜ਼ਿੰਦਗੀ ਦੇ ਦੂਜੇ ਪਹਲੂ ਨੂੰ ਸਹਿਜ ਪੰਗਤਾਂ ਵਿਚ ਪੇਸ਼ ਕਰਦੀ ਹੈ, ਜੋ ਸਮਾਜ ਲਈ ਇੱਕ ਅਹਿਮ ਸੰਦੇਸ਼ ਦੇਵੇਗੀ। ਫਿਲਮ ਬਾਰੇ ਵਧੇਰੇ ਜਾਣਕਾਰੀ ਅਤੇ ਰਿਲੀਜ਼ ਦੀ ਮਿਤੀ ਲਈ ਸਾਡੇ ਨਾਲ ਜੁੜੇ ਰਹੋ।

# ਸਿਟੀਜਨ ਫੋਰਮ ਵਿਧਾ ਮੰਦਰ ਵਿਖੇ ਦਾਨ ਉਤਸਵ ਦਾ ਆਯੋਜਨ

**ਚੌਕ ਮਹਿਤਾ, 23 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਹਲਕਾ ਪੂਰਬੀ ਦੇ ਮਕਬੂਲਪੁਰਾ ਵਿਖੇ ਸਿਟੀਜਨ ਫੋਰਮ ਵਿਧਾ ਮੰਦਰ ਵਿਖੇ ਦਾਨ ਉਤਸਵ ਦਾ ਆਯੋਜਨ ਰਾਸ਼ਟਰਪਤੀ ਪੁਰਸਕਾਰ ਪ੍ਰਾਪਤ ਡਾ.ਸਵਰਾਜ ਗਰੋਵਰ ਅਤੇ ਸੰਸਥਾ ਦੇ ਸੰਸਥਾਪਕ ਅਤੇ ਟ੍ਰਸਟੀ ਮਸ਼ਹੂਰ ਸਮਾਜ ਸੇਵੀ ਸ. ਅਜੀਤ ਸਿੰਘ ਦੀ ਅਗਵਾਈ ਹੇਠ ਕੀਤਾ ਗਿਆ। ਭਾਰਤੀ ਰੈਡਕ੍ਰਾਸ ਸੋਸਾਇਟੀ ਦੇ ਮਹਾਸਚਿਵ ਸੈਮਸਨ ਮਸੀਹ ਵਿਸ਼ੇਸ਼ ਮਹਿਮਾਨ, ਸਮਾਜ ਸੇਵੀ ਯੋਗੇਸ਼ ਮਿੱਤਲ, ਯੂ.ਪੀ. ਕਲਿਯਾਨ ਪਰਿਸ਼ਦ ਦੇ ਪੰਜਾਬ ਮਹਾਸਚਿਵ ਸ਼੍ਰੀ ਰਾਮਭਵਨ ਗੋਸਵਾਮੀ, ਨਿਸ਼ਕਾਮ ਸੇਵਾ ਸੋਸਾਇਟੀ ਦੇ ਮੁੱਖੀ ਸ਼੍ਰੀ ਵਿਜੇ ਮਹਾਜਨ ਨੇ ਵਿਸ਼ੇਸ਼ ਮਹਿਮਾਨ ਦੀ ਭੂਮਿਕਾ ਨਿਭਾਈ। ਸ਼੍ਰੀ ਸੈਮਸਨ ਮਸੀਹ ਨੇ ਸਿਟੀਜਨ ਫੋਰਮ ਵਿਧਾ ਮੰਦਰ ਵਿੱਚ ਜਰੂਰਤਮੰਦ ਬੱਚਿਆਂ ਨੂੰ ਸਿੱਖਿਆ ਦੇ ਕੇ ਉਹਨਾਂ ਨੂੰ ਆਤਮ ਨਿਰਭਰ ਬਨਾਉਣ ਵਿੱਚ ਸੰਸਥਾਪਕ ਅਤੇ ਸਟਾਫ ਵੱਲੋਂ ਯੋਗਦਾਨ ਦੇਣ ਦੀ ਸ਼ਲਾਘਾਂ ਕੀਤੀ। ਦੂਸਰਿਆਂ ਦੀ ਚੌਲੀ ਵਿੱਚ ਖੁਸ਼ੀਆਂ ਭਰਨਾ ਹੀ ਦਾਨ ਉਤਸਵ ਦਾ ਮਹਤਵ ਹੈ। ਸ. ਅਜੀਤ ਸਿੰਘ ਨੇ ਕਿਹਾ ਕਿ ਗਰੀਬ ਬੱਚਿਆਂ ਦੇ ਭੱਵਿਖ ਨੂੰ ਸੁਧਾਰਨਾ ਹੀ ਉਹਨਾਂ ਦੇ ਜੀਵਨ ਦਾ ਉਦੇਸ਼ ਹੈ। ਆਖਰੀ ਸਾਂਹ ਤੱਕ ਬੱਚਿਆਂ ਦੀ ਸੇਵਾ ਹੀ ਮੇਰਾ ਧਰਮ ਹੈ। ਡਾ. ਸਵਰਾਜ ਗਰੋਵਰ ਨੇ ਕਿਹਾ ਕਿ ਸੇਵਾ ਹੀ ਪਰਮ ਧਰਮ ਹੈ ਜਰੂਰਤਮੰਦਾਂ ਦੇ ਹੰਜੂ ਪੂੰਜ ਕੇ ਚੇਹਰੇ ਤੇ ਖੁਸ਼ਹਾਲੀ ਲਿਆਉਣਾ ਹੀ ਪਰੋਪਕਾਰ ਹੈ। ਬੱਚਿਆਂ ਨੂੰ ਉਹਨਾਂ ਦੀ ਜਰੂਰਤ ਦਾ ਸਾਰਾ ਸਮਾਨ ਦਿੰਦੇ ਹੋਏ ਸਮਾਜ ਸੇਵੀ ਯੋਗੇਸ਼ ਮਿੱਤਲ ਨੇ ਕਿਹਾ ਕਿ ਬੱਚਿਆਂ ਦੇ ਭਵਿੱਖ ਨੂੰ ਉਜਵਲ ਬਨਾਉਣ ਦੇ ਲਈ ਜਿਨਾਂ ਵੀ ਦਾਨ ਕੀਤਾ ਜਾਵੇ ਘਟ ਹੈ। ਸ਼੍ਰੀ ਰਾਮਭਵਨ ਗੋਸਵਾਮੀ ਨੇ ਕਿਹਾ ਕਿ ਬੱਚਿਆਂ ਦੇ ਲਈ ਦਾਨ ਉਤਮ ਦਾਨ ਹੈ। ਵਿਜੇ ਮਹਾਜਨ ਨੇ ਵੀ ਸਕੂਲ ਦੇ ਕੰਮਾ ਦੀ ਤਾਰੀਫ ਕੀਤੀ ਸਕੂਲ ਦੇ ਮੁੱਖ ਅਧਿਆਪਕ ਸੀਮਾ ਅਰੋੜਾ ਨੇ ਆਏ ਹੋਏ ਸਾਰੇ ਮਹਿਮਾਨਾ ਦਾ ਸਵਾਗਤ ਕੀਤਾ ਉਤਸਵ ਵਿੱਚ ਫ੍ਰੀ ਪਰਿਵਾਰ ਪਰਾਮਰਸ਼ ਕੇਂਦਰ ਅਤੇ ਜਨ ਕਲਿਯਾਨ ਸੰਗਠਨ ਦੇ ਪਦਾਧਿਕਾਰੀ ਡਾਲੀ ਭਾਟਿਆ, ਜਿਲਾ ਲਾਇਬ੍ਰੇਰਿਅਨ ਡਾ. ਪ੍ਰਭਜੋਤ ਕੌਰ, ਸੀਮਾ ਸ਼ਰਮਾ, ਇੰਦਰਾ ਧਵਨ, ਸੋਨਿਆ ਚੌਹਾਨ, ਵੀਨਾ ਮਹਾਜਨ, ਡਾ. ਇੰਦੂ ਵਰਮਾ, ਸਨੇਹ ਅਰੋੜਾ, ਨਿਰਮਲ ਗੁਪਤਾ ਨੇ ਗਰੀਬਾਂ ਨੂੰ ਸਿੱਖਿਆ ਦੇਣ ਦਾ ਸੰਕਲਪ ਲਿਆ। ਸਕੂਲ ਦੇ ਸਟਾਫ ਮੈਂਬਰ ਇੰਦਰਜੀਤ ਕੌਰ, ਰਿਚਾ ਸ਼ੁਕਲਾ, ਦਵਿੰਦਰ ਕੌਰ, ਸਰਬਜੀਤ ਕੌਰ, ਮਨਪ੍ਰੀਤ ਕੌਰ, ਗੀਤਿਕਾ, ਕੋਮਲਪ੍ਰੀਤ ਕੌਰ, ਪ੍ਰਭਜੀਤ ਕੌਰ, ਜੋਤੀ, ਅਮਰਪ੍ਰੀਤ ਕੌਰ, ਸੰਦੀਪ, ਗੋਰੀ, ਅਮਨਦੀਪ ਕੌਰ, ਰਾਣੀ ਅਤੇ ਚਰਨਜੀਤ ਨੇ ਇਸ ਵਿਧਾ ਮੰਦਰ ਨੂੰ ਹੋਰ ਜਿਆਦਾ ਉਜਵਲ ਬਨਾਉਣ ਦਾ ਪ੍ਰਣ ਕੀਤਾ ਅਤੇ ਸ. ਅਜੀਤ ਸਿੰਘ ਨੇ ਆਏ ਹੋਏ ਸਾਰੇ ਮਹਿਮਾਨਾ ਦਾ ਧੰਨਵਾਦ ਕੀਤਾ।



ਆਵਾਜ਼ਿ ਕੌਮ AWAZE QAUM International Newspaper & WEB TV

## ਬਾਬਾ ਫ਼ਰੀਦ ਇੰਟਰਨੈਸ਼ਨਲ ਸਕੂਲ, ਕੁੱਲਗੜ੍ਹੀ, ਫਿਰੋਜ਼ਪੁਰ ਵਿਖੇ

# ਸਾਲ 2024 -2025 ਦਾ 6ਵਾਂ ਸਲਾਨਾ ਖੇਡ ਸਮਾਰੋਹ ਕਰਵਾਇਆ ਗਿਆ

**ਫਿਰੋਜ਼ਪੁਰ, 23 ਨਵੰਬਰ (ਮਨੋਹਰ ਲਾਲ):** ਖੇਡ ਸਮਾਰੋਹ ਦੋ ਦਿਨਾਂ ,22 ਨਵੰਬਰ ਅਤੇ 23 ਨਵੰਬਰ ਦਾ ਆਯੋਜਿਤ ਕੀਤਾ ਗਿਆ। ਇਸ ਖੇਡ ਸਮਾਰੋਹ ਦੀ ਸ਼ੁਰੂਆਤ ਐੱਨ.ਸੀ.ਸੀ ਗਰੁੱਪ ਵੱਲੋਂ ਮਾਰਚ ਪਰੇਡ ਕਰਦੇ ਹੋਏ ਕੀਤੀ ਗਈ, ਸਕੂਲ ਦੇ ਚਾਰੋਂ ਹਾਊਸ ਡੇਰਿੰਗ ਹਾਊਸ, ਅੰਬੀਸ਼ਨ ਹਾਊਸ ਵਿਜਡਮ ਹਾਊਸ ਅਤੇ ਲੋਐਲਿਟੀ ਹਾਊਸ ਨੇ ਆਪਣੇ ਹਾਊਸ ਫਲੈਗ ਨਾਲ ਮਾਰਚ ਪਰੇਡ ਵਿੱਚ ਹਿੱਸਾ ਲਿਆ, ਅਤੇ ਪ੍ਰੀ-ਪ੍ਰਾਇਮਰੀ ਬਲਾਕ ਦੇ ਛੋਟੇ-ਛੋਟੇ ਵਿਦਿਆਰਥੀਆਂ ਵੀ ਆਪਣੀ ਸੱਭਿਆਚਾਰਕ ਗਤੀਵਿਧੀਆਂ ਦੁਆਰਾ ਇਸ ਸਮਾਗਮ ਦਾ ਹਿੱਸਾ ਬਣੇ। ਇਸ ਖੇਡ ਮੇਲੇ ਵਿੱਚ ਸਰਦਾਰ ਸੁਖਵਿੰਦਰ ਸਿੰਘ ਪ੍ਰੈਸ ਰਿਪੋਰਟ ਆਵਾਜ਼-ਏ-ਪੰਜਾਬ ਚੈਨਲ ਅਤੇ ਸੁਖਜਿੰਦਰ ਸਿੰਘ ਪ੍ਰੈਸ ਰਿਪੋਰਟਰ ਅਜੀਤ ਨਿਊਜ਼ ਪੇਪਰ ਵੀ ਹਾਜ਼ਰ ਹੋਏ। ਇਥੇ ਇਸ ਮੌਕੇ ਤੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸਰਦਾਰ ਸੁਭਾਸ਼ ਸਿੰਘ ਜੀ ਵੱਲੋਂ ਆਏ ਹੋਏ ਮਾਪਿਆਂ ਲਈ ਸਵਾਗਤੀ ਭਾਸ਼ਣ ਦਿੱਤਾ ਗਿਆ ਅਤੇ ਬੱਚਿਆਂ ਨੂੰ ਖੇਡਾਂ ਵਿੱਚ ਭਾਗ ਲੈਣ ਲਈ ਉਤਸ਼ਾਹਿਤ ਕਰਦਿਆਂ ਖੇਡ ਦੀ ਭਾਵਨਾ ਨਾਲ ਖੇਡਣ ਬਾਰੇ ਸਿੱਖਿਆ ਦਿੱਤੀ। ਇਸ ਖੇਡ ਸਮਾਗਮ ਦੇ ਮੌਕੇ 'ਤੇ ਸਕੂਲ ਦੇ ਚੇਅਰਮੈਨ ਸਰਦਾਰ ਕੰਵਰਜੀਤ ਸਿੰਘ ਸੰਧੂ, ਡਾਇਰੈਕਟਰ ਸਰਦਾਰ ਪਰਵਿੰਦਰ ਸਿੰਘ ਸੰਧੂ, ਵਾਇਸ ਚੇਅਰਮੈਨ ਐਡਵੋਕੇਟ ਸਰਦਾਰ ਸ਼ਰਨਪ੍ਰੀਤ ਸਿੰਘ, ਜਨਰਲ ਸਕੱਤਰ ਸਰਦਾਰ ਸਨੇਹਪ੍ਰੀਤ ਸਿੰਘ ਪ੍ਰਿੰਸੀਪਲ ਮੈਡਮ ਗੀਤੂ ਚੋਪੜਾ ਜੀ ਅਤੇ ਸਮੂਹ ਮੈਨੇਜਮੈਂਟ ਕਮੇਟੀ ਮੈਂਬਰ ਹਾਜ਼ਰ ਸਨ। ਇਸ ਮੌਕੇ ਤੇ ਸਕੂਲ ਦੇ ਪ੍ਰਿੰਸੀਪਲ ਮੈਡਮ ਗੀਤੂ ਚੋਪੜਾ ਜੀ ਅਤੇ ਜੂਨੀਅਰ ਬਲਾਕ ਦੇ ਮੈਡਮ ਆਬਾ ਜੀ ਨੇ ਆਏ ਹੋਏ ਵਿਦਿਆਰਥੀਆਂ ਦੇ ਮਾਤਾ-ਪਿਤਾ ਦਾ ਸਵਾਗਤ ਕੀਤਾ। ਅਤੇ ਬੱਚਿਆਂ ਨੂੰ ਤਨਦੇਹੀ ਨਾਲ ਖੇਡਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਤੇ ਸਰਦਾਰ ਸੁਭਾਸ਼ ਸਿੰਘ ਜੀ ਨੇ ਬੱਚਿਆਂ ਨੂੰ ਖੇਡਾਂ ਪ੍ਰਤੀ ਉਤਸ਼ਾਹਿਤ ਕਰਦਿਆਂ ਦੱਸਿਆ ਕਿ ਸਕੂਲ ਦੇ ਬਹੁਤ ਸਾਰੇ ਵਿਦਿਆਰਥੀਆਂ ਨੇ ਪੰਜਾਬ ਸਕੂਲ ਸਿੱਖਿਆ ਵਿਭਾਗ ਅਤੇ ਖੇਡਾਂ ਵਤਨ ਪੰਜਾਬ ਦੀਆਂ ਵਿੱਚ ਮੈਡਲ ਹਾਸਿਲ ਕਰਕੇ ਸਕੂਲ ਦੀ ਝੋਲੀ ਪਾਏ। ਉਨ੍ਹਾਂ ਜਾਣਕਾਰੀ ਦਿੰਦੇ ਕਿਹਾ ਕਿ ਇਸ ਖੇਡ ਸਮਾਰੋਹ ਵਿੱਚ ਵਿਦਿਆਰਥੀਆਂ ਨੇ ਸਪੂਨ ਰੇਸ ,100 ਮੀਟਰ ਰੇਸ, 800 ਮੀਟਰ ਰੇਸ, ਲੌਂਗ ਜੰਪ, ਡਿਸਕਸ ਥਰੋ, ਅਤੇ ਮਾਰਸ਼ਲ ਆਰਟ ਵਿੱਚ ਬੜੇ ਹੀ ਉਤਸ਼ਾਹ ਪੂਰਵਕ ਹਿੱਸਾ ਲਿਆ ਅਤੇ ਕਿਹਾ ਕਿ ਇਸ ਖੇਡ ਸਮਾਰੋਹ ਦਾ ਹਰ ਸਾਲ ਆਯੋਜਨ ਕਰਨ ਦਾ ਮੰਤਵ ਇਹ ਹੈ ਕਿ ਵਿਦਿਆਰਥੀਆਂ ਨੂੰ ਖੇਡਾਂ ਨਾਲ ਜੋੜ ਕੇ ਰੱਖਿਆ ਜਾ ਸਕੇ ਤਾਂ ਜੋ ਵਿਦਿਆਰਥੀ ਸਿਹਤਮੰਦ ਰਹਿ ਸਕਣ ਅਤੇ ਉਨਾਂ ਦਾ ਬੌਧਿਕ ਵਿਕਾਸ ਸਹੀ ਢੰਗ ਨਾਲ ਹੋ ਸਕੇ। ਇਸ ਕੱਢ ਲੈਂਦੇ ਆ ਖੇਡ ਸਮਾਰੋਹ ਨੂੰ ਨੇਪਰੇ ਚੜਾਉਣ ਵਿੱਚ ਸਕੂਲ ਦੇ ਡੀਪੀ ਗੁਰਪ੍ਰੀਤ ਸਿੰਘ ਅਤੇ ਹਰਪ੍ਰੀਤ ਸਿੰਘ ਅਤੇ ਮਾਰਸ਼ਲ ਆਰਟ ਅਸ਼ਵਨੀ ਰਾਜਪੂਤ ਜੀ ਦਾ ਵਿਸ਼ੇਸ਼ ਯੋਗਦਾਨ ਰਿਹਾ।




ਆਵਾਜ਼ਿ ਕੌਮ AWAZE QAUM International Newspaper & WEB TV

# ਬੀਬੀ ਮਨਜੀਤ ਕੌਰ ਜੀ ਦੇ ਨਮਿੱਤ ਅੰਤਿਮ ਅਰਦਾਸ 25 ਤਰੀਕ ਦਿਨ ਸੋਮਵਾਰ ਨੂੰ

ਫਿਰੋਜ਼ਪੁਰ, 23 ਨਵੰਬਰ (ਮਨੋਹਰ ਲਾਲ): ਭਾਈ ਅਵਤਾਰ ਸਿੰਘ ਜੀ ਫੌਜੀ ਸਕੱਤਰ ਬਾਬਾ ਬੁੱਢਾ ਜੀ ਗ੍ਰੰਥੀ ਪਾਠੀ ਸਭਾ ਰਜਿਸਟਰ ਅਤੇ ਹੈੱਡ ਗ੍ਰੰਥੀ ਗੁਰਦੁਆਰਾ ਮਾਈ ਰਾਮ ਦੇਵੀ ਜੀ ਤਿਨਾਂ ਦੇ ਧਰਮ ਸੁਪਤਨੀ ਬੀਬੀ ਮਨਜੀਤ ਕੌਰ 17 ਨਵੰਬਰ 2024 ਦਿਨ ਐਤਵਾਰ ਨੂੰ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ ਸਤਿਗੁਰੂ ਜੀ ਦੇ ਚਰਨਾਂ ਵਿੱਚ ਜਾ ਬਿਰਾਜੇ ਸਨ ਤਿਨਾਂ ਦੀ ਆਤਮਿਕ ਸ਼ਾਂਤੀ ਵਾਸਤੇ ਗ੍ਰਹਿ ਵਿਖੇ ਰੱਖੇ ਹੋਏ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ 25 ਨਵੰਬਰ ਦਿਨ ਸੋਮਵਾਰ ਨੂੰ ਸਵੇਰੇ 9 ਵਜੇ ਪਾਏ ਜਾਣਗੇ ਅਤੇ ਅੰਤਿਮ ਅਰਦਾਸ ਗੁਰਦੁਆਰਾ ਸ੍ਰੀ ਗੁਰੂ ਅਰਜਨ ਦੇਵ ਜੀ ਧਵਣ ਕਲੋਨੀ ਵਿਖੇ 12 ਤੋਂ 1 ਵਜੇ ਤੱਕ ਕੀਰਤਨ ਉਪਰੰਤ ਅਰਦਾਸ ਹੋਵੇਗੀ। ਜਿਸ ਵਿੱਚ ਬਾਬਾ ਬੁੱਢਾ ਜੀ ਗ੍ਰੰਥੀ ਪਾਠੀ ਸਭਾ ਰਜਿਸਟਰ ਗੁਰਦੁਆਰਾ ਮਾਈ ਰਾਮ ਦੇਵੀ ਜੀ ਪ੍ਰਬੰਧਕ ਕਮੇਟੀ ਅਤੇ ਸੰਗਤਾਂ ਗੁਰਦੁਆਰਾ ਬੈਕੁੰਠ ਧਾਮ ਪ੍ਰਬੰਧਕ ਕਮੇਟੀ ਅਤੇ ਸੰਗਤਾਂ ਤੋਂ ਇਲਾਵਾ ਧਾਰਮਿਕ ਜਥੇਬੰਦੀਆਂ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਅਤੇ ਵੇਰਕਾ ਮਿਲਕ ਪਲਾਂਟ ਫਿਰੋਜ਼ਪੁਰ ਪੀਐੱਸਪੀਸੀਐੱਲ ਸਮੂਹ ਸਟਾਫ ਫਿਰੋਜ਼ਪੁਰ ਸਾਰਿਆਂ ਵੱਲੋਂ ਬੀਬੀ ਮਨਜੀਤ ਕੌਰ ਜੀ ਨੂੰ ਸ਼ਰਧਾਂਜਲੀ ਭੇਂਟ ਕੀਤੀ ਜਾਵੇਗੀ।



ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਨਗਰ ਕੌਂਸਲ ਜੰਡਿਆਲਾ ਗੁਰੂ ਵੱਲੋਂ 15 ਰੋਜ਼ਾ ਪੰਦਰਵਾੜਾ 'ਸਵਨਿਧੀ ਭੀ, ਸਵਾਭਿਮਾਨ ਭੀ' ਮੁਹਿੰਮ ਦਾ ਆਯੋਜਨ



ਜੰਡਿਆਲਾ ਗੁਰੂ 23 ਨਵੰਬਰ ( ਕੁਲਵੰਤ ਸਿੰਘ ਵਿਰਦੀ) ਨਗਰ ਕੌਂਸਲ ਜੰਡਿਆਲਾ ਗੁਰੂ ਵੱਲੋਂ ਪ੍ਰਧਾਨ ਮੰਤਰੀ ਸਵਾਨਿਧੀ ਅਤੇ ਸਵਨਿਧੀ ਸੇ ਸਮ੍ਰਿਧੀ ਯੋਜਨਾ ਤਹਿਤ 15 ਰੋਜ਼ਾ ਪੰਦਰਵਾੜਾ ਸਵਨਿਧੀ ਵੀ, ਸਵਾਭਿਮਾਨ ਵੀ ਮੁਹਿੰਮ ਦਾ ਸਫਲਤਾਪੂਰਵਕ ਆਯੋਜਨ ਕੀਤਾ ਗਿਆ। ਇਸ ਪਹਿਲ ਦਾ ਉਦੇਸ਼ ਪੀਐਮਐਸ ਸਵਾਨਿਧੀ ਯੋਜਨਾ ਦੀ ਪ੍ਰਗਤੀ ਨੂੰ ਤੇਜ਼ ਕਰਨਾ ਹੈ। ਪਖਵਾੜਾ ਮੁਹਿੰਮ ਦਾ ਮੁਢਲਾ ਉਦੇਸ਼ ਯੋਗ PMSVN ਲਾਭਪਾਤਰੀ ਪਰਿਵਾਰਾਂ ਨੂੰ ਮਨਜ਼ੂਰ ਕਰਜ਼ਿਆਂ, ਲੰਬਿਤ ਸਮਾਜਿਕ-ਆਰਥਿਕ ਪਰੋਫਾਈਲਿੰਗ ਅਤੇ ਭਲਾਈ ਸਕੀਮਾਂ ਦੀ ਮਨਜ਼ੂਰੀ ਵਿੱਚ ਤੇਜ਼ੀ ਲਿਆਉਣਾ ਹੈ। ਨਗਰ ਕੌਂਸਲ ਜੰਡਿਆਲਾ ਗੁਰੂ ਵੱਲੋਂ ਪ੍ਰਧਾਨ ਮੰਤਰੀ ਸਵਾਨਿਧੀ ਅਤੇ ਸਵਨਿਧੀ ਸੇ ਸਮ੍ਰਿਧੀ ਯੋਜਨਾ ਤਹਿਤ 15 ਰੋਜ਼ਾ ਪੰਦਰਵਾੜਾ ਸਵਨਿਧੀ ਵੀ, ਸਵਾਭਿਮਾਨ ਵੀ ਮੁਹਿੰਮ ਦਾ ਸਫਲਤਾਪੂਰਵਕ ਆਯੋਜਨ ਕੀਤਾ ਗਿਆ। ਇਸ ਪਹਿਲ ਦਾ ਉਦੇਸ਼ ਪੀਐਮਐਸ ਸਵਾਨਿਧੀ ਯੋਜਨਾ ਦੀ ਪ੍ਰਗਤੀ ਨੂੰ ਤੇਜ਼ ਕਰਨਾ ਹੈ। ਪਖਵਾੜਾ ਮੁਹਿੰਮ ਦਾ ਮੁਢਲਾ ਉਦੇਸ਼ ਯੋਗ PMSVN ਲਾਭਪਾਤਰੀ ਪਰਿਵਾਰਾਂ ਨੂੰ ਮਨਜ਼ੂਰ ਕਰਜ਼ਿਆਂ, ਲੰਬਿਤ ਸਮਾਜਿਕ-ਆਰਥਿਕ ਪਰੋਫਾਈਲਿੰਗ ਅਤੇ ਭਲਾਈ ਸਕੀਮਾਂ ਦੀ ਮਨਜ਼ੂਰੀ ਵਿੱਚ ਤੇਜ਼ੀ ਲਿਆਉਣਾ ਹੈ। ਸਟ੍ਰੀਟ ਵਿਕਰੇਤਾਵਾਂ ਦੇ ਜੀਵਨ ਵਿੱਚ ਸਕਾਰਾਤਮਕ ਤਬਦੀਲੀ ਲਈ ਇੱਕ ਉਤਪ੍ਰੇਰਕ ਵਜੋਂ ਕੰਮ ਕਰਨਾ ਜਾਰੀ ਰੱਖਦਾ ਹੈ। ਕੈਂਪ ਵਿੱਚ, ਸੱਠ ਤੋਂ ਵੱਧ ਸਟ੍ਰੀਟ ਵਿਕਰੇਤਾ ਜਿਨ੍ਹਾਂ ਨੇ ਕਰਜ਼ੇ ਲਈ ਅਪਲਾਈ ਕੀਤਾ ਸੀ, ਇਸ ਨੂੰ ਮਨਜ਼ੂਰੀ ਜਾਂ ਵੰਡਣ ਲਈ ਆਪਣੀਆਂ ਅਰਜ਼ੀਆਂ ਲੈ ਕੇ ਆਏ। ਕੈਂਪ ਨੂੰ ਸਫਲ ਬਣਾਉਣ ਲਈ ਯੋਗ ਵਿਕਰੇਤਾਵਾਂ ਦੀ ਸੋਸ਼ਲ ਪ੍ਰੋਫਾਈਲਿੰਗ ਵੀ ਕੀਤੀ ਗਈ

ਆਵਾਜ਼ਿ ਕੌਮ AWAZE QAUM International Newspaper & WEB TV

# ਮੁੱਖ ਮੰਤਰੀ ਦੇ ਦਫ਼ਤਰ ਇੰਚਾਰਜ ਚੇਅਰਮੈਨ ਘੁੱਲੀ ਨੇ ਹੈਮਰਥਰੋਂ ਵਿੱਚ ਜਿੱਤਿਆਂ ਗੋਲਡ ਮੈਡਲ



**ਧੂਰੀ ( ਰਣਜੀਤ ਸਿੰਘ ਪੇਧਨੀ )**-ਸੰਤ ਬਾਬਾ ਅਤਰ ਸਿੰਘ ਜੀ ਮਸਤੂਆਣਾ ਸਾਹਿਬ ਵਾਲਿਆਂ ਦੀ ਵਰੋਸਾਈ ਧਰਤੀ ਤੇ ਵੱਖ ਵੱਖ ਤਰ੍ਹਾਂ ਦੀਆਂ ਮਸਤੂਆਣਾ ਸਾਹਿਬ ਵਿਖੇ ਹੋਈਆਂ ਖੇਡਾਂ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਫ਼ਤਰ ਇੰਚਾਰਜ ਸ ਰਾਜਵੰਤ ਸਿੰਘ ਘੁੱਲੀ ਚੈਅਰਮੈਨ ਮਾਰਕੀਟ ਕਮੇਟੀ ਧੂਰੀ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ।ਇਸ ਮੌਕੇ ਚੋਣ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦਫਤਰ ਇੰਚਾਰਜ ਸ, ਰਾਜਵੰਤ ਸਿੰਘ ਗੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਨੇ ਕਿਹਾ ਕਿਪਹਿਲਾਂ ਪੰਜਾਬ ਸਰਕਾਰ ਵੱਲੋਂ ਖੇਡਾਂ ਵਤਨ ਪੰਜਾਬ ਦੀਆਂ ਚਲਾ ਕੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਦੇ ਲਈ ਵੱਡਾ ਉਪਰਾਲਾ ਕੀਤਾ ਗਿਆ ਸੀਅਤੇ ਹੁਣ ਸੰਤ ਬਾਬਾ ਅਤਰ ਸਿੰਘ ਮਸਤੂਆਣਾ ਸਾਹਿਬ ਅਕਾਲ ਅਕੈਡਮੀ ਵੱਲੋਂ ਵੱਖ-ਵੱਖ ਤਰ੍ਹਾਂ ਖੇਡਾਂ ਕਰਵਾਈਆਂ ਗਈਆਂ ਜਿਸ ਵਿੱਚ ਐਮਰ ਥਰੋ ਡਿਸਕਸ ਵਿੱਚ ਭਾਗ ਲੈਣ ਦਾ ਮੌਕਾ ਮਿਲਿਆ ਜਿਸ ਵਿੱਚ ਪਹਿਲਾ ਸਥਾਨ ਹਾਸਲ ਕਰਕੇ ਮਨ ਨੂੰ ਬਹੁਤ ਸਕੂਨ ਮਿਲਿਆ। ਇਸ ਮੌਕੇ ਏਸ਼ਅਨ ਚੈਪੀਅਨਸ਼ਿਪ ਵਿੱਚ ਗੋਲਡ ਮੈਡਲਿਸਟ ਸ,ਸੁਰਜੀਤ ਸਿੰਘ ਜਲੰਧਰ, ਆਪ ਆਗੂ ਪਰਮਜੀਤ ਸਿੰਘ ਕਾਂਝਲਾ, ਸਰਪੰਚ ਬਿੱਲਾ ਸਾਹੀਵਾਲ, ਮਨਜੀਤ ਸਿੰਘ ਚੰਗਾਲ ਹਾਜ਼ਰ ਸਨ।

# ਸਿੱਖ ਕਤਲੇਆਮ ਮਾਮਲੇ 'ਚ ਅਦਾਲਤ ਨੇ ਦੋ ਸਾਬਕਾ ਪੁਲਿਸ ਅਧਿਕਾਰੀਆਂ ਨੂੰ ਪੇਸ਼ੀ ਲਈ ਜਾਰੀ ਕੀਤਾ ਸੰਮਨ

ਨਵੀਂ ਦਿੱਲੀ 23 ਨਵੰਬਰ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਦੀ ਰੋਜ਼ ਐਵੇਨਿਊ ਅਦਾਲਤ ਨੇ ਦੋ ਸਾਬਕਾ ਪੁਲਿਸ ਅਧਿਕਾਰੀਆਂ ਨੂੰ ਨਵੰਬਰ 1984 ਵਿਚ ਹੋਏ ਸਿੱਖ ਕਤਲੇਆਮ ਦੇ ਪੁਲ ਬੰਗਸ਼ ਮਾਮਲੇ ਵਿੱਚ ਆਪਣੇ ਬਿਆਨ ਦਰਜ ਕਰਨ ਲਈ ਪੇਸ਼ ਹੋਣ ਲਈ ਸੰਮਨ ਜਾਰੀ ਕੀਤੇ। ਇਸ ਮਾਮਲੇ ਵਿੱਚ ਨਾਮਜਦ ਕਾਂਗਰਸੀ ਆਗੂ ਜਗਦੀਸ਼ ਟਾਈਟਲਰ ਅਦਾਲਤ ਅੰਦਰ ਵੀਡੀਓ ਕਾਨਫਰੰਸਿੰਗ ਰਾਹੀਂ ਪੇਸ਼ ਹੋਏ ਸਨ। ਸੀਬੀਆਈ ਵੱਲੋਂ ਵਿਸ਼ੇਸ਼ ਸੀਬੀਆਈ ਜੱਜ ਜਤਿੰਦਰ ਸਿੰਘ ਨੂੰ ਸੂਚਿਤ ਕੀਤਾ ਗਿਆ ਸੀ ਕਿ ਇਸਤਗਾਸਾ ਦੀ ਗਵਾਹ ਮਨਮੋਹਨ ਕੌਰ ਨੂੰ ਉਸ ਦੇ ਪਤੇ 'ਤੇ ਸੰਮਨ ਜਾਰੀ ਨਹੀਂ ਕੀਤੇ ਜਾ ਸਕਦੇ ਸਨ ਇਸ ਲਈ ਅਦਾਲਤ ਨੇ ਉਨ੍ਹਾਂ ਨੂੰ ਹੋਰ ਸਮਾਂ ਦੇ ਦਿੱਤਾ ਹੈ । ਤੇ ਨਾਲ ਹੀ ਅਦਾਲਤ ਵਲੋਂ ਇਸਤਗਾਸਾ ਪੱਖ ਦੇ ਹੋਰ ਗਵਾਹਾਂ ਧਰਮ ਚੰਦਰਸ਼ੇਖਰ ਅਤੇ ਰਵੀ ਸ਼ਰਮਾ ਨੂੰ ਵੀ ਅਗਲੀ ਤਰੀਕ 'ਤੇ ਤਲਬ ਕੀਤਾ ਗਿਆ ਹੈ। ਧਿਆਨਦੇਣ ਯੋਗ ਹੈ ਕਿ ਬੀਤੀ 12 ਨਵੰਬਰ ਨੂੰ ਅਦਾਲਤ ਵਿਚ ਬਾਦਲ ਸਿੰਘ ਜਿਸ ਨੂੰ 1984 ਦੇ ਸਿੱਖ ਕਤਲੇਆਮ ਦੌਰਾਨ ਗੁਰਦੁਆਰਾ ਪੁਲ ਬੰਗਸ਼ ਵਿਖੇ ਭੀੜ ਵੱਲੋਂ ਮਾਰ ਦਿੱਤਾ ਗਿਆ ਸੀ, ਦੀ ਵਿਧਵਾ ਬੀਬੀ ਲਖਵਿੰਦਰ ਕੌਰ ਦੀ ਜਿਰ੍ਹਾ ਦੀ ਰਿਕਾਰਡਿੰਗ ਪੂਰੀ ਹੋ ਗਈ ਸੀ । ਬਾਦਲ ਸਿੰਘ ਗੁਰਦੁਆਰਾ ਪੁਲ ਬੰਗਸ਼ ਵਿੱਚ ਰਾਗੀ ਸਿੰਘ ਵਜੋਂ ਨੌਕਰੀ ਕਰਦਾ ਸੀ। ਜਿਕਰਯੋਗ ਹੈ ਕਿ ਇਹ ਮਾਮਲਾ 1984 ਵਿੱਚ ਗੁਰਦੁਆਰਾ ਪੁਲ ਬੰਗਸ਼ ਵਿਖੇ ਤਿੰਨ ਸਿੱਖਾਂ ਦੇ ਕਤਲ ਨਾਲ ਜੁੜਿਆ ਹੋਇਆ ਹੈ। ਰੌਜ਼ ਐਵੇਨਿਊ ਦੀ ਅਦਾਲਤ ਨੇ 13 ਸਤੰਬਰ ਨੂੰ ਕਾਂਗਰਸੀ ਆਗੂ ਜਗਦੀਸ਼ ਟਾਈਟਲਰ ਖ਼ਿਲਾਫ਼ ਦੋਸ਼ ਆਇਦ ਕੀਤੇ ਸਨ ਅਤੇ ਸੀਬੀਆਈ ਨੇ ਮਈ 2023 ਵਿੱਚ ਕਾਂਗਰਸੀ ਆਗੂ ਜਗਦੀਸ਼ ਟਾਈਟਲਰ ਖ਼ਿਲਾਫ਼ ਸਪਲੀਮੈਂਟਰੀ ਚਾਰਜਸ਼ੀਟ ਦਾਖ਼ਲ ਕੀਤੀ ਸੀ। ਏਜੰਸੀ ਨੇ ਟਾਈਟਲਰ ਨੂੰ ਗ੍ਰਿਫਤਾਰ ਕੀਤੇ ਬਿਨਾਂ ਸਪਲੀਮੈਂਟਰੀ ਚਾਰਜ ਦਾਇਰ ਕਰ ਦਿੱਤਾ ਸੀ। ਅਦਾਲਤ ਨੇ ਚਾਰਜਸ਼ੀਟ ਦਾ ਨੋਟਿਸ ਲੈਂਦਿਆਂ ਉਸ ਨੂੰ ਤਲਬ ਕੀਤਾ ਸੀ ਜਿਸ ਉਪਰੰਤ ਅਦਾਲਤ ਵਿਚ ਪੇਸ਼ ਹੋਣ ਤੋਂ ਬਾਅਦ ਟਾਈਟਲਰ ਨੂੰ ਜ਼ਮਾਨਤ ਦੇ ਦਿੱਤੀ ਗਈ ਸੀ। ਚਲ ਰਹੇ ਮਾਮਲੇ ਦੀ ਅਗਲੀ ਸੁਣਵਾਈ ਅਦਾਲਤ ਅੰਦਰ 2 ਦਸੰਬਰ ਨੂੰ ਹੋਵੇਗੀ।



ਆਵਾਜ਼ਿ ਕੌਮ AWAZE QAUM International Newspaper & WEB TV

## ਗਗਨਦੀਪ ਸਿੰਘ ਨੇ ਭਾਈ ਮਨੀ ਸਿੰਘ ਦਾ ਇਤਿਹਾਸ ਵਿਗਾੜਣ ਦੀ ਕੀਤੀ ਕੋਸ਼ਿਸ਼

# ਲਖਵੀਰ ਸਿੰਘ ਮਹਾਲਮ ਨੇ ਪ੍ਰਸਾਸ਼ਨ ਅਧਿਕਾਰੀਆਂ ਨੂੰ ਸੌਂਪਿਆ ਮੰਗ ਪੱਤਰ



**ਫਿਰੋਜ਼ਪੁਰ, 23 ਨਵੰਬਰ (ਮਨੋਹਰ ਲਾਲ)**-ਲਖਵੀਰ ਸਿੰਘ ਪੁੱਤਰ ਮੰਗਲ ਸਿੰਘ ਵਾਸੀ ਪਿੰਡ ਮਹਾਲਮ ਤਹਿਸੀਲ ਅਤੇ ਜਿਲਾ ਫਿਰੋਜਪੁਰ ਦਾ ਰਹਿਣ ਵਾਲਾ ਹਾਂ ।ਮੈਂ ਪਿੰਡ ਮਹਾਲਮ ਤਹਿਸੀਲ ਜਿਲਾ ਫਿਰੋਜਪੁਰ ਦਾ ਪੱਕਾ ਵਸਨੀਕ ਹਾਂ ਅਤੇ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ, ਪੰਜਾਬ ਦਾ ਸਰਪ੍ਰਸਤ ਹਾਂ । ਗਗਨਦੀਪ ਸਿੰਘ ਜੋ ਕਿ ਹਰਿਆਣਾ ਸਟੇਟ ਦਾ ਰਹਿਣ ਵਾਲਾ ਹੈ, ਨੇ ਭਾਈ ਮਨੀ ਸਿੰਘ ਦਾ ਇਤਿਹਾਸ ਵਿਗਾੜਣ ਦੀ ਕੋਸ਼ਿਸ਼ ਕੀਤੀ ਸੀ । ਜਿਸ ਦੀ ਬਾਬਤ ਮੈਂ ਅਤੇ ਹੋਰ ਜਥੇਬੰਦੀਆਂ ਨੇ ਇਸ ਦੇ ਖਿਲਾਫ ਮਾਨਯੋਗ ਐਸ.ਐਸ.ਪੀ. ਫਿਰੋਜ਼ਪੁਰ, ਮਾਨਯੋਗ ਡਿਪਟੀ ਕਮਿਸ਼ਨਰ ਫਿਰੋਜਪੁਰ, ਮਾਨਯੋਗ ਇੱਕ ਪੀਰ ਮੁੱਖ ਮੰਤਰੀ ਪੰਜਾਬ, ਮਾਨਯੋਗ ਡੀ.ਜੀ.ਪੀ. ਪੰਜਾਬ ਪਾਸ ਦਰਖਾਸਤਾਂ ਦਿੱਤੀਆਂ ਸਨ, ਪਰ ਉਕਤ ਗਗਨਦੀਪ ਸਿੰਘ ਦੇ ਖਿਲਾਫ ਪ੍ਰਸ਼ਾਸਨ ਵਲੋਂ ਕੋਈ ਕਾਰਵਾਈ ਨਹੀਂ ਕੀਤੀ ਗਈ ।ਮੱਲ੍ਹੀਆਂ ਵੱਲੋਂ ਗੱਦੀਆਂ ਲਾ ਕੇ ਲੋਕਾਂ ਨੂੰ ਗੁੰਮਰਾਹ ਕੀਤਾ ਜਾ ਰਿਹਾ ਹੈ, ਜਿਸ ਦੀ ਬਾਬਤ ਵੀ ਅਸੀ ਡਿਪਟੀ ਕਮਿਸ਼ਨਰ ਸਾਹਿਬ ਫਿਰੋਜਪੁਰ, ਐਸ.ਐਸ.ਪੀ. ਸਾਹਿਬ ਫਿਰੋਜ਼ਪੁਰ ਪਾਸ ਦਰਖਾਸਤਾਂ ਦਿੱਤੀਆਂ ਸਨ, ਪਰ ਉਹਨਾਂ ਦਰਖਾਸਤਾਂ ਤੇ ਵੀ ਕੋਈ ਕਾਰਵਾਈ ਨਹੀਂ ਕੀਤੀ ਗਈ ।ਸੁਖਪ੍ਰੀਤ ਸਿੰਘ ਉਰਫ ਟੋਨੀ ਪੁੱਤਰ ਮੰਗਲ ਸਿੰਘ ਵਾਸੀ ਪਿੰਡ ਮਹਾਲਮ ਨੇ ਆਪਣੇ ਮਾਤਾ ਪਿਤਾ ਅਤੇ ਪਿੰਡ ਦੇ ਆਦਮੀਆਂ ਨਾਲ ਮਿਲੀ ਭੁਗਤ ਕਰਕੇ ਮੇਰੇ ਖਿਲਾਫ ਸ਼ੋਸ਼ਲ ਮੀਡੀਆ ਤੇ ਇੱਕ ਵੀਡੀਓ ਪਾਈ ਸੀ ਕਿ ਮੈਂ ਲਖਬੀਰ ਸਿੰਘ ਤੋਂ ਦੁਖੀ ਹੋ ਕੇ ਸੁਸਾਇਡ ਕਰਨ ਲੱਗਾ ਹਾਂ ।ਜਿਸ ਦੀ ਬਾਬਤ ਮੈਂ ਪੁਲਿਸ ਪ੍ਰਸ਼ਾਸ਼ਨ ਨੂੰ ਲਿਖਤੀ ਦਰਖਾਸਤ ਦਿੱਤੀ, ਪਰ ਪੁਲਿਸ ਨੇ ਕੋਈ ਕਾਰਵਾਈ ਨਹੀਂ ਕੀਤੀ ਅਤੇ ਮੈਂ ਆਪਣੇ ਸੋਰਸਾਂ ਰਾਹੀਂ ਸੁਖਪ੍ਰੀਤ ਸਿੰਘ ਉਰਫ ਟੋਨੀ ਦੀ ਭਾਲ ਕਰਵਾ ਕੇ ਉਸ ਨੂੰ ਪਿੰਡ ਰਟੋਲ ਥਾਨਾ ਜੀਰਾ ਜਿਲਾ ਫਿਰੋਜਪੁਰ ਦੇ ਗੁਰਦੁਆਰਾ ਸਾਹਿਬ ਵਿਚੋਂ ਲਿਆ ਕੇ ਉਸ ਨੂੰ ਥਾਨਾ ਆਰਿਫ ਕੇ ਦੀ ਪੁਲਿਸ ਦੇ ਹਵਾਲੇ ਕੀਤਾ, ਜਿਸ ਦੀ ਵੀਡੀਓ ਵੀ ਮੇਰੇ ਕੋਲ ਮੌਜੂਦ ਹੈ ।ਪਰ ਪੁਲਿਸ ਪ੍ਰਸ਼ਾਸਨ ਨੇ ਅੱਜ ਤੱਕ ਸੁਖਪ੍ਰੀਤ ਸਿੰਘ ਉਰਫ ਟੋਨੀ ਵਗੈਰਾ ਦੇ ਖਿਲਾਫ ਕੋਈ ਕਾਰਵਾਈ ਨਹੀਂ ਕੀਤੀ ।ਹੁਣ ਮਿਤੀ 1.11.2024 ਨੂੰ ਮੇਰੇ ਪਿੰਡ ਦੇ ਕੁਝ ਆਦਮੀ ਜ਼ੋ ਕਿ ਪਿੰਡ ਵਿੱਚ ਨਸ਼ੇ ਦੀ ਹਾਲਤ ਵਿੱਚ ਜੂਆ ਖੇਡ ਰਹੇ ਸਨ, ਨੇ ਮੈਨੂੰ ਰਾਤ ਕਰੀਬ 9:37 ਵਜੇ ਫੋਨ ਕਰਕੇ ਜਾਨੋ ਮਾਰਨ ਦੀਆਂ ਧਮਕੀਆਂ ਦਿੱਤੀਆ ਅਤੇ ਅਗਲੇ ਦਿਨ ਉਹਨਾਂ ਨੇ ਫਰਜੀ ਸੱਟਾਂ ਮਾਰ ਕੇ ਅਤੇ ਮੇਰੇ ਤੇ ਮੇਰੇ ਪਿੰਡ ਦੇ ਮੌਜੂਦਾ ਸਰਪੰਚ ਸੁਖਦੇਵ ਸਿੰਘ ਵਗੈਰਾ ਤੇ ਜੂਏ ਦੀ ਝੂਠੀ ਕਹਾਣੀ ਬਣਾ ਕੇ ਮੇਰੇ ਅਤੇ ਸਰਪੰਚ ਸੁਖਦੇਵ ਸਿੰਘ ਦੇ ਖਿਲਾਫ ਅਖਬਾਰਾਂ ਵਿੱਚ ਝੂਠੀਆਂ ਤੇ ਫਰਜੀ ਖਬਰਾਂ ਲਗਵਾਈਆਂ ਅਤੇ ਸਾਡੇ ਖਿਲਾਫ ਝੂਠੀ ਐਫ.ਆਈ.ਆਰ. ਨੰਬਰ 113/2024 ਥਾਨਾ ਆਰਿਫ ਕੇ ਦਰਜ ਕਰਵਾਈ ਹੈ ।ਮੈਂ ਇਸ ਝੂਠੇ ਮੁਕੱਦਮੇ ਦੀ ਪੜਤਾਲ ਕਰਵਾਉਣ ਲਈ ਦਰਖਾਸਤਾਂ ਦੇ ਚੁੱਕਾ ਹਾਂ, ਪਰ ਹਲਕਾ ਦਿਹਾਤੀ ਫਿਰੋਜਪੁਰ ਦਾ ਐਮ.ਐਲ.ਏ. ਰਜਨੀਸ਼ ਦਹੀਯਾ, ਚੌਂਕੀ ਇੰਚਾਰਜ ਚੁਗੱਤੇ ਵਾਲਾ ਰਣਜੀਤ ਸਿੰਘ ਮੇਰੀ ਕੋਈ ਸੁਣਵਾਈ ਨਹੀਂ ਹੋਣ ਦੇ ਰਹੇ ।ਸਮੇਂ ਸਮੇਂ ਸਿਰ ਜ਼ੋ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀਆਂ ਪੰਜਾਬ ਵਿੱਚ ਹੋ ਰਹੀਆਂ ਹਨ, ਉਹਨਾਂ ਮੁਲਜਮਾਂ ਦਾ ਪਤਾ ਲਗਾਉਣ ਵਿੱਚ ਪੁਲਿਸ ਅੱਜ ਤੱਕ ਨਾਕਾਮ ਰਹੀ ਹੈ ਅਤੇ ਪੁਲਿਸ ਵੱਲੋਂ ਕੋਈ ਮੈਂ ਪੁਲਿਸ ਪ੍ਰਸ਼ਾਸਨ ਤੋਂ ਦੋਸ਼ੀਆਂ ਖਿਲਾਫ ਕਾਰਵਾਈ ਵੀ ਤਫਤੀਸ਼ ਨਹੀਂ ਕੀਤੀ ਜਾ ਰਹੀ ਹੈ ।ਕਰਵਾਉਣ ਦੀ ਮੰਗ ਕਰਦਾ ਹਾਂ ।ਅਗਰ ਮਿਤੀ 24.11.2024 ਤੱਕ ਦੋਸ਼ੀਆਂ ਖਿਲਾਫ ਕਾਰਵਾਈ ਨਾ ਕੀਤੀ ਗਈ ਤਾਂ ਮੈਂ ਮਿਤੀ 25.11.2024 ਨੂੰ ਡੀ.ਸੀ. ਦਫਤਰ ਦੇ ਅੱਗੇ ਭੁੱਖ ਹੜਤਾਲ ਤੇ ਅਣਮਿੱਥੇ ਸਮੇਂ ਲਈ ਬੈਠਾਂਗਾ ।ਰਜਨੀ ਦਹੀਯਾ ਐਮ.ਐਲ.ਏ. ਹਲਕਾ ਦਿਹਾਤੀ ਫਿਰੋਜ਼ਪੁਰ ਪਹਿਲਾਂ ਵੀ ਸਾਡੇ ਪਿੰਡ ਦੇ ਮੋਹਤਬਰ ਆਦਮੀਆਂ ਤੇ ਝੂਠਾ ਮੁਕੱਦਮਾਂ ਦਰਜ ਕਰਵਾ ਚੁੱਕਾ ਹੈ ਅਤੇ ਇਹ ਸਮੇਂ ਸਮੇਂ ਤੇ ਮੇਰੇ ਖਿਲਾਫ ਝੂਠੀਆਂ ਕਹਾਣੀਆਂ ਬਨਾਉਂਦਾ ਹੈ ।ਜੇਕਰ ਮੈਨੂੰ ਭੁੱਖ ਹੜਤਾਲ ਤੇ ਬੈਠਿਆਂ ਕੋਈ ਨੁਕਸਾਨ ਹੁੰਦਾ ਹੈ ਤਾਂ ਸਿਵਲ ਪ੍ਰਸ਼ਾਸਨ, ਪੁਲਿਸ ਪ੍ਰਸ਼ਾਸਨ, ਐਮ.ਐਲ.ਏ. ਰਜਨੀਸ ਦਹੀਆਂ ਅਤੇ ਮੇਰੇ ਪਿੰਡ ਦੇ ਸਰਾਰਤੀ ਅਨਸਰ ਜਿੰਮੇਵਾਰ ਹੋਣਗੇ ।ਅੱਜ ਲਖਵੀਰ ਸਿੰਘ ਮਹਾਲਮ ਨੇ ਮੰਗ ਪੱਤਰ ਦਿੰਦਿਆਂ ਮੀਡੀਆਂ ਨਾਲ ਗੱਲਬਾਤ ਕਰਦਿਆਂ ਆਖਿਆ।ਜੇਕਰ ਪ੍ਰਸਾਸ਼ਨ ਇਸ ਮਸਲੇ ਤੇ ਕਾਰਵਾਈ ਨਹੀਂ ਕਰਦਾ ਤਾਂ ਮੈਂ 25 ਨਵੰਬਰ 2024 ਦਿਨ ਸੋਮਵਾਰ ਨੂੰ ਡੀਸੀ ਦਫਤਰ ਤੇ ਗੇਟ ਅੱਗੇ ਭੁੱਖ ਹੜਤਾਲ ਤੇ ਬੈਠਾਂਗਾ। ਇਸ ਮੌਕੇ ਸਰਪੰਚ ਸੁਖਦੇਵ ਸਿੰਘ ਮਹਾਲਮ, ਮੈਂਬਰ ਪੰਚਾਇਤ ਜਗਤਾਰ ਸਿੰਘ ਮਹਾਲਮ, ਮੈਂਬਰ ਗੁਰਚਰਨ ਸਿੰਘ, ਸ਼ਿੰਦਰ ਸਿੰਘ ਮੈਂਬਰ ਪੰਚਾਇਤ, ਹਰਮੇਸ਼ ਸਿੰਘ ਮੈਂਬਰ, ਕਸ਼ਮੀਰ ਸਿੰਘ ਮੈਂਬਰ, ਤਾਰਾ ਸਿੰਘ ਮੈਂਬਰ, ਦਲਵਿੰਦਰ ਸਿੰਘ ਸਾਬਕਾ ਸਰਪੰਚ, ਮੇਜਰ ਸਿੰਘ ਮਹਾਲਮ, ਅਮਰਜੀਤ ਸਿੰਘ ਮੈਂਬਰ, ਹਰਪਾਲ ਸਿੰਘ ਮਖੂ, ਭਾਈ ਬਲਕਾਰ ਸਿੰਘ ਇਲਮੇਵਾਲਾ, ਜਥੇਦਾਰ ਪ੍ਰੀਤਮ ਸਿੰਘ ਭਾਈ ਮਨੀ ਸਿੰਘ ਸੇਵਾ ਸੁਸਾਇਟੀ ਦੇ ਪ੍ਰਧਾਨ ਆਦਿ ਹਾਜ਼ਰ ਸਨ।

## ਪੀਐੱਚਐੱਫ ਲੀਜ਼ਿੰਗ ਲਿਮਟਿਡ ਕ੍ਰੇਡੀਫਿਨ ਬਣੀ ਨਵੇਂ ਨਾਮ ਤੇ ਲੋਗੋ ਨਾਲ ਹੋਈ ਨੈਸ਼ਨਲ ਕੰਪਨੀ ਨੇ

# ਆਪਣੇ ਕਾਰਪੋਰੇਟ ਹੈੱਡਕੁਆਰਟਰ ਨੂੰ ਦਿੱਲੀ-ਐਨਸੀਆਰ ਵਿੱਚ ਤਬਦੀਲ ਕੀਤਾ

**ਫਿਰੋਜ਼ਪੁਰ, 23 ਨਵੰਬਰ (ਮਨੋਹਰ ਲਾਲ)**-ਪੀਐੱਚਐੱਫ ਲੀਜ਼ਿੰਗ ਲਿਮਟਿਡ ਕ੍ਰੇਡੀਫਿਨ ਬਣੀ ਨਵੇਂ ਨਾਮ ਤੇ ਲੋਗੋ ਨਾਲ ਹੋਈ ਨੈਸ਼ਨਲ ਕੰਪਨੀ ਨੇ ਆਪਣੇ ਕਾਰਪੋਰੇਟ ਹੈੱਡਕੁਆਰਟਰ ਨੂੰ ਦਿੱਲੀ-ਐਨਸੀਆਰ ਵਿੱਚ ਤਬਦੀਲ ਕਰ ਦਿੱਤਾ ਹੈ ਤਾਂ ਜੋ ਪੂਰੇ ਭਾਰਤ ਵਿੱਚ ਆਪਣੇ ਵਧਦੇ ਗਾਹਕ ਅਧਾਰ ਨੂੰ ਬਿਹਤਰ ਢੰਗ ਨਾਲ ਸੇਵਾ ਦਿੱਤੀ ਜਾ ਸਕੇ। ਪੀਐੱਚਐੱਫ ਲੀਜ਼ਿੰਗ ਲਿਮਟਿਡ, ਮੈਟਰੋਪੋਲੀਟਨ ਸਟਾਕ ਐਕਸਚੇਂਜ ਵਿੱਚ ਸੂਚੀਬੱਧ ਇੱਕ ਗੈਰ-ਬੈਂਕਿੰਗ ਵਿੱਤ ਕੰਪਨੀ (ਐੱਨਬੀਐੱਫਸੀ) ਨੇ ਤੁਰੰਤ ਪ੍ਰਭਾਵ ਨਾਲ ਆਪਣਾ ਨਾਮ ਬਦਲ ਕੇ ਕ੍ਰੇਡੀਫਿਨ ਲਿਮਿਟਡ ਕਰ ਦਿੱਤਾ ਹੈ। ਕੰਪਨੀ ਨੇ ਆਪਣੇ ਕਾਰਪੋਰੇਟ ਹੈੱਡਕੁਆਰਟਰ ਨੂੰ ਦਿੱਲੀ-ਐਨਸੀਆਰ ਵਿੱਚ ਤਬਦੀਲ ਕਰ ਦਿੱਤਾ ਹੈ ਤਾਂ ਜੋ ਪੂਰੇ ਭਾਰਤ ਵਿੱਚ ਆਪਣੇ ਵਧਦੇ ਗਾਹਕ ਅਧਾਰ ਨੂੰ ਬਿਹਤਰ ਢੰਗ ਨਾਲ ਸੇਵਾ ਦਿੱਤੀ ਜਾ ਸਕੇ। ਨਾਮ ਬਦਲਣ ਦੇ ਨਾਲ, ਕਰੀਡੀਫਿਨ ਨੇ ਇੱਕ ਨਵਾਂ ਲੋਗੋ ਅਤੇ ਵੈੱਬਸਾਈਟ ਲਾਂਚ ਕੀਤਾ ਹੈ। 1998 ਵਿੱਚ ਸਥਾਪਿਤ ਅਤੇ ਭਾਰਤੀ ਰਿਜ਼ਰਵ ਬੈਂਕ ਨਾਲ ਰਜਿਸਟਰਡ, ਕ੍ਰੇਡੀਫਿਨ ਪਹਿਲੀ ਵਾਰ ਘਰ ਖਰੀਦਦਾਰਾਂ ਨੂੰ ਮੌਰਗੇਜ ਲੋਨ, ਜਾਇਦਾਦ ਦੇ ਵਿਰੁੱਧ ਲੋਨ (ਐੱਲਏਪੀ), ਐੱਮਐੱਸਐੱਮਈ ਵਪਾਰਕ ਕਰਜ਼ੇ ਅਤੇ ਇਲੈਕਟ੍ਰਿਕ ਵਾਹਨਾਂ ਲਈ ਵਿੱਤ ਪ੍ਰਦਾਨ ਕਰਦਾ ਹੈ, ਜਿਸ ਵਿੱਚ ਈ-ਰਿਕਸ਼ਾ, ਈ-ਲੋਡਰ ਅਤੇ 5੭ ਦੋ- ਵਹੀਲਰ ਮੈਂ ਮਾਹਰ ਹਾਂ ।ਕੰਪਨੀ ਲੌਜਿਸਟਿਕਸ ਅਤੇ ਟਰਾਂਸਪੋਰਟੇਸ਼ਨ ਵਰਗੇ ਖੇਤਰਾਂ ਵਿੱਚ ਇਲੈਕਟ੍ਰਿਕ ਵਾਹਨ ਅਪਣਾਉਣ ਨੂੰ ਉਤਸ਼ਾਹਿਤ ਕਰਨ ਲਈ ਵਚਨਬੱਧ ਹੈ। ਕ੍ਰੇਡੀਫਿਨ ਦੇ ਸੀ.ਈ.ਓ ਸ਼੍ਰੀ ਸ਼ੈਲਿਆ ਗੁਪਤਾ ਨੇ ਕਿਹਾ, "ਕ੍ਰੇਡੀਫਿਨ ਵਿੱਚ ਇਹ ਪਰਿਵਰਤਨ ਭਾਰਤ ਭਰ ਵਿੱਚ ਸੇਵਾ ਤੋਂ ਵਾਂਝੇ ਭਾਈਚਾਰਿਆਂ ਨੂੰ ਸਸ਼ਕਤ ਕਰਨ ਦੇ ਸਾਡੇ ਮਿਸ਼ਨ ਵਿੱਚ ਇੱਕ ਮਹੱਤਵਪੂਰਨ ਪਲ ਹੈ, ਸਾਡਾ ਨਵਾਂ ਨਾਮ ਗਾਹਕ-ਕੇਂਦ੍ਰਿਤਤਾ ਨੂੰ ਕਾਇਮ ਰੱਖਦੇ ਹੋਏ, ਸਾਡੇ ਮੂਲ ਮੁੱਲਾਂ ਨੂੰ ਦਰਸਾਉਂਦਾ ਹੈ। ਪਾਰਦਰਸ਼ਤਾ, ਮਹਿਲਾ ਸਸ਼ਕਤੀਕਰਨ ਅਤੇ ਸਥਿਰਤਾ ਵਿੱਚ ਕੋਈ ਬਦਲਾਅ ਨਹੀਂ ਹੈ। ਦਿੱਲੀ-ਐੱਨ.ਸੀ.ਆਰ. ਵਿੱਚ ਤਬਦੀਲ ਕਰਨਾ ਰਣਨੀਤਕ ਤੌਰ 'ਤੇ ਭਾਰਤ ਦੇ ਵਿੱਤੀ ਲੈਂਡਸਕੇਪ ਦੇ ਕੇਂਦਰ ਵਿੱਚ ਕ੍ਰੇਡੀਫਿਨ ਨੂੰ ਰੱਖੇਗਾ।ਸ਼੍ਰੀ ਗੁਪਤਾ ਨੇ ਕਿਹਾ, ਕ੍ਰੇਡੀਫਿਨ ਲਈ, ਅਸੀਂ ਮਨੁੱਖੀ ਪਹਿਲੇ ਅਤੇ ਟੈਕਨਾਲੋਜੀ ਦੂਜੇ ਨੰਬਰ 'ਤੇ ਹਾਂ, ਅਸੀਂ ਆਪਣੇ ਲੋਨ ਦੇ ਗਾਹਕਾਂ ਲਈ ਨਾ ਸਿਰਫ ਲੋਨ ਦੀ ਮਿਆਦ ਲਈ, ਸਗੋਂ ਉਹਨਾਂ ਦੀਆਂ ਰੋਜ਼ਾਨਾ ਵਿੱਤੀ ਲੋੜਾਂ ਨੂੰ ਪੂਰਾ ਕਰਨ ਲਈ ਵੀ ਵਚਨਬੱਧ ਹਾਂ।ਉਨ੍ਹਾਂ ਨੇ ਅੱਗੇ ਕਿਹਾ, "ਨਵਾਂ ਨਾਮ ਅਤੇ ਲੋਗੋ 'ਭਾਰਤ ਨਿਰਮਾਣ' ਪ੍ਰਤੀ ਸਾਡੀ ਵਚਨਬੱਧਤਾ ਨੂੰ ਦਰਸਾਉਂਦਾ ਹੈ ਅਤੇ ਸਾਡੇ ਲੋਗੋ ਵਿੱਚ ਉੱਪਰ ਵੱਲ ਤੀਰ ਭਾਰਤੀ ਬਾਜ਼ਾਰ ਨਾਲ ਸਾਡੇ ਸਬੰਧ ਅਤੇ ਗਾਹਕਾਂ ਨੂੰ ਉਨ੍ਹਾਂ ਦੇ ਵਿਕਾਸ ਦੇ ਸਫ਼ਰ ਵਿੱਚ ਸਸ਼ਕਤ ਬਣਾਉਣ ਲਈ ਸਾਡੇ ਸਮਰਪਣ ਨੂੰ ਦਰਸਾਉਂਦਾ ਹੈ।

# ਸ਼ਹੀਦਾਂ ਦੇ ਸਿਰਤਾਜ ਹਿੰਦ ਦੀ ਤੇ ਹਿੰਦੂ ਧਰਮ ਦੀ ਆਨ, ਮਾਨ, ਸ਼ਾਨ ਚਾਦਰ ਨੂੰ ਸੱਚੀ ਸੁੱਚੀ ਸ਼ਰਧਾਂਜ਼ਲੀ ਸ਼ਹੀਦਾਂ ਤੇ ਉਨ੍ਹਾਂ ਦੇ ਸੁਪਨਿਆਂ ਦਾ ਭਾਰਤ ਬਨਾਉਣ ਵਾਲੇ ਅਵਾਰਡ ਦੇ ਸਹੀ ਹੱਕਦਾਰ ਦੀ ਗੱਲ ਕਾਲੀਆਂ ਭੇਡਾਂ ਨੂੰ ਹਸ਼ਰ ਪੜਤਾਲ ਦੀ ਰਾਸ਼ਟਰਪਤੀ ਤੋਂ ਮੰਗ : ਪੀਸੀ ਕੁਮਾਰ



ਫਿਰੋਜ਼ਪੁਰ 23 ਨਵੰਬਰ (ਮਨੋਹਰ ਲਾਲ): ਰਾਸ਼ਟਰਪਤੀ ਜੀ ਇਹ ਗੱਲ ਹੈ ਇਨ੍ਹਾਂ ਸ਼ਹੀਦਾਂ ਨੂੰ ਮਿਲਣ ਵਾਲੇ ਅਵਾਰਡਾਂ ਤੇ ਭਾਰਤ ਦੇ ਰਤਨਾ ਤੇ ਉੱਚ ਅਹੁਦੇ ਤੇ ਬਿਰਾਜਮਾਨ ਰਾਸ਼ਟਰਪਤੀ ਅਵਾਰਡ ਦਾ ਜੋ ਅੱਜ ਨਿਰਪੱਖ ਅਜੇ ਸੀ ਤੋਂ ਕਮ ਪਸੰਦ, ਇੰਸਾ ਤੋਂ ਸੁਧਾਰ ਕਰਨ ਕਰਾਉਣ, ਉਥੇ ਪੜਤਾਲ ਜੋ ਸੱਚੇ ਸੁੱਚੇ ਘੁਟਾਲੇ ਵਿਚ ਅਵੱਲ ਘੋਟਾਲਾ ਕਰੋੜਾਂ ਤੋਂ ਵੀ ਕਿਤੇ ਵੱਡਾ ਇਕ ਨਹੀਂ। 70 ਸਾਲਾ ਤੋਂ ਚੱਲੇ ਆ ਰਹੇ ਹਰ ਸਾਲ ਅਨੇਕਾਂ ਜੋ ਸਾਲ ਦੀਆਂ ਮੁਲਾਜ਼ਮਾਂ ਸਟੇਟ, ਭਾਰਤ ਪੱਧਰ ਤੇ ਤਨਖਾਹ ਇਕ ਮਹੀਨੇ ਦੀਆਂ ਦਿੱਤੀਆਂ ਜਾ ਸਕਦੀਆਂ ਨਾਲ ਹੈ। ਜੋ ਅੱਜ ਸਹੀਦਾਂ ਦੇ ਰੂਪ ਵਿਚ ਕਾਲੀਆਂ ਭੇਡਾਂ ਬਣ ਜਨਤਾ ਨੂੰ ਲੁੱਟ ਰਹੇ ਹਨ ਹਸ਼ਰ ਹੋਣਗੇ। ਉਮੀਦਾਂ ਦੇ ਸਿਰ ਇਹ ਵਾਰ ਵਾਰ ਮੰਕ ਕਰਦਾ ਆ ਰਿਹਾ ਹੈ। ਭਾਰਤ ਦੇ ਉੱਚ ਮਾਨ ਸਨਮਾਨ ਜੋ ਰਾਸ਼ਟਰਪਤੀ ਦੇ ਨਾਮ ਨਾਲ ਜੋੜੇ ਗਏ ਹਨ, ਜਿਨ੍ਹਾਂ ਦਾ ਹੋ ਰਿਹਾ ਅਪਮਾਨ ਜਿਥੇ ਰਾਸ਼ਟਰਪਤੀ ਦੇ ਨਾਮ ਨੂੰ ਕਾਲਾ ਧੱਬਾ ਹੈ, ਉਥੇ ਸ਼ਹੀਦਾਂ ਦਾ ਪ੍ਰਮ ਸ਼ਹੀਦਾਂ ਜੋ ਉਨ੍ਹਾਂ ਦੇ ਸੁਪਨੇ ਸਾਕਾਰ ਕਰਨ ਭਾਰਤ ਬਨਾਉਣ ਲਈ ਅੱਜ ਇਨ੍ਹਾਂ ਮਾਨ ਸਨਮਾਨਾਂ ਦੇ ਮੁਥਾਜ ਨਹੀਂ, ਜਦਕਿ ਦੂਜੇ ਪਾਸੇ ਇਨ੍ਹਾਂ ਵਾਰਡਾਂ ਜੋ ਸਾਡੇ ਕੌਮ ਦੀ ਆਨ, ਮਾਨ, ਸ਼ਾਨ ਨੂੰ ਬਰਕਰਾਰ ਹੀ ਨਹੀਂ ਬਲਕਿ ਬੁਲੰਦੀਆਂ ਨੂੰ ਲੈ ਜਾਣ ਵਾਲੇ ਲੋਕ ਅੱਖੋਂ ਪਰੋਖੇ ਕਰ ਭੇੜੀਆਂ ਦੇ ਰੂਪ ਕਾਲੀਆਂ ਭੇਡਾਂ ਬਣ ਉਹੀ ਰਾਜੇ ਸਸੀ। ਮੁਕੱਦਮਕ ਤੇ ਵੋਟਾਂ ਦੀ ਰਾਜਨੀਤੀ ਦੇ ਨਾਲ ਰਲ ਹੇਕੜ ਅਧਿਕਾਰੀ ਕਰਮਚਾਰੀ ਮਨਮਾਨ ਬਗੈਰ ਕਾਇਦੇ ਕਾਨੂੰਨ ਮੋਮ ਦੀ ਨੱਕ ਕੁਟਰ ਦੀਆਂ ਖੁੱਲੀਆਂ ਦੁਕਾਨਾਂ ਨਾਲ ਸਾਠ ਗਾਠ ਕਰ ਮਿਲੀ।

# ਜਤਿੰਦਰ ਮੋਹਨ ਦੀ ਯਾਦ ਵਿੱਚ ਤੀਜਾ ਕਬੱਡੀ ਕੱਪ ਤੇ ਸੱਭਿਆਚਾਰ ਮੇਲਾ 24 ਨਵੰਬਰ ਨੂੰ




**ਫਿਰੋਜ਼ਪੁਰ, 23 ਨਵੰਬਰ (ਮਨੋਹਰ ਲਾਲ)**: ਫਿਰੋਜ਼ਪੁਰ ਦੇ ਸਮਾਜ ਸੇਵੀ ਜਤਿੰਦਰ ਮੋਹਨ ਸ਼ਰਮਾ ਕੁਕੂ ਪ੍ਰਧਾਨ ਦੀ ਯਾਦ ਵਿੱਚ ਤੀਜਾ ਕਬੱਡੀ ਕੱਪ ਅਤੇ ਸੱਭਿਆਚਾਰ ਪ੍ਰੋਗਰਾਮ ਪਿੰਡ ਵਸਦੀ ਵਕੀਲਾਂ ਵਾਲੀ ਫਿਰੋਜ਼ਪੁਰ ਤੋਂ ਮੱਲਾਂਵਾਲਾ ਰੋਡ ਤੇ 24 ਨਵੰਬਰ ਨੂੰ ਕਰਵਾਇਆ ਜਾ ਰਿਹਾ ਹੈ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਗੁਰ ਪਰਵੇਸ਼ ਸਿੰਘ ਉੱਪਲ ਸਰਪੰਚ ਰਣਧੀਰ ਸਿੰਘ ਸੰਧੂ ਅਤੇ ਮਨੂ ਸ਼ਰਮਾ ਨੇ ਦੱਸਿਆ ਕਿ ਦਿਨ ਬ ਦਿਨ ਵੱਧ ਰਹੇ ਨਸ਼ਿਆਂ ਦੀ ਬੁਰਾਈ ਨੂੰ ਰੋਕਣ ਲਈ ਨੌਜਵਾਨਾਂ ਵੱਲੋਂ ਤਹਈਆ ਕਰਕੇ ਲੋਕਾਂ ਨੂੰ ਜਾਗਰੂਕ ਕਰਨ ਲਈ ਇਹ ਕਬੱਡੀ ਕੱਪ ਅਤੇ ਸੱਭਿਆਚਾਰ ਪ੍ਰੋਗਰਾਮ ਕਰਵਾਇਆ ਜਾ ਰਿਹਾ ਹੈ ਜਿਸ ਦਾ ਮੁੱਖ ਮਕਸਦ ਹੈ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਅਤੇ ਹੋਰ ਬੁਰਾਈਆਂ ਤੋਂ ਦੂਰ ਰਹਿਣ ਲਈ ਸੰਦੇਸ਼ ਦਿੱਤਾ ਜਾਏਗਾ।ਉਹਨਾਂ ਨੇ ਕਿਹਾ ਕਿ ਇਸ ਸਮਾਗਮ ਦੀ ਸ਼ੁਰੂਆਤ ਪਹਿਲਾਂ ਸੱਭਿਆਚਾਰ ਪ੍ਰੋਗਰਾਮ ਨਾਲ ਕੀਤੀ ਜਾਵੇਗੀ ਜਿਸ ਵਿੱਚ ਪੰਜਾਬ ਦੇ ਜੋ ਪ੍ਰਸਿੱਧ ਗਾਇਕ ਆਪਣੇ ਗਾਇਕੀ ਨਾਲ ਦਰਸ਼ਕਾਂ ਦਾ ਮਨੋਰੰਜਨ ਕਰਨਗੇ। ਇਸ ਤੋਂ ਬਾਅਦ ਕਬੱਡੀ ਟੂਰਨਾਮੈਂਟ ਕਰਵਾਇਆ ਜਾਏਗਾ ਜਿਸ ਵਿੱਚ ਪੰਜਾਬ ਦੀਆਂ ਨਾਮਰ ਕਬੱਡੀ ਟੀਮਾਂ ਭਾਗ ਲੈਣਗੀਆਂ। ਇਸ ਮੌਕੇ ਰਾਜਨੀਤਿਕ ਆਗੂ, ਸਮਾਜਿਕ ਸੰਗਠਨਾਂ ਦੇ ਆਗੂ, ਉਹਦੇ ਧਾਰਮਿਕ ਸੰਸਥਾਵਾਂ ਦੇ ਆਗੂ ਪਹੁੰਚ ਰਹੇ ਹਨ ਜਿਨਾਂ ਦਾ ਮਾਨ ਸਨਮਾਨ ਵੀ ਕੀਤਾ ਜਾਵੇਗਾ।

# ਗੁਰਦੁਆਰਾ ਸ੍ਰੀ ਹਰਗੋਬਿੰਦਸਰ ਸਾਹਿਬ ਪਿੰਡ ਲੰਗੇਆਣਾ ਪੁਰਾਣਾ ਮੋਗਾ ਵਿਖੇ ਸਚਖੰਡ ਵਾਸੀ ਸੰਤ ਬਾਬਾ ਪ੍ਰਤਾਪ ਸਿੰਘ ਜੀ ਦੀ ਸੱਤਵੀਂ ਬਰਸੀ ਅਤੇ ਭਾਈ ਵੀਰ ਸਿੰਘ ਜੀ ਦੀ 20ਵੀਂ ਬਰਸੀ ਦੇ ਸਬੰਧ ਵਿਚ ਸਲਾਨਾ ਗੁਰਮਤਿ ਸਮਾਗਮ 30 ਨਵੰਬਰ ਨੂੰ: ਬਾਬਾ ਸਾਧੂ ਸਿੰਘ ਜੀ




ਫਿਰੋਜ਼ਪੁਰ, 23 ਨਵੰਬਰ (ਮਨੋਹਰ ਲਾਲ) : ਗੁਰਦੁਆਰਾ ਸ੍ਰੀ ਹਰਗੋਬਿੰਦਸਰ ਸਾਹਿਬ ਪਿੰਡ ਲੰਗੇਆਣਾ ਪੁਰਾਣਾ ਮੋਗਾ ਵਿਖੇ ਸੱਚਖੰਡ ਵਾਸੀ ਸੰਤ ਬਾਬਾ ਪ੍ਰਤਾਪ ਸਿੰਘ ਜੀ ਦੀ ਸੱਤਵੀਂ ਬਰਸੀ ਅਤੇ ਭਾਈ ਵੀਰ ਸਿੰਘ ਜੀ ਦੀ 20ਵੀਂ ਬਰਸੀ ਦੇ ਸਬੰਧ ਵਿਚ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ 30 ਨਵੰਬਰ ਨੂੰ ਸਲਾਨਾ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ। ਇਹ ਜਾਣਕਾਰੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਗੁਰਦੁਆਰਾ ਸ੍ਰੀ ਹਰਗੋਬਿੰਦਸਰ ਸਾਹਿਬ ਪਿੰਡ ਲੰਗੇਆਣਾ ਪੁਰਾਣਾ ਮੋਗਾ ਦੇ ਮੁੱਖ ਸੇਵਾਦਾਰ ਬਾਬਾ ਸਾਧੂ ਸਿੰਘ ਨੇ ਦੱਸਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦੇ ਸੇਵਕ ਭਾਈ ਮਰਦਾਨਾ ਜੀ ਦੇ 491ਵੇਂ ਸਚਖੰਡ ਗਮਨ ਦਿਹਾੜੇ ਨੂੰ ਸਮਰਪਿਤ ਸਚਖੰਡ ਵਾਸੀ ਸੰਤ ਬਾਬਾ ਪ੍ਰਤਾਪ ਸਿੰਘ ਜੀ ਦੀ ਸੱਤਵੀਂ ਬਰਸੀ ਅਤੇ ਭਾਈ ਵੀਰ ਸਿੰਘ ਜੀ ਦੀ 20ਵੀਂ ਬਰਸੀ ਦੇ ਸਬੰਧ ਵਿਚ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸਮੂਹ ਸਾਧ ਸੰਗਤ ਅਤੇ ਐਨ.ਆਰ.ਆਈ ਪਿੰਡ ਲੰਗੇਆਣਾ ਪੁਰਾਣਾ ਮੋਗਾ ਦੇ ਸਹਿਯੋਗ ਨਾਲ ਇਹ ਸਲਾਨਾ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ, ਭੋਗ ਉਪਰੰਤ ਦੀਵਾਨ ਸਜਾਏ ਜਾਣਗੇ, ਜਿਸ ਵਿਚ ਸਿੱਖ ਪੰਥ ਦੀਆਂ ਮਹਾਨ ਸਖਸ਼ੀਅਤਾਂ ਰਾਗੀ, ਢਾਡੀ, ਕਥਾਵਾਚਕ ਆਪਣੀ ਮਧੁਰ ਬਾਣੀ ਨਾਲ ਸੰਗਤਾਂ ਨੂੰ ਗੁਰ ਇਤਿਹਾਸ ਸੁਣਾ ਕੇ ਨਿਹਾਲ ਕਰਨਗੇ। ਇਸ ਮੌਕੇ ਤੇ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ, ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ, ਸਿੰਘ ਸਾਹਿਬ ਗਿਆਨੀ ਜ਼ਸਵੰਤ ਸਿੰਘ, ਸਿੰਘ ਸਾਹਿਬ ਭਾਈ ਜ਼ਸਬੀਰ ਸਿੰਘ, ਬਾਬਾ ਬੰਤਾ ਸਿੰਘ ਮੁੰਡਾ ਪਿੰਡ ਵਾਲੇ, ਗਿਆਨੀ ਬਲਵਿੰਦਰ ਸਿੰਘ ਹੈਡ ਗ੍ਰੰਥੀ ਗੁਰਦੁਆਰਾ ਜਨਮ ਅਸਥਾਨ ਰੋਡੇ, ਬਾਬਾ ਅਵਤਾਰ ਸਿੰਘ ਸਾਧਾਂ ਵਾਲੇ, ਗਿਆਨੀ ਗੁਰਮੀਤ ਸਿੰਘ ਖਡੂਰ ਸਾਹਿਬ ਵਾਲੇ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਸੰਤ, ਮਹਾਂਪੁਰਸ਼ ਪਹੁੰਚ ਰਹੇ ਹਨ। ਬਾਬਾ ਜੀ ਨੇ ਅੱਗੇ ਦੱਸਿਆ ਕਿ 30 ਨਵੰਬਰ ਨੂੰ ਹੀ ਬਹੁਤ ਭਾਰੀ ਅੰਮ੍ਰਿਤ ਸੰਚਾਰ ਹੋਵੇਗਾ, ਜ਼ੋ ਦੁਪਹਿਰੇ 2 ਵਜੇ ਤੱਕ ਹੋਵੇਗਾ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ। ਇਸ ਮੌਕੇ ਤੇ ਬਾਬਾ ਗੁਰਦਿਆਲ ਸਿੰਘ ਹੈਡ ਗ੍ਰੰਥੀ ਗੁਰਦੁਆਰਾ ਸ੍ਰੀ ਹਰੋਬਿੰਦਸਰ ਸਾਹਿਬ, ਪਿੰਡ ਲੰਗੇਆਣਾ ਪੁਰਾਣਾ ਮੋਗਾ, ਗਿਆਨੀ ਬਲਵਿੰਦਰ ਸਿੰਘ ਹੈਡ ਗ੍ਰੰਥੀ ਗੁਰਦੁਆਰਾ ਜਨਮ ਅਸਥਾਨ ਰੋਡੇ, ਭਾਈ ਰਣਜੀਤ ਸਿੰਘ ਲੰਗੇਆਣਾ ਨੇ ਵੀ ਸਹਿਯੋਗ ਦਿੱਤਾ। ਇਸ ਮੌਕੇ ਬਾਬਾ ਸਾਧੂ ਸਿੰਘ ਜੀ, ਗਿਆਨੀ ਈਸ਼ਰ ਸਿੰਘ, ਜੰਗ ਸਿੰਘ, ਰਣਜੀਤ ਸਿੰਘ, ਜਥੇਦਾਰ ਮਨਦੀਪ ਸਿੰਘ ਮੈਡੀਕਲ ਕਾਲਜ, ਕੁਲਵਿੰਦਰ ਸਿੰਘ ਕਿੰਦਰ, ਮਨਵਿੰਦਰ ਸਿੰਘ, ਗੁਰਮੀਤ ਸਿੰਘ, ਜਸਪ੍ਰੀਤ ਸਿੰਘ, ਕਰਮ ਸਿੰਘ ਅਖਾੜਾ, ਇੰਦਰਜੀਤ ਸਿੰਘ, ਸਰਬਜੀਤ ਸਿੰਘ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ) ਦੀ ਪ੍ਰੇਰਨਾ ਸਦਕਾ

www.nsycuk.com

ਸਾਲਾਨਾ ਯਾਤਰਾ 20 ਫਰਵਰੀ ਤੋਂ 12 ਮਾਰਚ 2025 ਤੱਕ

# ਪੰਜ ਤਖ਼ਤ ਸਾਹਿਬਾਨ ਅਤੇ ਹੋਰ ਇਤਿਹਾਸਕ ਗੁਰਦੁਆਰਿਆਂ ਦੀ ਸਾਲਾਨਾ ਯਾਤਰਾ


ਸ੍ਰੀ ਅਕਾਲ ਤਖ਼ਤ ਸਾਹਿਬ


ਤਖ਼ਤ ਸ੍ਰੀ ਪਟਨਾ ਸਾਹਿਬ


ਤਖ਼ਤ ਸ੍ਰੀ ਕੇਸਗੜ੍ਹ ਸਾਹਿਬ


ਤਖ਼ਤ ਸ੍ਰੀ ਦਮਦਮਾ ਸਾਹਿਬ


ਤਖ਼ਤ ਸ੍ਰੀ ਹਜ਼ੂਰ ਸਾਹਿਬ

## ਯਾਤਰਾ ਗੁਰਦੁਆਰਾ ਦੂਖ ਨਿਵਾਰਣ ਸਾਹਿਬ, ਗੁਰੂ ਤੇਗ ਬਹਾਦਰ ਨਗਰ, ਜਲੰਧਰ ਤੋਂ

20 ਫਰਵਰੀ 2025, ਦਿਨ ਵੀਰਵਾਰ ਨੂੰ ਸਵੇਰੇ ਠੀਕ 8 ਵਜੇ ਆਰੰਭ ਹੋਵੇਗੀ, ਸੰਗਤਾਂ ਸਵੇਰੇ 7.30 ਵਜੇ ਤੱਕ ਪਹੁੰਚਣ ਦੀ ਕਿਰਪਾ ਕਰਨ। 12 ਮਾਰਚ 2025, ਦਿਨ ਬੁੱਧਵਾਰ ਨੂੰ ਉਕਤ ਗੁਰਦੁਆਰਾ ਸਾਹਿਬ ਵਿਖੇ ਹੀ ਯਾਤਰਾ ਦੀ ਸਮਾਪਤੀ ਹੋਵੇਗੀ।



**ਬਾਹਰਲੇ ਦੇਸ਼ਾਂ ਤੋਂ ਜਾਣ ਵਾਲੇ ਯਾਤਰੀ ਦਾ ਖਰਚ 400 ਪੌਂਡ ਅਤੇ ਪੱਕੇ ਤੌਰ 'ਤੇ ਭਾਰਤ ਵਿਚ ਰਹਿ ਰਹੇ ਯਾਤਰੀ ਦਾ ਖਰਚਾ 20 ਹਜ਼ਾਰ ਰੁਪਏ ਹੈ**

ਸੀਮਤ ਸੀਟਾਂ ਜਲਦੀ ਬੁਕਿੰਗ ਕਰਵਾਉ ਜੀ

ਨੋਟ: ਵਿਦੇਸ਼ਾਂ ਤੋਂ ਸੰਗਤਾਂ ਆਪੋ-ਆਪਣੀਆਂ ਟਿਕਟਾਂ ਲੈ ਕੇ ਪੰਜਾਬ ਪਹੁੰਚਣਗੀਆਂ। ਯਾਤਰਾ ਏਅਰ ਕੰਡੀਸ਼ਨਰ ਕੋਚਾਂ ਵਿੱਚ ਕਰਵਾਈ ਜਾਵੇਗੀ। ਇੰਗਲੈਂਡ, ਅਮਰੀਕਾ, ਕੈਨੇਡਾ ਜਾਂ ਦੁਨੀਆਂ ਦੇ ਕਿਸੇ ਵੀ ਦੇਸ਼ ਵਿੱਚ ਰਹਿੰਦੇ ਸ਼ਰਧਾਲੂ ਇਸ ਯਾਤਰਾ ਵਿੱਚ ਜਾਲ ਲਈ ਸੰਪਰਕ ਕਰ ਸਕਦੇ ਹਨ। ਭਾਰਤ ਦੇ ਪੱਕੇ ਵਸਨੀਕ ਰਿਸ਼ਤੇਦਾਰਾਂ/ ਮਿੱਤਰਾਂ ਦੀ ਬੁਕਿੰਗ ਵੀ ਇੱਥੇ ਯੂ.ਕੇ. ਵਿੱਚ ਤੁਸੀਂ ਕਰਵਾ ਸਕਦੇ ਹੋ।

ਗੁ. ਸ੍ਰੀ ਗੁਰੂ ਤੇਗ ਬਹਾਦਰ, ਜਲੰਧਰ ਤੋਂ ਸ਼ੁਰੂਆਤ, ਗੁ. ਸ਼ਹੀਦ ਬੇਅੰਤ ਸਿੰਘ, ਗੁ. ਗੁਰੂ ਕਾ ਲਾਹੌਰ, ਗੁ. ਸੁਹੇਲਾ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਆਨੰਦਪੁਰ ਸਾਹਿਬ, ਬਾਉਲੀ ਸਾਹਿਬ, ਗੁ. ਨਾਢਾ ਸਾਹਿਬ, ਗੁ. ਸ੍ਰੀ ਕ੍ਰਿਪਾਲ ਸ਼ਿਲਾ, ਗੁ. ਸ੍ਰੀ ਪਾਉਂਟਾ ਸਾਹਿਬ, ਗੁ. ਦਸਤਾਰ ਅਸਥਾਨ, ਗੁ. ਭੰਗਾਣੀ ਸਾਹਿਬ, ਗੁ. ਤੀਰਗੜ੍ਹੀ ਸਾਹਿਬ, ਗੁ. ਨਾਨਕਮਤਾ ਸਾਹਿਬ, ਗੁ. ਬਾਬਾ ਅਲਮਸਤ ਸਾਹਿਬ, ਗੁ. ਭੰਡਾਰਾ ਸਾਹਿਬ, ਗੁ. ਦੁੱਧ ਵਾਲਾ ਖੂਹ, ਬਾਉਲੀ ਸਾਹਿਬ, ਗੁ. ਭਗਤ ਕਬੀਰ ਜੀ ਮਗਹਰ,ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਗੁ. ਗਊ ਘਾਟ, ਗੁ. ਤਾਕੀ ਸਾਹਿਬ, ਗੁ. ਗੁਰੂ ਕਾ ਬਾਗ ਪਟਨਾ ਸਾਹਿਬ, ਗੁ. ਕੰਗਣ ਘਾਟ, ਮਾਤਾ ਗੁਜਰੀ ਜੀ ਦਾ ਖੂਹ, ਗੁ. ਬਾਲ ਲੀਲ੍ਹਾ, ਗੁ. ਹਾਂਡੀ ਸਾਹਿਬ, ਗੁ. ਸ਼ੀਤਲ ਕੁੰਡ ਰਾਜਗੀਰ, ਗੁ. ਗਵਾਰੀ ਘਾਟ ਸਾਹਿਬ ਜੱਬਲਪੁਰ, ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਗੁ. ਰਤਨਗੜ੍ਹ ਸਾਹਿਬ, ਗੁ. ਨਾਨਕਸਰ, ਗੁ. ਸੰਗਤ ਸਾਹਿਬ, ਗੁ. ਮਾਤਾ ਸਾਹਿਬ ਦੇਵਾਂ ਜੀ, ਗੁ. ਅੰਗੀਠਾ ਸਾਹਿਬ ਸੰਤ ਬਾਬਾ ਨਿਧਾਨ ਸਿੰਘ ਜੀ-ਸੰਤ ਬਾਬਾ ਹਰਨਾਮ ਸਿੰਘ ਜੀ, ਗੁ. ਭਜਨਗੜ੍ਹ ਸਾਹਿਬ, ਗੁ. ਨਾਨਕ ਝੀਰਾ ਸਾਹਿਬ, ਗੁ. ਹੀਰਾ ਘਾਟ, ਗੁ. ਮਾਲਟੇਕੜੀ ਸਾਹਿਬ, ਗੁ. ਨਗੀਨਾ ਘਾਟ, ਗੁ. ਬੰਦਾ ਘਾਟ, ਦੇਹੁਰਾ ਭਗਤ ਨਾਮਦੇਵ ਜੀ, ਗੁ. ਬੜੀ ਸੰਗਤ ਸਾਹਿਬ ਬੁਰਹਾਨਪੁਰ, ਗੁ. ਦੱਖਣੀ ਓਅੰਕਾਰ ਸਾਹਿਬ, ਗੁ. ਸਾਹਿਬ ਬੇਟਮਾ ਇੰਦੌਰ, ਗੁ. ਦਾਤਾ ਬੰਦੀ ਛੋੜ ਗਵਾਲੀਅਰ, ਗੁ. ਦੂਖ ਨਿਵਾਰਨ ਸਾਹਿਬ ਆਗਰਾ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਭਾਈ ਡੱਲੇ ਦੀ ਹਵੇਲੀ, ਭੋਰਾ ਬਾਬਾ ਦੀਪ ਸਿੰਘ ਜੀ, ਗੁ. ਬਾਬਾ ਬੀਰ ਸਿੰਘ ਧੀਰ ਸਿੰਘ, ਗੁ. ਦਮਦਮਾ ਸਾਹਿਬ, ਗੁਰਦੁਆਰਾ ਬੁੰਗਾ ਮਸਤੂਆਣਾ, ਗੁਰੂਸਰ ਮਹਿਰਾਜ, ਗੁ. ਜ਼ਫ਼ਰਨਾਮਾ ਸਾਹਿਬ, ਗੁਰਦੁਆਰਾ ਟੁੱਟੀ ਗੰਢੀ ਸਾਹਿਬ, ਗੁ. ਤੰਬੂ ਸਾਹਿਬ ਸ੍ਰੀ ਮੁਕਤਸਰ ਸਾਹਿਬ, ਸ੍ਰੀ ਤਰਨਤਾਰਨ ਸਾਹਿਬ, ਛੇਹਰਟਾ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ ਜਲੰਧਰ ਵਾਪਸੀ ਹੋਵੇਗੀ ।

**ਯਾਤਰੂ ਟਰੈਵਲ ਇੰਸ਼ੋਰੈਂਸ ਖੁਦ ਜ਼ਰੂਰ ਕਰਵਾਉਣ। ਤੁਸੀਂ ਆਪਣੇ ਨਾਂਅ ਇੰਗਲੈਂਡ ਦੇ ਵੱਖ-ਵੱਖ ਸ਼ਹਿਰਾਂ ਵਿਚ ਵੀ ਸਾਡੇ ਸੇਵਾਦਾਰਾਂ ਨੂੰ ਦੇ ਸਕਦੇ ਹੋ। ਵਧੀਆ ਰਿਹਾਇਸ਼ ਅਤੇ ਮੁੱਢਲੀ ਡਾਕਟਰੀ ਸਹਾਇਤਾ ਦਾ ਖਾਸ ਪ੍ਰਬੰਧ ਕੀਤਾ ਜਾਂਦਾ ਹੈ।**

## ਗੁਰੂ ਪੰਥ ਦੇ ਦਾਸ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ


| | | | |
|---|---|---|---|
| ਭਾਈ ਰਘਵੀਰ ਸਿੰਘ ਮਾਲੜੀ ਨੋਟਿੰਘਮ | +44 7813953484 | ਭਾਈ ਅਮਰੀਕ ਸਿੰਘ ਤੂਰ ਡਰਬੀ | +44 7539243163 |
| ਭਾਈ ਰਘਵੀਰ ਸਿੰਘ ਵਾਲਸਾਲ | +44 7976210161 | ਬੀਬੀ ਜਸਵਿੰਦਰ ਕੌਰ ਥਾਂਦੀ ਕਵੈਂਟਰੀ | +44 7895666314 |
| ਭਾਈ ਬਲਜੀਤ ਸਿੰਘ ਕੰਗ | +44 7780605230 | ਭਾਈ ਕਪਤਾਨ ਸਿੰਘ ਵੁਲਵਰਹੈਂਪਟਨ | +44 7788283485 |


ਨੋਟ: ਕਿਸੇ ਜਥੇਬੰਦੀ ਜਾਂ ਨਿੱਜੀ ਲਾਭ ਦੀ ਬਜਾਇ ਇਸ ਯਾਤਰਾ ਕਮੇਟੀ ਦਾ ਗਠਨ ਸੰਗਤਾਂ ਦੀ ਸੇਵਾ ਲਈ ਕੀਤਾ ਗਿਆ ਹੈ, ਇਕੱਤਰ ਮਾਇਆ ਗੁਰਦੁਆਰਾ ਸਾਹਿਬਾਨ ਦੀ ਸੇਵਾ ਵਿੱਚ ਹੀ ਲਾਈ ਜਾਂਦੀ ਹੈ।


Nankana Sahib Yatra Committee U.K, 21 Hazel Ave, Littleover, Derby De23 7HA
www.nsycuk.com, E-Mail: nsycuk1469@gmail.com


ਪਿਛਲੇ ਸਾਲਾਂ ਦੀਆਂ ਯਾਤਰਾ ਤਸਵੀਰਾਂ ਦੇਖਣ ਲਈ ਸਾਡੇ ਫੇਸਬੁੱਕ ਪੇਜ Nankana Sahib Yatra Commitee UK ਅਤੇ ਵੈੱਬਸਾਈਟ ਤੇ ਜ਼ਰੂਰ ਜਾਉ ਜੀ